ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਚੋਣ ਜ਼ਾਬਤੇ ਮਗਰੋਂ 'ਆਪ' ਨੂੰ ਪਿੰਡਾਂ 'ਚ ਨਹੀਂ ਵੜਨ ਦੇਣਗੇ ਲੋਕ : ਢਿੱਲੋਂ 03

ਸਾਲ 2, ਅੰਕ 15 Ph (Mohali Office) : 0160-2990739; (M) : +91-98156-16078 ਵੀਰਵਾਰ, 15 ਅਕਤੂਬਰ 2026 ( 29 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

# ਪਰਵਿੰਦਰ ਸਿੰਘ ਝੋਟਾ ਦੇ 'ਕਾਤਲ' ਦੇ ਘਰ ਤੇ ਦੁਕਾਨ 'ਤੇ ਚੱਲਿਆ ਪੀਲ਼ਾ ਪੰਜਾ

**ਦੇਸ਼ ਪ੍ਰਦੇਸ਼** ਮਾਨਸਾ, 14 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪਰਵਿੰਦਰ ਸਿੰਘ ਝੋਟਾ ਦੇ ਕਥਿਤ ਕਾਤਲ ਅਸ਼ਵਨੀ ਕੁਮਾਰ ਦੇ ਘਰ ਤੇ ਦੁਕਾਨ ਨੂੰ ਅੱਜ ਮਾਨਸਾ ਵਿੱਚ ਢਾਹ ਦਿੱਤਾ ਗਿਆ ਹੈ। ਭੜਕੇ ਹੋਏ ਲੋਕਾਂ ਦੀ ਭੀੜ ਨੇ ਦੁਕਾਨ ਨੂੰ ਅੱਗ ਵੀ ਲਾ ਦਿੱਤੀ। ਸ਼ਹਿਰ ਵਿੱਚ ਹਾਲਾਤ ਲਗਾਤਾਰ ਤਣਾਅਪੂਰਨ ਬਣੇ ਹੋਏ ਹਨ। ਸ਼ਹਿਰ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਭਾਰੀ ਗਿਣਤੀ ਵਿੱਚ ਮੀਡੀਆ ਵੀ ਇਕੱਠਾ ਹੋ ਗਿਆ ਹੈ।

ਪਰਵਿੰਦਰ ਸਿੰਘ ਝੋਟਾ ਇਲਾਕੇ ਵਿੱਚ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਸਰਗਰਮ ਵਿਅਕਤੀ ਸਨ। ਉਹ ਨਸ਼ਿਆਂ ਦੀ ਕਥਿਤ ਵਿਕਰੀ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਦੇ ਸਨ ਅਤੇ ਇਸ ਸਬੰਧੀ ਵੀਡੀਓਜ਼ ਵੀ ਬਣਾਉਂਦੇ ਸਨ। 13 ਅਕਤੂਬਰ ਨੂੰ ਮਾਨਸਾ ਦੇ ਇੱਕ ਬਾਜ਼ਾਰ ਵਿੱਚ ਦਵਾਈਆਂ ਦੀ ਦੁਕਾਨ ਦੇ ਮਾਲਕ ਅਸ਼ਵਨੀ ਕੁਮਾਰ ਨਾਲ ਉਨ੍ਹਾਂ ਦੀ ਤਕਰਾਰ ਹੋ ਗਈ ਸੀ। ਇਹ ਵਿਵਾਦ ਕਥਿਤ ਤੌਰ 'ਤੇ ਨਸ਼ੀਲੀਆਂ ਦਵਾਈਆਂ ਦੀ ਵਿਕਰੀ ਦੇ ਮੁੱਦੇ ਨੂੰ ਲੈ ਕੇ ਹੋਇਆ ਸੀ। ਤਕਰਾਰ ਦੌਰਾਨ ਗੋਲੀ ਚੱਲਣ ਕਾਰਨ ਪਰਵਿੰਦਰ ਸਿੰਘ ਝੋਟਾ ਦੀ ਮੌਤ ਹੋ ਗਈ। ਇਸ ਘਟਨਾ ਵਿੱਚ ਉਨ੍ਹਾਂ ਦੇ ਚਾਰ ਸਾਥੀ ਵੀ ਜ਼ਖ਼ਮੀ ਹੋਏ ਸਨ।

ਦੱਸਿਆ ਗਿਆ ਕਿ ਝੋਟਾ ਉਸ ਸਮੇਂ ਫੇਸਬੁੱਕ ਲਾਈਵ ਵੀ ਕਰ ਰਹੇ ਸਨ। ਘਟਨਾ ਦੀ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਮਾਮਲੇ ਨੇ ਹੋਰ ਤੂਲ ਫੜ ਲਿਆ ਅਤੇ ਲੋਕਾਂ ਵਿੱਚ ਗੁੱਸਾ ਫੈਲ ਗਿਆ।

ਪਰਵਿੰਦਰ ਸਿੰਘ ਝੋਟਾ ਦੀ ਮੌਤ ਦੀ ਖ਼ਬਰ ਫੈਲਦਿਆਂ ਹੀ ਉਨ੍ਹਾਂ ਦੇ ਸਮਰਥਕ ਅਤੇ ਹੋਰ ਲੋਕ ਮਾਨਸਾ ਵਿੱਚ ਇਕੱਠੇ ਹੋਣ ਲੱਗੇ। ਲੋਕਾਂ ਨੇ ਮੁਲਜ਼ਮ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਰੋਕਣ ਦੀ ਮੰਗ ਕੀਤੀ। ਗੁੱਸੇ ਵਿੱਚ ਆਏ ਕੁਝ ਲੋਕਾਂ ਨੇ ਉਸ ਦਵਾਈਆਂ ਦੀ ਦੁਕਾਨ ਵਿੱਚ ਭੰਨ-ਤੋੜ ਕੀਤੀ, ਜਿੱਥੇ ਕਤਲ ਦੀ ਘਟਨਾ ਵਾਪਰੀ ਸੀ। ਦੁਕਾਨ ਨੂੰ ਅੱਗ ਲਾਉਣ ਦੀ ਕੋਸ਼ਿਸ਼ ਦੀਆਂ ਰਿਪੋਰਟਾਂ ਵੀ ਸਾਹਮਣੇ ਆਈਆਂ। ਇਸ ਦੌਰਾਨ ਹਾਲਾਤ ਵਿਗੜਨ ਦੇ ਖ਼ਦਸ਼ੇ ਕਾਰਨ ਪੁਲਿਸ ਨੂੰ ਵੱਡੀ ਗਿਣਤੀ ਵਿੱਚ ਮੁਲਾਜ਼ਮ ਤਾਇਨਾਤ ਕਰਨੇ ਪਏ।

ਇਸ ਮਾਮਲੇ ਨੇ ਸਿਰਫ਼ ਮਾਨਸਾ ਹੀ ਨਹੀਂ, ਸਗੋਂ ਪੰਜਾਬ ਦੇ ਹੋਰ ਹਿੱਸਿਆਂ ਵਿੱਚ ਵੀ ਨਸ਼ਿਆਂ ਦੀ ਸਮੱਸਿਆ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਬਾਰੇ ਚਰਚਾ ਛੇੜ ਦਿੱਤੀ ਹੈ। ਕਤਲ ਦੀ ਘਟਨਾ ਤੋਂ ਬਾਅਦ ਅਸ਼ਵਨੀ ਕੁਮਾਰ ਮੌਕੇ ਤੋਂ ਫ਼ਰਾਰ ਹੋ ਗਿਆ ਸੀ। ਪੁਲਿਸ ਨੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ। 14 ਅਕਤੂਬਰ ਨੂੰ ਸਾਹਮਣੇ ਆਈ ਜਾਣਕਾਰੀ ਅਨੁਸਾਰ, ਪੰਜਾਬ ਪੁਲਿਸ ਨੇ ਉਸ ਨੂੰ ਰਾਜਸਥਾਨ ਦੇ ਸਾਲਾਸਰ ਇਲਾਕੇ ਤੋਂ ਗ੍ਰਿਫ਼ਤਾਰ ਕਰ ਲਿਆ। ਪੁਲਿਸ ਅਨੁਸਾਰ, ਕਥਿਤ

ਬਾਕੀ ਸਫ਼ਾ 7 'ਤੇ

## ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ : ਸੀਐਮ ਮਾਨ

ਝੋਟਾ ਦੇ ਕਤਲ ਤੋਂ ਲਗਭਗ 24 ਘੰਟੇ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਇੱਕ ਬਿਆਨ ਜਾਰੀ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਜਾਂਚ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ ਅਤੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਜੇਕਰ ਕਤਲ ਪਿੱਛੇ ਕੋਈ ਸਾਜ਼ਿਸ਼ ਸਾਹਮਣੇ ਆਉਂਦੀ ਹੈ, ਤਾਂ ਇਸ ਵਿੱਚ ਸ਼ਾਮਲ ਲੋਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਮਾਨਸਾ ਵਿੱਚ ਵਾਪਰੀ ਇਸ ਘਟਨਾ ਨੂੰ ਬੇਹੱਦ ਮੰਦਭਾਗਾ ਕਰਾਰ ਦਿੰਦਿਆਂ ਮੁੱਖ ਮੰਤਰੀ ਨੇ ਝੋਟਾ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਅਤੇ ਭਰੋਸਾ ਦਿਵਾਇਆ ਕਿ ਇਸ ਮਾਮਲੇ ਵਿੱਚ ਦੋਸ਼ੀ ਪਾਏ ਜਾਣ ਵਾਲੇ ਹਰ ਵਿਅਕਤੀ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

# ਪਰਵਿੰਦਰ ਸਿੰਘ ਝੋਟਾ ਕਤਲ ਦੇ ਵਿਰੋਧ 'ਚ ਅੱਜ 'ਪੰਜਾਬ ਬੰਦ' ਦਾ ਸੱਦਾ

**ਦੇਸ਼ ਪ੍ਰਦੇਸ਼** ਮਾਨਸਾ, 14 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਵੱਖ-ਵੱਖ ਜਥੇਬੰਦੀਆਂ ਅਤੇ ਲੋਕਾਂ ਵੱਲੋਂ ਇੱਕ ਸਾਂਝੀ ਐਕਸ਼ਨ ਕਮੇਟੀ ਬਣਾਈ ਗਈ ਹੈ। ਕਮੇਟੀ ਨੇ ਇਸ ਘਟਨਾ ਦੇ ਵਿਰੋਧ ਵਿੱਚ 15 ਅਕਤੂਬਰ, ਵੀਰਵਾਰ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਹੈ। ਇਸ ਦੇ ਨਾਲ ਹੀ ਮਾਮਲੇ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਤੋਂ ਕਰਵਾਉਣ ਅਤੇ ਪਰਵਿੰਦਰ ਸਿੰਘ ਦੇ ਪੋਸਟਮਾਰਟਮ ਲਈ ਪੀਜੀਆਈ ਚੰਡੀਗੜ੍ਹ ਦੇ ਡਾਕਟਰਾਂ ਦਾ ਮੈਡੀਕਲ ਬੋਰਡ ਬਣਾਉਣ ਦੀ ਮੰਗ ਕੀਤੀ ਗਈ ਹੈ। ਕਮੇਟੀ ਨੇ ਦੋਸ਼ ਲਾਇਆ ਹੈ ਕਿ ਪਰਵਿੰਦਰ ਸਿੰਘ ਝੋਟਾ ਦਾ ਕਤਲ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਅਤੇ ਪੁਲਿਸ ਵਿਚਕਾਰ ਕਥਿਤ ਗੱਠਜੋੜ ਦਾ ਨਤੀਜਾ ਹੈ। ਹਾਲਾਂਕਿ ਇਹ ਕਮੇਟੀ ਵੱਲੋਂ ਲਾਏ ਗਏ ਦੋਸ਼ ਹਨ, ਜਿਨ੍ਹਾਂ ਦੀ ਸੁਤੰਤਰ ਜਾਂਚ ਰਾਹੀਂ ਪੁਸ਼ਟੀ ਹੋਣੀ ਬਾਕੀ ਹੈ। ਪਰਵਿੰਦਰ ਸਿੰਘ ਝੋਟਾ ਮਾਨਸਾ ਇਲਾਕੇ ਵਿੱਚ ਨਸ਼ਿਆਂ

ਖ਼ਿਲਾਫ਼ ਆਵਾਜ਼ ਉਠਾਉਣ ਲਈ ਜਾਣੇ ਜਾਂਦੇ ਸਨ। ਉਹ ਨਸ਼ਿਆਂ ਦੀ ਕਥਿਤ ਵਿਕਰੀ ਦੇ ਮਾਮਲਿਆਂ ਨੂੰ ਲੋਕਾਂ ਸਾਹਮਣੇ ਲਿਆਉਣ ਅਤੇ ਇਸ ਵਿਰੁੱਧ ਲੋਕਾਂ ਨੂੰ ਇਕੱਠਾ ਕਰਨ ਦੀ ਕੋਸ਼ਿਸ਼ ਕਰਦੇ ਰਹੇ ਸਨ। ਮਿਲੀ ਜਾਣਕਾਰੀ ਅਨੁਸਾਰ, 13 ਅਕਤੂਬਰ ਨੂੰ ਮਾਨਸਾ ਵਿੱਚ ਇੱਕ ਕੈਮਿਸਟ ਦੀ ਦੁਕਾਨ 'ਤੇ ਹੋਈ ਤਕਰਾਰ ਦੌਰਾਨ ਉਨ੍ਹਾਂ ਨੂੰ ਗੋਲੀ ਮਾਰ ਦਿੱਤੀ ਗਈ ਸੀ। ਇਸ ਘਟਨਾ ਵਿੱਚ ਉਨ੍ਹਾਂ ਦੇ ਚਾਰ ਸਾਥੀ ਵੀ ਜ਼ਖ਼ਮੀ ਹੋਏ ਸਨ। ਇਸ ਤੋਂ ਬਾਅਦ ਸ਼ਹਿਰ ਵਿੱਚ ਰੋਸ ਫੈਲ ਗਿਆ ਅਤੇ ਵੱਖ-ਵੱਖ ਜਥੇਬੰਦੀਆਂ ਨੇ ਇਨਸਾਫ਼ ਦੀ ਮੰਗ ਕਰਦਿਆਂ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਬਣਾਈ ਗਈ ਐਕਸ਼ਨ ਕਮੇਟੀ ਨੇ ਮਾਮਲੇ ਦੀ ਨਿਰਪੱਖ ਜਾਂਚ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਕਮੇਟੀ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਅਜਿਹੀ ਏਜੰਸੀ ਤੋਂ ਕਰਵਾਈ ਜਾਣੀ ਚਾਹੀਦੀ ਹੈ, ਜਿਸ 'ਤੇ ਸਾਰੇ ਪੱਖ ਭਰੋਸਾ ਕਰ ਸਕਣ।

ਕੀ ਨੇ ਕਮੇਟੀ ਦੀਆਂ ਮੁੱਖ ਮੰਗਾਂ...
ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਜਾਂਚ ਸੀਬੀਆਈ ਤੋਂ ਕਰਵਾਈ ਜਾਵੇ। ਪੋਸਟਮਾਰਟਮ ਪੀਜੀਆਈ ਚੰਡੀਗੜ੍ਹ ਦੇ ਡਾਕਟਰਾਂ ਦੇ ਮੈਡੀਕਲ ਬੋਰਡ ਤੋਂ ਕਰਵਾਇਆ ਜਾਵੇ। ਕਤਲ ਦੇ ਮਾਮਲੇ ਵਿੱਚ ਸ਼ਾਮਲ ਸਾਰੇ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਕਮੇਟੀ ਵੱਲੋਂ ਪੁਲਿਸ ਅਤੇ ਪ੍ਰਸ਼ਾਸਨ ਦੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਵੀ ਕਾਰਵਾਈ ਦੀ ਮੰਗ ਕੀਤੀ ਗਈ ਹੈ। ਕਮੇਟੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀਜੀਪੀ ਗੌਰਵ ਯਾਦਵ ਦੇ ਅਸਤੀਫ਼ਿਆਂ ਦੀ ਮੰਗ ਵੀ ਉਠਾਈ ਹੈ। ਐਕਸ਼ਨ ਕਮੇਟੀ ਨੇ ਐਲਾਨ ਕੀਤਾ ਹੈ ਕਿ ਜਦੋਂ ਤੱਕ ਉਸ ਦੀਆਂ ਮੁੱਖ ਮੰਗਾਂ ਪੂਰੀਆਂ ਨਹੀਂ

ਬਾਕੀ ਸਫ਼ਾ 7 'ਤੇ

# ਪੰਜਾਬ ਵਿੱਚ 154 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ : ਸੀਐਮ ਮਾਨ

## ਆਮ ਆਦਮੀ ਕਲੀਨਿਕਾਂ ਵਿੱਚ ਹੁਣ ਤੱਕ 6.48 ਕਰੋੜ ਲੋਕਾਂ ਦੀ ਓ.ਪੀ.ਡੀ. ਰਿਕਾਰਡ ਕੀਤੀ : ਸੀਐਮ ਮਾਨ

**ਦੇਸ਼ ਪ੍ਰਦੇਸ਼** ਚੱਬੇਵਾਲ, 14 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 154 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਸੂਬੇ ਵਿੱਚ ਕਲੀਨਿਕਾਂ ਦੀ ਕੁੱਲ ਗਿਣਤੀ 1,244 ਹੋ ਗਈ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀ ਤਰਜੀਹ ਨਾਅਰਿਆਂ ਦੀ ਰਾਜਨੀਤੀ ਕਰਨ ਦੀ ਬਜਾਏ ਮਿਆਰੀ ਸਿਹਤ ਸੰਭਾਲ, ਸਿੱਖਿਆ ਅਤੇ ਰੋਜ਼ਗਾਰ ਪ੍ਰਦਾਨ ਕਰਨਾ ਹੈ। ਚੱਬੇਵਾਲ ਦੇ ਪਿੰਡ ਹਰਖੋਵਾਲ ਵਿਖੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਕਲੀਨਿਕਾਂ ਵਿੱਚ 6.48 ਕਰੋੜ ਤੋਂ ਵੱਧ ਓ.ਪੀ.ਡੀ. ਅਤੇ 54.20 ਲੱਖ ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਦੀ ਸਿਹਤ ਯੋਜਨਾ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਲੋਕਾਂ ਨੂੰ ਸੁਚੇਤ ਕੀਤਾ ਕਿ ਸਰਕਾਰ ਬਦਲਣ ਨਾਲ ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ ਸਤਿਕਾਰ ਯੋਜਨਾ ਸਮੇਤ ਹੋਰ ਕਲਿਆਣਕਾਰੀ ਪਹਿਲਕਦਮੀਆਂ ਖ਼ਤਰੇ ਵਿੱਚ ਪੈ ਸਕਦੀਆਂ ਹਨ। ਐਕਸ 'ਤੇ ਵਿਚਾਰ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਅਸੀਂ ਪੰਜਾਬ ਦੇ ਲੋਕਾਂ ਨੂੰ 154 ਨਵੇਂ ਆਮ ਆਦਮੀ ਕਲੀਨਿਕ ਸਮਰਪਿਤ ਕੀਤੇ ਹਨ। ਇਨ੍ਹਾਂ ਕਲੀਨਿਕਾਂ ਦਾ ਉਦਘਾਟਨ ਚੱਬੇਵਾਲ ਦੇ ਪਿੰਡ ਹਰਖੋਵਾਲ ਵਿਖੇ ਵਿਸ਼ਾਲ ਜਨਤਕ ਰੈਲੀ ਦੌਰਾਨ ਕੀਤਾ ਗਿਆ। ਇਸ ਨਾਲ ਪੰਜਾਬ ਵਿੱਚ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ 1,244 ਹੋ ਗਈ ਹੈ। ਹੁਣ ਤੱਕ ਇਨ੍ਹਾਂ ਕਲੀਨਿਕਾਂ ਵਿੱਚ 6.5 ਕਰੋੜ ਤੋਂ ਵੱਧ ਓ.ਪੀ.ਡੀ. ਦਰਜ ਕੀਤੀ ਗਈ ਹੈ ਅਤੇ ਇਨ੍ਹਾਂ ਮਰੀਜ਼ਾਂ ਨੇ ਮੁਫ਼ਤ ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਪ੍ਰਾਪਤ ਕੀਤੀ ਹੈ। ਸਾਡੀ ਸਰਕਾਰ ਦਾ ਮਿਸ਼ਨ ਲੋਕਾਂ ਤੋਂ ਜਿੱਤ ਜਾਂ ਹਾਰ ਦੇ ਨਾਅਰੇ ਲਵਾਉਣਾ ਨਹੀਂ, ਸਗੋਂ ਹਰ ਨਾਗਰਿਕ ਨੂੰ ਮਿਆਰੀ ਸਿਹਤ ਸੇਵਾਵਾਂ, ਸਿੱਖਿਆ ਅਤੇ ਰੋਜ਼ਗਾਰ ਯਕੀਨੀ ਬਣਾਉਣਾ ਹੈ। ਰਵਾਇਤੀ ਸਿਆਸੀ ਪਾਰਟੀਆਂ ਨੇ ਸਿਰਫ਼ ਪੰਜਾਬ ਨੂੰ ਲੁੱਟਿਆ ਹੈ। ਉਹ ਸਾਨੂੰ ਬਦਨਾਮ ਕਰਨ ਲਈ ਭਾਵੇਂ ਕਿੰਨੇ ਵੀ ਹੱਥਕੰਡੇ ਅਪਣਾ ਲੈਣ, ਪਰ ਜਦੋਂ ਤੱਕ ਮੇਰੇ ਕੋਲ ਲੋਕਾਂ ਦਾ ਪਿਆਰ ਅਤੇ ਵਿਸ਼ਵਾਸ ਹੈ, ਮੈਨੂੰ ਉਨ੍ਹਾਂ ਤੋਂ ਡਰਨ ਦੀ ਕੋਈ ਲੋੜ ਨਹੀਂ ਹੈ। ਇਨਕਲਾਬ ਜ਼ਿੰਦਾਬਾਦ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਅਸੀਂ ਪੰਜਾਬ ਦੇ ਲੋਕਾਂ ਨੂੰ 154 ਹੋਰ ਆਮ ਆਦਮੀ ਕਲੀਨਿਕ ਸਮਰਪਿਤ ਕੀਤੇ ਹਨ, ਜਿਸ ਨਾਲ ਇਨ੍ਹਾਂ ਕਲੀਨਿਕਾਂ ਦੀ ਕੁੱਲ ਗਿਣਤੀ 1,244 ਹੋ ਗਈ ਹੈ। ਨਵੇਂ ਸਮਰਪਿਤ ਕੀਤੇ ਗਏ ਕਲੀਨਿਕਾਂ ਵਿੱਚੋਂ 36 ਅੰਮ੍ਰਿਤਸਰ ਵਿੱਚ, 26 ਪਟਿਆਲਾ ਵਿੱਚ, 17 ਲੁਧਿਆਣਾ ਵਿੱਚ, 12 ਗੁਰਦਾਸਪੁਰ ਵਿੱਚ, 11 ਜਲੰਧਰ ਵਿੱਚ ਅਤੇ 10 ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਜ਼ਿਲ੍ਹੇ ਵਿੱਚ ਹਨ, ਇਸ ਤੋਂ ਇਲਾਵਾ ਬਾਕੀ ਜ਼ਿਲ੍ਹਿਆਂ ਵਿੱਚ ਵੀ ਕਲੀਨਿਕ ਸਥਾਪਤ ਕੀਤੇ ਗਏ ਹਨ। ਇਹ ਕਲੀਨਿਕ 107 ਦਵਾਈਆਂ ਅਤੇ 47 ਤਰ੍ਹਾਂ ਦੇ ਡਾਇਗਨੌਸਟਿਕ ਟੈਸਟ ਬਿਲਕੁਲ ਮੁਫ਼ਤ ਮੁਹੱਈਆ ਕਰਵਾਉਂਦੇ ਹਨ ਤਾਂ ਜੋ ਲੋਕਾਂ ਨੂੰ ਬਿਨਾਂ ਕਿਸੇ ਵਿੱਤੀ ਮੁਸ਼ਕਲ ਦੇ ਜ਼ਰੂਰੀ ਸਿਹਤ ਸੇਵਾਵਾਂ ਮਿਲ ਸਕਣ। ਇਸ ਉਪਰਾਲੇ ਪ੍ਰਤੀ ਲੋਕਾਂ ਦੇ ਵਧ ਰਹੇ ਹੁੰਗਾਰੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਵਿੱਚ ਪਹਿਲਾਂ ਤੋਂ ਕੰਮ ਕਰ ਰਹੇ 1,090 ਆਮ ਆਦਮੀ ਕਲੀਨਿਕਾਂ ਨੇ ਸਰਕਾਰੀ ਸਿਹਤ ਸੈਸਥਾਵਾਂ ਵਿੱਚ ਲੋਕਾਂ ਦਾ ਵਿਸ਼ਵਾਸ ਵਧਾਇਆ ਹੈ। ਰੋਜ਼ਾਨਾ ਲਗਭਗ ਇਕ ਲੱਖ ਲੋਕ ਇਲਾਜ ਲਈ ਇਨ੍ਹਾਂ ਕਲੀਨਿਕਾਂ ਵਿੱਚ ਆਉਂਦੇ ਹਨ ਅਤੇ ਹੁਣ ਤੱਕ ਕੁੱਲ 6.48 ਕਰੋੜ ਲੋਕਾਂ ਦੀ ਓ.ਪੀ.ਡੀ. ਦਰਜ ਕੀਤੀ ਜਾ ਚੁੱਕੀ ਹੈ। ਇਹ ਇਸ ਗੱਲ ਦਾ ਪ੍ਰਤੀਕ ਹੈ ਕਿ ਲੋਕਾਂ ਨੇ ਇਨ੍ਹਾਂ ਸਹੂਲਤਾਂ ਵਿੱਚ ਕਿੰਨਾ ਵੱਡਾ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਕਲੀਨਿਕਾਂ ਵਿੱਚ ਆਉਣ ਵਾਲੇ ਮਰੀਜ਼ਾਂ ਵਿੱਚੋਂ 1.98 ਕਰੋੜ ਮਰੀਜ਼ ਵਿਸ਼ੇਸ਼ ਬਿਮਾਰੀਆਂ ਤੋਂ ਪੀੜਤ ਸਨ, ਜਦੋਂ ਕਿ 3.63 ਕਰੋੜ ਡਾਇਗਨੌਸਟਿਕ ਟੈਸਟ ਮੁਫ਼ਤ ਕੀਤੇ ਗਏ ਹਨ। ਇਹ ਸਹੂਲਤਾਂ ਮੈਡੀਕਲ ਸਲਾਹ, ਦਵਾਈਆਂ ਅਤੇ ਜਾਂਚ ਸੇਵਾਵਾਂ ਬਿਨਾਂ ਕਿਸੇ ਵਾਧੂ ਖਰਚੇ ਦੇ ਯਕੀਨੀ ਬਣਾ ਕੇ ਪਰਿਵਾਰਾਂ ਨੂੰ ਵੱਡੀ ਵਿੱਤੀ ਰਾਹਤ ਦੇ ਰਹੀਆਂ ਹਨ। ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੀ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨ

# ਸ਼੍ਰੋਮਣੀ ਅਕਾਲੀ ਵੱਲੋਂ ਪੰਜਾਬ ਬੰਦ ਦਾ ਪੂਰਨ ਸਮੱਰਥਨ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੇਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ -ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸੀਨੀਅਰ ਲੀਡਰਸ਼ਿਪ ਦੀ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਨਸ਼ਿਆਂ ਖਿਲਾਫ ਆਪਣੀ ਜਾਨ ਗੁਆਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਵਿਰੋਧ ਵਿੱਚ 15 ਅਕਤੂਬਰ ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੂਰਨ ਸਮੱਰਥਨ ਦੇਣ ਦਾ ਐਲਾਨ ਕੀਤਾ ਗਿਆ। ਇਸ ਸਬੰਧੀ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਵਿਧਾਨ ਸਭਾ ਹਲਕਾ ਸਮਰਾਲਾ ਤੋਂ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਨੇ ਦੱਸਿਆ ਕਿ ਕੱਲ ਦੇ ਪੰਜਾਬ ਬੰਦ ਸਬੰਧੀ ਹਲਕਾ ਸਮਰਾਲਾ ਦੀ ਸੀਨੀਅਰ ਲੀਡਰਸ਼ਿਪ ਦੀ ਮੀਟਿੰਗ ਦੌਰਾਨ ਮਤਾ ਪਾਸ ਕੀਤਾ ਗਿਆ ਕਿ ਪਰਵਿੰਦਰ ਸਿੰਘ ਝੋਟਾ ਜੋ ਪਿਛਲੇ ਕਾਫੀ ਅਰਸੇ ਤੋਂ ਨਸ਼ਿਆਂ ਖਿਲਾਫ ਲੜ੍ਹਦਾ ਆ ਰਿਹਾ ਸੀ ਦਾ ਬੀਤੀ ਕੱਲ ਇੱਕ ਨਸ਼ਾ ਵੇਚਣ ਵਾਲੇ ਦਵਾਈਆਂ ਵੇਚਣ ਵਾਲੇ ਦੁਕਾਨਦਾਰ ਵੱਲੋਂ ਸ਼ਰੇਆਮ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਨੂੰ ਇਨਸਾਫ ਦਿਵਾਉਣ ਲਈ ਉਸਦੇ ਪਿਤਾ

**• ਸਮੂਹ ਦੁਕਾਨਦਾਰਾਂ ਅਤੇ ਵਪਾਰਕ ਅਦਾਰਿਆਂ ਨੂੰ ਪੰਜਾਬ ਬੰਦ ਸ਼ਾਮਲ ਹੋਣ ਦੀ ਅਪੀਲ !**

ਵੱਲੋਂ ਪੰਜਾਬ ਦੇ ਮੁੱਖ ਮੰਤਰੀ ਦੇ ਅਸਤੀਫੇ ਦੀ ਮੰਗ, ਡੀ. ਜੀ. ਪੀ. ਪੰਜਾਬ ਦੇ ਅਸਤੀਫੇ ਦੀ ਮੰਗ ਅਤੇ ਇਸ ਕਤਲ ਦੀ ਸੀ. ਬੀ. ਆਈ. ਤੋਂ ਉੱਚ ਪੱਧਰੀ ਜਾਂਚ ਕਰਾਉਣ ਲਈ 15 ਅਕਤੂਬਰ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ, ਜਿਸ ਦਾ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਸਮੱਰਥਨ ਕਰਦਾ ਹੈ। ਢਿੱਲੋਂ ਨੇ ਅੱਗੇ ਕਿਹਾ ਕਿ ਹੁਣ ਪੰਜਾਬ ਵਿੱਚ ਲਾਅ ਐਂਡ ਆਰਡਰ ਨਾਂ ਦੀ ਕੋਈ ਚੀਜ ਹੈ ਨਹੀਂ, ਨਸ਼ਾ ਤਸਕਰ ਸ਼ਰੇਆਮ ਅਸਲੇ ਨਾਲ ਗੋਲੀਆਂ ਚਲਾ ਕੇ ਵਿਰੋਧ ਕਰਨ ਵਾਲਿਆਂ ਦਾ ਕਤਲ ਕਰ ਰਹੇ ਹਨ। ਜਦੋਂ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਿਆਂ ਖਿਲਾਫ ਯੁੱਧ ਚਲਾਉਣ ਦਾ ਡਰਾਮਾ ਕਰ ਰਹੀ ਹੈ, ਜਦੋਂ ਕਿ ਪਹਿਲਾਂ ਨਾਲੋਂ ਵੀ ਵੱਧ ਅਤੇ ਸ਼ਰੇਆਮ ਨਸ਼ਾ ਵਿਕ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਸਮੂਹ ਦੁਕਾਨਦਾਰ, ਵਪਾਰਕ ਅਦਾਰੇ ਅਤੇ ਆਮ ਲੋਕ ਪੰਜਾਬ ਬੰਦ ਦਾ ਪੂਰਾ ਸਾਥ ਦੇਣ, ਤਾਂ ਜੋ ਅੰਨ੍ਹੀ ਬੋਲੀ ਹੋ ਚੁੱਕੀ ਪੰਜਾਬ ਸਰਕਾਰ ਨੂੰ ਹਲੂਣਾ ਦਿੱਤਾ ਜਾਵੇ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਜਿਨ੍ਹਾਂ ਕੋਲ ਗ੍ਰਹਿ ਮੰਤਰਾਲਾ ਵੀ ਹੈ, ਆਪਣੀ ਨਿੱਜੀ ਜਿੰਮੇਵਾਰੀ ਸਮਝਦੇ ਹੋਏ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਹਰਜਿੰਦਰ ਸਿੰਘ ਪਵਾਤ, ਹਰਦੀਪ ਸਿੰਘ ਬਹਿਲੋਲਪੁਰ, ਅਮਰੀਕ ਸਿੰਘ ਹੇੜੀਆਂ, ਪਰਮਜੀਤ ਕੌਰ ਕੰਗ ਪ੍ਰਧਾਨ ਲੇਡੀਜ ਵਿੰਗ ਹਲਕਾ ਸਮਰਾਲਾ, ਪ੍ਰਕਾਸ਼ ਕੌਰ ਸਾਬਕਾ ਐਮ. ਸੀ., ਕੁਲਦੀਪ ਸਿੰਘ ਜਾਤੀਵਾਲ, ਸੁਰਜੀਤ ਸਿੰਘ ਪੂਰਬਾ, ਕੈਪਟਨ ਹਰਜਿੰਦਰ ਸਿੰਘ, ਜਸਪਾਲ ਸਿੰਘ ਜੱਜ, ਬੇਅੰਤ ਸਿੰਘ ਬਲਾਲਾ, ਮਹਿੰਦਰ ਸਿੰਘ ਈਸਾਪੁਰ, ਦੇਸਰਾਜ ਸਿੰਘ ਰਹੀਮਾਬਾਦ, ਦਲਵੀਰ ਸਿੰਘ ਕੰਗ, ਨਵਜੋਤ ਸਿੰਘ ਸਿੱਧੂ, ਇੰਦਰਪਾਲ ਸਿੰਘ ਨਾਗਰਾ ਆਦਿ ਹਾਜਰ ਸਨ।

## ਮਾਨਸਾ ਵਿਖੇ ਸਮਾਜ ਸੇਵੀ ਝੋਟਾ ਦੇ ਕਤਲ ਨੇ ਪੰਜਾਬ ਸਰਕਾਰ ਨੂੰ ਨੰਗਿਆਂ ਕਰਕੇ ਰੱਖ ਦਿੱਤਾ- ਬਡਾਲੀ

ਕੁਰਾਲੀ, 14 ਅਕਤੂਬਰ (ਪ੍ਰਭਦੀਪ ਸਿੰਘ ਸੋਢੀ)- ਮਾਨਸਾ ਵਿਖੇ ਸਮਾਜ ਸੇਵੀ ਪਰਮਿੰਦਰ ਸਿੰਘ ਝੋਟਾ ਦੇ ਕਤਲ ਨੇ ਪੰਜਾਬ ਸਰਕਾਰ ਨੂੰ ਨੰਗਿਆਂ ਕਰਕੇ ਰੱਖ ਦਿੱਤਾ ਹੈ ਅਤੇ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਸੀਨੀਅਰ ਆਗੂ ਸਾਹਿਬ ਸਿੰਘ ਬਡਾਲੀ ਨੇ ਅੱਜ ਸਥਾਨਕ ਸ਼ਹਿਰ ਦੇ ਮੁੱਖ ਬੱਸ ਸਟੈਂਡ ਚੌਕ ਵਿਖੇ ਪਰਮਿੰਦਰ ਸਿੰਘ ਝੋਟਾ ਦੇ ਕਤਲ ਦੇ ਵਿਰੋਧ ਵਿੱਚ ਕੀਤੇ ਗਏ ਰੋਸ ਪ੍ਰਦਰਸ਼ਨ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਪੰਥਕ ਆਗੂ ਰੇਸ਼ਮ ਸਿੰਘ ਬਡਾਲੀ, ਜਗਮੋਹਨ ਸਿੰਘ ਮੁੰਧੋਂ, ਜਗਤਾਰ ਸਿੰਘ ਨੰਬਰਦਾਰ ਅਤੇ ਸੁਖਚੈਨ ਸਿੰਘ ਕੁਰਾਲੀ ਸਮੇਤ ਹੋਰਨਾਂ ਆਗੂਆਂ ਨੇ ਵੀ ਸੰਬੋਧਨ ਕਰਦਿਆਂ ਇਸ ਘਟਨਾ ਨੂੰ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲ ਕਰਾਰ ਦਿੱਤਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਸਰਕਾਰ ਦੀ ਕਥਿਤ ਸ਼ਹਿ ਕਾਰਨ ਹੀ ਅਸ਼ਵਨੀ ਸ਼ਰੇਆਮ ਮੈਡੀਕਲ ਨਸ਼ੇ ਵੇਚ ਰਿਹਾ ਸੀ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਬਜਾਏ ਉਨ੍ਹਾਂ ਨੂੰ ਕਥਿਤ ਤੌਰ 'ਤੇ ਸਿਆਸੀ ਸਰਪ੍ਰਸਤੀ ਦਿੱਤੀ ਜਾ ਰਹੀ ਹੈ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਬੇਹੱਦ ਗੰਭੀਰ ਬਣਿਆ ਹੋਇਆ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮਾਜ ਸੇਵੀ ਲੋਕਾਂ ਵੱਲੋਂ ਆਪਣੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਪਰ ਜਦੋਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਹੀ ਨਿਸ਼ਾਨਾ ਬਣਾਇਆ ਜਾਂਦਾ ਹੈ ਤਾਂ ਇਹ ਸਮਾਜ ਅਤੇ ਸਰਕਾਰ ਦੋਵਾਂ ਲਈ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਬੋਲਣ ਵਾਲਿਆਂ ਦੀਆਂ ਆਵਾਜ਼ਾਂ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਨਿਰਪੱਖ ਜਾਂਚ ਕਰਵਾਉਣਾ ਅਤੇ ਇਸ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਬੁਲਾਰਿਆਂ ਨੇ ਮੰਗ ਕੀਤੀ ਕਿ ਸੂਬੇ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਰੋਕਣ ਲਈ ਠੋਸ ਕਦਮ ਚੁੱਕੇ ਜਾਣ ਅਤੇ ਨਸ਼ਾ ਤਸਕਰਾਂ ਨੂੰ ਕਥਿਤ ਸਿਆਸੀ ਸਰਪ੍ਰਸਤੀ ਦੇਣ ਵਾਲਿਆਂ ਦੀ ਵੀ ਜਾਂਚ ਕੀਤੀ ਜਾਵੇ। ਇਸ ਰੋਸ ਪ੍ਰਦਰਸ਼ਨ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਸਮਾਜ ਸੇਵੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਅਜਿਹੀਆਂ ਘਟਨਾਵਾਂ ਦੀ ਮੁੜ ਵਾਪਰਨ ਤੋਂ ਰੋਕਥਾਮ ਲਈ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਝੋਟਾ ਦੀ ਮੌਤ ਦਾ ਇਨਸਾਫ਼ ਦਿੱਤਾ ਜਾਵੇ।

## ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਤੀਰਅੰਦਾਜ਼ੀ ਅਤੇ ਗਨ ਸ਼ੂਟਿੰਗ ਸਹੂਲਤਾਂ ਦਾ ਉਤਸ਼ਾਹ ਨਾਲ ਉਦਘਾਟਨ

ਤਲਵੰਡੀ ਸਾਬੋ 14 ਅਕਤੂਬਰ (ਰਾਣਾ ਸ਼ਰਮਾ) ਅਕਾਲ ਯੂਨੀਵਰਸਿਟੀ ਵਿਖੇ ਵਿਦਿਆਰਥੀਆਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਉਨ੍ਹਾਂ ਨੂੰ ਨਵੀਆਂ ਖੇਡਾਂ ਵਿੱਚ ਮਾਹਰ ਬਣਾਉਣ ਦੇ ਮਕਸਦ ਨਾਲ ਅੱਜ ਤੀਰਅੰਦਾਜ਼ੀ ਅਤੇ ਗਨ ਸ਼ੂਟਿੰਗ ਦੇ ਆਧੁਨਿਕ ਸਾਧਨਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਨਵੇਂ ਉਪਰਾਲੇ ਨਾਲ ਯੂਨੀਵਰਸਿਟੀ ਦੇ ਲਗਭਗ 200 ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਮਾਗਮ ਦੀ ਸ਼ੁਰੂਆਤ ਸਵੇਰੇ 10:00 ਵਜੇ ਯੂਨੀਵਰਸਿਟੀ ਦੇ ਦਰਬਾਰ ਸਾਹਿਬ ਵਿਖੇ ਅਰਦਾਸ ਨਾਲ ਹੋਈ, ਜਿਸ ਵਿੱਚ ਨਵੀਆਂ ਖੇਡ ਸਹੂਲਤਾਂ ਦੇ ਸਫ਼ਲਤਾਪੂਰਵਕ ਆਗਾਜ਼ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਆਸ਼ੀਰਵਾਦ ਲਿਆ ਗਿਆ। ਇਸ ਮੌਕੇ ਰਜਿਸਟਰਾਰ ਡਾ. ਸਵਰਨ ਸਿੰਘ, ਡਾਇਰੈਕਟਰ ਆਈ.ਕਿਊ.ਏ.ਸੀ. ਡਾ. ਸੁਖਜੀਤ ਸਿੰਘ, ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ, ਡਾਇਰੈਕਟਰ ਸਪੋਰਟਸ ਡਾ. ਸੰਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਫੈਕਲਟੀ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ। ਅਰਦਾਸ ਉਪਰੰਤ ਰਜਿਸਟਰਾਰ ਡਾ. ਸਵਰਨ ਸਿੰਘ ਨੇ ਰਿਬਨ ਕੱਟ ਕੇ ਗਨ ਸ਼ੂਟਿੰਗ ਹਾਲ ਦਾ ਉਦਘਾਟਨ ਕੀਤਾ। ਇਸ ਤੋਂ ਬਾਅਦ ਤੀਰਅੰਦਾਜ਼ੀ ਸੁਵਿਧਾ ਦਾ ਵੀ ਰਸਮੀ ਤੌਰ ;ਤੇ ਉਦਘਾਟਨ ਕੀਤਾ ਗਿਆ। ਇਨ੍ਹਾਂ ਨਵੀਆਂ ਖੇਡ ਸਹੂਲਤਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਇਕਾਗਰਤਾ, ਆਤਮ-ਵਿਸ਼ਵਾਸ ਅਤੇ ਖੇਡ ਭਾਵਨਾ ਨੂੰ ਪੈਦਾ ਕਰਨਾ ਹੈ,ਤਾਂ ਜੋ ਉਹ ਕੌਮੀ ਅਤੇ ਅੰਤਰਰਾਸ਼ਟਰੀ ਪੱਧਰ;ਤੇ ਮੁਕਾਬਲੇ ਦੀਆਂ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈ ਸਕਣ। ਇਸ ਮੌਕੇਯੂਨੀਵਰਸਿਟੀ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੇ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਉਨ੍ਹਾਂ ਨੂੰ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ ਅਤੇ ਅੱਗੇ ਵਧਣ ਦੇ ਸੁਨਹਿਰੀ ਮੌਕੇ ਮਿਲਣਗੇ। ਯੂਨੀਵਰਸਿਟੀ ਦਾ ਇਹ ਕਦਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ।

## ਕਲਿਆਣ ਰੋਬੋਟਿਕ ਹਸਪਤਾਲ ਵੱਲੋਂ ਰੀੜ੍ਹ ਦੀਆਂ ਬਿਮਾਰੀਆਂ ਸਬੰਧੀ ਵਿਸ਼ੇਸ਼ ਕੈਂਪ ਅੱਜ

ਸਰਬਜੀਤ ਸੂਫ਼ੀ ਲੁਧਿਆਣਾ, ਬਾਬਾ ਥਾਨ ਸਿੰਘ ਚੌਕ ਅਤੇ ਤਿੰਨ ਨੰਬਰ ਡਿਵੀਜ਼ਨ ਇਲਾਕੇ ਵਿੱਚ ਸਥਿਤ ਕਲਿਆਣ ਰੋਬੋਟਿਕ ਹਸਪਤਾਲ ਵੱਲੋਂ ਰੀੜ੍ਹ ਦੀ ਹੱਡੀ ਨਾਲ ਸਬੰਧਤ ਬਿਮਾਰੀਆਂ ਦੇ ਇਲਾਜ ਲਈ ਵਿਸ਼ੇਸ਼ ਕੈਂਪ ਸ਼ੁਰੂ ਕੀਤਾ ਗਿਆ ਹੈ। ਕੈਂਪ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ, ਜੋੜ ਬਦਲਣ ਤੇ ਰੀੜ੍ਹ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਰਜਿੰਦਰ ਸਿੰਘ ਕਲਿਆਣ ਨੇ ਦੱਸਿਆ ਕਿ ਲੋੜਵੰਦ ਮਰੀਜ਼ਾਂ ਨੂੰ ਇਲਾਜ ਵਿੱਚ ਰਾਹਤ ਦੇਣ ਦੇ ਉਦੇਸ਼ ਨਾਲ ਇਹ ਕੈਂਪ ਲਗਾਇਆ ਗਿਆ ਹੈ, ਜੋ 15 ਅਤੇ 16 ਅਕਤੂਬਰ ਤੱਕ ਜਾਰੀ ਰਹੇਗਾ। ਕੈਂਪ ਦੌਰਾਨ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਮਰੀਜ਼ਾਂ ਨੂੰ ਅਪਰੇਸ਼ਨ, ਐਮਆਰਆਈ, ਐਕਸਰੇ ਅਤੇ ਹੋਰ ਜ਼ਰੂਰੀ ਜਾਂਚਾਂ ਵਿੱਚ ਵਿਸ਼ੇਸ਼ ਰਿਆਇਤ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਫਿਜ਼ੀਓਥੈਰੇਪੀ, ਡਾਇਟੀਸ਼ੀਅਨ ਦੀ ਸਲਾਹ ਅਤੇ ਹੋਰ ਜਾਂਚ ਸੇਵਾਵਾਂ ਵਿੱਚ ਵੀ ਰਾਹਤ ਦਿੱਤੀ ਜਾ ਰਹੀ ਹੈ। ਡਾ. ਕਲਿਆਣ ਨੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਹੱਡੀਆਂ ਦੀ ਮਜ਼ਬੂਤੀ ਅਤੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਸੰਤੁਲਿਤ ਤੇ ਪੌਸ਼ਟਿਕ ਖੁਰਾਕ ਲੈਣੀ ਚਾਹੀਦੀ ਹੈ। ਜੰਕ ਫੂਡ ਅਤੇ ਫਾਸਟ ਫੂਡ ਦੀ ਵਧੇਰੇ ਵਰਤੋਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਇਸ ਦੇ ਨਾਲ ਨਿਯਮਿਤ ਸਰੀਰਕ ਕਸਰਤ ਕਰਨੀ ਅਤੇ ਲੋੜ ਅਨੁਸਾਰ ਮਾਹਿਰ ਡਾਕਟਰ ਦੀ ਸਲਾਹ ਨਾਲ ਵਿਟਾਮਿਨ ਡੀ, ਕੈਲਸ਼ੀਅਮ ਤੇ ਹੋਰ ਜ਼ਰੂਰੀ ਪੌਸ਼ਟਿਕ ਤੱਤ ਲੈਣੇ ਚਾਹੀਦੇ ਹਨ।

## ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਸਰਪੰਚ ਗੁਰਮੇਲ ਸਿੰਘ ਸੇਮਾ ਵੱਲੋਂ ਸਖ਼ਤ ਨਿੰਦਾ

**ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਕੀਤੀ ਮੰਗ**

ਨਬਾਨਾ, 14 ਅਕਤੂਬਰ ( ਅਭਿਸ਼ੇਕ ਜੱਜੜਾ ) ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਨੇੜਲੇ ਪਿੰਡ ਸੇਮਾ ਦੇ ਸਰਪੰਚ ਗੁਰਮੇਲ ਸਿੰਘ ਨੇ ਮਾਨਸਾ ਵਿਖੇ ਪਰਮਿੰਦਰ ਸਿੰਘ ਝੋਟਾ ਦੇ ਹੋਏ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਕੀਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਗੁਰਮੇਲ ਸਿੰਘ ਨੇ ਕਿਹਾ ਕਿ ਦਿਨ-ਦਿਹਾੜੇ ਵਾਪਰੀ ਇਸ ਘਟਨਾ ਨੇ ਹਰ ਕਿਸੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ, ਤਾਂ ਜੋ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਕਾਇਮ ਰਹਿ ਸਕੇ। ਉਨ੍ਹਾਂ ਕਿਹਾ ਕਿ ਉਹ ਦੁੱਖ ਦੀ ਇਸ ਘੜੀ ਵਿੱਚ ਪਰਮਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਖੜ੍ਹੇ ਹਨ ਅਤੇ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਅਤੇ ਨਸ਼ਿਆਂ ਰਾਹੀਂ ਕਥਿਤ ਤੌਰ 'ਤੇ ਬਣਾਈ ਗਈ ਜਾਇਦਾਦ ਦੀ ਨਿਰਪੱਖ ਜਾਂਚ ਕਰਕੇ ਕਾਨੂੰਨ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਸਰਕਾਰ ਵੱਲੋਂ ਇਸ ਮਾਮਲੇ ਸਬੰਧੀ ਕੀਤੀ ਜਾ ਰਹੀ ਕਾਰਵਾਈ ਦਾ ਜ਼ਿਕਰ 

# ਚੋਣ ਜ਼ਾਬਤੇ ਮਗਰੋਂ 'ਆਪ' ਨੂੰ ਪਿੰਡਾਂ 'ਚ ਨਹੀਂ ਵੜਨ ਦੇਣਗੇ ਲੋਕ: ਢਿੱਲੋਂ

**ਸ਼ਸ਼ੀ ਪਾਲ ਜੈਨ): ਨਵੀਂ ਦਿੱਲੀ / ਚੰਡੀਗੜ੍ਹ, 14 ਅਕਤੂਬਰ:** ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਵਧ ਰਿਹਾ ਹੈ ਅਤੇ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਨੈਤਿਕ ਅਧਿਕਾਰ ਨਹੀਂ ਹੈ ਅਤੇ ਉਨ੍ਹਾਂ ਨੂੰ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਕੇਵਲ ਸਿੰਘ ਢਿੱਲੋਂ ਨੇ ਬੁੱਧਵਾਰ ਨੂੰ ਨਵੀਂ ਦਿੱਲੀ ਸਥਿਤ ਭਾਜਪਾ ਦੇ ਮੁੱਖ ਦਫ਼ਤਰ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਕੱਟੜ ਈਮਾਨਦਾਰੀ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀ 'ਆਮ ਆਦਮੀ ਪਾਰਟੀ' ਦੀ ਸਰਕਾਰ ਪੰਜਾਬ ਵਿੱਚ ਨਸ਼ਾ ਖ਼ਤਮ ਕਰਨ 'ਚ ਪੂਰੀ ਤਰ੍ਹਾਂ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਲੋਕ 'ਆਪ' ਦੇ ਨੁਮਾਇੰਦਿਆਂ ਨੂੰ ਪਿੰਡਾਂ ਵਿੱਚ ਵੜਨ ਨਹੀਂ ਦੇਣਗੇ। ਇਸ ਮੌਕੇ ਪਾਰਟੀ ਦੇ ਕੌਮੀ ਬੁਲਾਰੇ ਆਰ.ਪੀ. ਸਿੰਘ ਵੀ ਮੌਜੂਦ ਸਨ । ਢਿੱਲੋਂ ਨੇ ਤਰਨਤਾਰਨ ਦੇ ਖਾਲੜਾ ਸਰਹੱਦੀ ਖੇਤਰ ਵਿੱਚ 15 ਕਿਲੋ ਹੈਰੋਇਨ ਸਮੇਤ ਫੜੇ ਗਏ ਪੁਲਿਸ ਮੁਲਾਜ਼ਮ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਘਟਨਾ ਸਰਕਾਰ ਦੇ ਨਸ਼ਾ ਵਿਰੋਧੀ ਦਾਅਵਿਆਂ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਉਨ੍ਹਾਂ ਕਿਹਾ ਕਿ ਜੇ ਰੱਖਵਾਲੇ ਹੀ ਨਸ਼ੇ ਦੇ ਸੌਦਾਗਰ ਬਣ ਜਾਣਗੇ, ਤਾਂ ਪੰਜਾਬ ਦੀ ਜਵਾਨੀ ਨੂੰ ਕੌਣ ਬਚਾਏਗਾ ?ਜਿਹੜੇ ਮੁੱਖ ਮੰਤਰੀ ਭਗਵੰਤ ਮਾਨ ਵੱਡੀਆਂ-ਵੱਡੀਆਂ ਰੈਲੀਆਂ 'ਚ ਨਸ਼ੇ ਖ਼ਤਮ ਕਰਨ ਦੇ ਡੀਗਾਂ ਮਾਰਦੇ ਸਨ, ਅੱਜ ਉਨ੍ਹਾਂ ਦੇ ਪ੍ਰਸ਼ਾਸਨ ਦਾ ਇਹ ਹਾਲ ਹੈ ਕਿ ਨਸ਼ਾ ਰੋਕਣ ਵਾਲੇ ਹੀ ਨਸ਼ਾ ਤਸਕਰੀ 'ਚ ਲੱਗੇ ਹੋਏ ਹਨ। ਉਨ੍ਹਾਂ ਬੀਐੱਸਐੱਫ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਕਾਰਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਇਸ ਵੱਡੀ ਖੇਪ ਨੂੰ ਫੜ ਕੇ 'ਆਪ' ਸਰਕਾਰ ਦੀ ਪੋਲ ਖੋਲ੍ਹ ਦਿੱਤੀ, ਨਹੀਂ ਤਾਂ ਇਹ 15 ਕਿੱਲੋ ਜ਼ਹਿਰ ਪੰਜਾਬ ਦੇ ਕਿੰਨੇ ਹੀ ਘਰਾਂ ਦੇ ਚਿਰਾਗ ਬੁਝਾ ਦਿੰਦਾ। ਉਨ੍ਹਾਂ ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਉਰਫ਼ ਝੋਟਾ ਦੀ ਹੱਤਿਆ ਦੇ ਮਾਮਲੇ ਵਿੱਚ ਸੀਬੀਆਈ ਜਾਂਚ ਦੀ ਮੰਗ ਕੀਤੀ ਅਤੇ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਹੱਤਿਆਵਾਂ ਅਤੇ ਪੁਲਿਸ ਥਾਣਿਆਂ 'ਤੇ ਗ੍ਰਨੇਡ ਹਮਲਿਆਂ ਦੀਆਂ ਘਟਨਾਵਾਂ ਲੋਕਾਂ ਦੀ ਸੁਰੱਖਿਆ ਲਈ ਗੰਭੀਰ ਚੁਣੌਤੀ ਹਨ।ਢਿੱਲੋਂ ਨੇ ਦਾਅਵਾ ਕੀਤਾ ਕਿ ਪੰਜਾਬ ਸਿਰ ਕਰਜ਼ੇ ਦਾ ਬੋਝ ਵਧਿਆ ਹੈ ਅਤੇ ਭ੍ਰਿਸ਼ਟਾਚਾਰ ਕਾਰਨ ਉਦਯੋਗ ਸੂਬੇ ਤੋਂ ਬਾਹਰ ਜਾ ਰਹੇ ਹਨ। ਉਨ੍ਹਾਂ ਸਰਕਾਰੀ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਮੁੱਦਾ ਵੀ ਉਠਾਇਆ।

# ਸਿਆਸੀ ਪਾਰਟੀਆਂ ਵਲੋਂ ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਵਿਰੋਧ ਵਿੱਚ ਕੀਤਾ ਗਿਆ ਰੋਸ ਪ੍ਰਦਰਸਨ

**ਸ਼ਸ਼ੀ ਪਾਲ ਜੈਨ, ਖਰੜ, 14 ਅਕਤੂਬਰ:** ਨਸ਼ਿਆਂ ਦਾ ਵਿਰੋਧ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਬੀਤੇ ਦਿਨ ਹੋਏ ਕਤਲ ਸਬੰਧੀ ਅੱਜ ਇਥੇ ਵੱਖ-ਵੱਖ ਸਿਆਸੀ ਪਾਰਟੀਆਂ ਵਲੋਂ ਰੋਸ ਦਾ ਪ੍ਰਗਟਾਵਾ ਕੀਤਾ ਗਿਆ। ਅਕਾਲੀ ਦਲ ਵਾਰਸ ਪੰਜਾਬ ਵੱਲੋਂ ਖਰੜ ਬੱਸ ਸਟੈਂਡ ਵਿਖੇ ਰੋਸ ਪ੍ਰਦਰਸਨ ਕਰਕੇ ਮੰਗ ਕੀਤੀ ਗਈ ਹੈ ਕਿ ਦੋਸੀਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਪੱਤਰਕਾਰ ਨਾਲ ਗੱਲਬਾਤ ਕਰਦਿਆਂ ਅਕਾਲੀ ਦਲ ਵਾਰਸ ਪੰਜਾਬ ਦੇ ਜਿਲਾ ਯੂਥ ਵਿੰਗ ਦੇ ਪ੍ਰਧਾਨ ਹਰਜਿੰਦਰ ਸਿੰਘ ਦੇਸੂ ਮਾਜਰਾ, ਰਵਿੰਦਰ ਸਿੰਘ ਵਜੀਦਪੁਰ, ਹਰਜਿੰਦਰ ਸਿੰਘ ਮੁੰਧੋ ਅਤੇ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਜਸਪਾਲ ਸਿੰਘ ਨਿਆਮੀਆਂ ਨੇ ਕਿਹਾ ਕਿ ਜੋ ਪਰਵਿੰਦਰ ਸਿੰਘ ਝੋਟਾ ਦਾ ਕਤਲ ਹੋਇਆ ਉਹ ਸਿਆਸੀ ਸਹਿ ਉੱਤੇ ਹੋਈ ਘਟਨਾ ਲੱਗਦੀ ਹੈ।ਉਨਾਂ ਕਿਹਾ ਕਿ ਪੰਜਾਬ ਵਿਚ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਬੁਰੀ ਤਰਾਂ ਫੇਲ ਹੋਏ ਹਨ ਕਿਉਂਕਿ ਇਥੇ ਨਸ਼ਾ ਸ਼ਰੇਆਮ ਵਿਕਦਾ ਹੈ। ਉਹਨਾਂ ਦੋਸ ਲਗਾਇਆ ਹੈ ਕਿ ਖਰੜ ਵਿੱਚ ਵੀ ਨਸ਼ਿਆਂ ਦੀ ਆਮਦ ਜਾਰੀ ਹੈ ਅਤੇ ਗੈਂਗਸਟਰਾਂ ਵੱਲੋਂ ਲੋਕਾਂ ਨੂੰ ਧਮਕੀਆਂ ਦੇ ਕੇ ਫਿਰੋਤੀਆਂ ਮੰਗੀਆਂ ਜਾ ਰਹੀਆਂ ਹਨ। ਇਸ ਹੀ ਸੋ ?ਰਮਣੀ ਅਕਾਲੀ ਦਲ, ਕਾਂਗਰਸ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਵਲੋਂ ਵੀ ਅੱਜ ਰੋਸ਼ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪੰਜਾਬ ਸਰਕਾਰ ਦਾ ਪੁਤਲਾ ਸਾੜਿਆ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿਚ ਕਾਨੂੰਨ ਵਿਵਸਥਾ ਦੀ ਬੁਰੀ ਹਾਲਤ ਹੈ ਅਤੇ ਨਸ਼ੇ ਨੂੰ ਕੰਟਰੋਲ ਕਰਨ ਵਿਚ ਇਹ ਸਰਕਾਰ ਨਾਕਾਮ ਰਹੀ ਹੈ। ਇਸ ਮੌਕੇ ਹੋਰਨਾ ਤੋਂ ਇਲਾਵਾ ਕਾਂਗਰਸ ਪਾਰਟੀ ਦੇ ਜਿਲਾ ਪ੍ਰਧਾਨ ਕਮਲ ਕਿਸ਼ੋਰ ਕਾਲਾ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਮਨ ਸ਼ਰਮਾ ਅਤੇ ਭਾਜਪਾ ਆਗੂ ਨਰਿੰਦਰ ਰਾਣਾ ਆਦਿ ਮੌਜੂਦ ਸਨ।

# ਸੀਐਮ ਮਾਨ ਸਰਕਾਰ ਦਾ ਉਪਰਾਲਾ : ਮੁਹੱਲਾ ਕਲੀਨਿਕਾਂ ਦਾ ਲੜੀਵਾਰ ਖੁੱਲਣਾ ਤੇ ਸਫਲਤਾਪੂਰਕ ਚਲਣਾ : ਕੁਲਵੰਤ ਸਿੰਘ

**ਮੋਹਾਲੀ, 14 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):** ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ – ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੀ ਤਰਫੋਂ ਵਿਧਾਨ ਸਭਾ ਚੋਣਾਂ ਦੇ ਦੌਰਾਨ ਲੋਕਾਂ ਦੀ ਕਚਹਿਰੀ ਵਿੱਚ ਜੋ ਵਾਅਦੇ ਕੀਤੇ ਗਏ ਸਨ, ਉਹਨਾਂ ਨੂੰ ਪੂਰੇ ਕੀਤਾ ਜਾ ਚੁੱਕਾ ਹੈ ਤੇ ਪੰਜਾਬ ਦੇ ਵਿੱਚ ਲੋਕਾਂ ਦੀ ਸਿਹਤ ਦਾ ਧਿਆਨ ਰੱਖਦੇ ਹੋਏ ਇ ਹਜਾਰ ਤੋਂ ਵੀ ਵੱਧ ਮੁਹੱਲਾ ਕਲੀਨਿਕ ਸਫਲਤਾ ਪੂਰਵਕ ਕੰਮ ਕਰ ਰਹੇ ਹਨ ,ਜਿੱਥੇ ਕਿ ਮਰੀਜ਼ਾਂ ਨੂੰ ਜਿੱਥੇ 102 ਕਿਸਮ ਦੀਆਂ ਦਵਾਈਆਂ,47 ਕਿਸਮ ਦੇ ਟੈਸਟ ਮੁਫਤ ਕੀਤੇ ਜਾਂਦੇ ਹਨ ਅਤੇ ਮਰੀਜ਼ਾਂ ਦੀ ਡਾਕਟਰੀ ਜਾਂਚ ਲਈ ਡਾਕਟਰ ਸਮੇਂ ਸਿਰ ਆਉਂਦੇ ਤੇ ਜਾਂਦੇ ਹਨ , ਇਹ ਗੱਲ ਅੱਜ ਪਿੰਡ ਤੰਗੋਰੀ ਵਿਖੇ ਇਲਾਕੇ ਦੇ ਲੋਕਾਂ ਦੀ ਸਹੂਲਤ ਦੇ ਲਈ ਖੋਲੇ ਗਏ ਮੁਹੱਲਾ ਕਲੀਨਿਕ ਦਾ ਉਦਘਾਟਨ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਹੀ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਗੱਲ ਦੇ ਲਈ ਅਸੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੇ ਤਹਿ-ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਨੇ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ 10ਵਾਂ ਮਹੱਲਾ ਕਲੀਨਿਕ ਪਿੰਡ ਤੰਗੋਰੀ ਦੇ ਵਿੱਚ ਸ਼ੁਰੂ ਕਰਵਾਇਆ, ਅਤੇ ਇਸ ਗੱਲ ਦੇ ਲਈ ਮੈਂ ਇਲਾਕੇ ਦੇ ਲੋਕਾਂ ਨੂੰ ਖਾਸ ਕਰਕੇ ਵਧਾਈ ਦੇਣਾ ਚਾਹੁੰਦਾ ਹਾਂ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਕਿਸੇ ਵੀ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਲੋਕ ਪੱਖੀ ਸਕੀਮਾਂ ਦਾ ਲੋਕੀ ਤਾਂ ਹੀ ਸਹੀ ਮਾਇਨੇ ਦੇ ਵਿੱਚ ਫਾਇਦਾ ਉਠਾ ਸਕਦੇ ਹਨ, ਜੇਕਰ ਲੋਕਾਂ ਦਾ ਸਹਿਯੋਗ ਉਹਨਾਂ ਨੂੰ ਲਾਗੂ ਕਰਨ ਦੇ ਵਿੱਚ ਸਰਕਾਰ ਨੂੰ ਮਿਲਦਾ ਰਹੇ ਅਤੇ ਮੈਂ ਇਸ ਦੇ ਲਈ ਖਾਸ ਕਰਕੇ ਮੋਹਾਲੀ ਵਿਧਾਨ ਸਭਾ ਹਲਕੇ ਦੇ ਲੋਕਾਂ ਦਾ ਹਮੇਸ਼ਾ ਧੰਨਵਾਦੀ ਰਹਾਂਗਾ, ਜਿਨਾਂ ਦੇ ਵੱਲੋਂ ਪੰਜਾਬ ਸਰਕਾਰ ਨੂੰ ਲਗਾਤਾਰ ਸਹਿਯੋਗ ਮਿਲਦਾ ਰਹਿੰਦਾ ਹੈ, ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ-ਕੁਲਦੀਪ ਸਿੰਘ ਸਮਾਣਾ, ਸਰਪੰਚ ਕੁਲਦੀਪ ਸਿੰਘ, ਜਗਜੀਤ ਸਿੰਘ, ਜਸਵੀਰ ਸਿੰਘ, ਨੰਬਰਦਾਰ- ਸੁਖਵਿੰਦਰ ਸਿੰਘ- ਸਾਬਕਾ ਸਰਪੰਚ, ਨਿਰਮਲ ਸਿੰਘ, ਸਤਨਾਮ ਸਿੰਘ, ਤਲਵਿੰਦਰ , ਐਸ.ਐਮ.ਓ, ਘੜੂਆਂ ਡਾਕਟਰ ਪ੍ਰੀਤ ਮੋਹਨ, ਸਾਬਕਾ ਸਰਪੰਚ- ਅਵਤਾਰ ਸਿੰਘ ਮੌਲੀ, ਸਤਨਾਮ ਸਿੰਘ ਬਾਲਕ ਪ੍ਰਧਾਨ, , ਅਮਨਦੀਪ ਸਿੰਘ ਸਰਪੰਚ, ਪਰਗਟ ਸਿੰਘ-ਰਾਏਪੁਰ ਕਲਾਂ ਵੀ ਹਾਜ਼ਰ ਸਨ,

# ਬਿਜਲੀ ਕਾਮਿਆਂ ਨਾਲ ਕਥਿਤ ਬਦਸਲੂਕੀ, ਸਰਕਾਰੀ ਦਸਤਾਵੇਜ ਪਾੜਨ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਮਾਮਲੇ 'ਚ ਜਥੇਬੰਦੀਆਂ ਵੱਲੋਂ ਹੰਗਾਮੀ ਮੀਟਿੰਗ

**ਸ਼ਸ਼ੀ ਪਾਲ ਜੈਨ, ਖਰੜ, 14 ਅਕਤੂਬਰ:** ਟੈਕਨੀਕਲ ਸਰਵਿਸਿਜ ਯੂਨੀਅਨ ਅਤੇ ਮਿਨਿਸਟੀਰੀਅਲ ਸਰਵਿਸਿਜ ਯੂਨੀਅਨ ਖਰੜ ਵੱਲੋਂ ਸਬ-ਡਿਵੀਜਨ ਸਿਟੀ-2 ਖਰੜ ਵਿਖੇ ਸਬ-ਡਿਵੀਜਨ ਪ੍ਰਧਾਨ ਸੇਰ ਸਿੰਘ ਦੀ ਅਗਵਾਈ ਹੇਠ ਹੰਗਾਮੀ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸਵਾਮੀ ਇਨਕਲੇਵ ਵਿਖੇ ਡਿਊਟੀ ਕਰ ਰਹੇ ਬਿਜਲੀ ਕਾਮਿਆਂ ਨਾਲ ਕਥਿਤ ਬਦਸਲੂਕੀ, ਸਰਕਾਰੀ ਦਸਤਾਵੇਜ ਪਾੜਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੀ ਘਟਨਾ ਦੀ ਸਖਤ ਨਿਖੇਧੀ ਕੀਤੀ ਗਈ। ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਉੱਚ ਅਧਿਕਾਰੀਆਂ ਦੇ ਹੁਕਮਾਂ ਅਨੁਸਾਰ ਸਹਾਇਕ ਲਾਈਨਮੈਨ ਸਤਨਾਮ ਸਿੰਘ, ਸਹਾਇਕ ਲਾਈਨਮੈਨ ਗੁਰਿੰਦਰ ਸਿੰਘ ਅਤੇ ਸੀਐੱਚਵੀ ਰਵਿੰਦਰ ਸਿੰਘ ਨੂੰ ਸਵਾਮੀ ਇਨਕਲੇਵ ਵਿਖੇ ਬਿਜਲੀ ਕੁਨੈਕਸਨਾਂ ਦੀ ਜਾਂਚ ਕਰਨ ਲਈ ਡਿਊਟੀ 'ਤੇ ਭੇਜਿਆ ਗਿਆ ਸੀ। ਇਸ ਦੌਰਾਨ ਉੱਥੇ ਮੌਜੂਦ ਇੱਕ ਵਿਅਕਤੀ ਜਿਸ ਨੇ ਆਪਣੇ ਆਪ ਨੂੰ ਕਾਂਗਰਸ ਦਾ ਪ੍ਰਧਾਨ ਦੱਸਿਆ ਅਤੇ ਉਸਦੇ ਸਾਥੀ ਵੱਲੋਂ ਕਥਿਤ ਤੌਰ 'ਤੇ ਕਰਮਚਾਰੀਆਂ ਨਾਲ ਮਾੜੀ ਸਬਦਾਵਲੀ ਵਰਤੀ ਗਈ ਅਤੇ ਕੁਨੈਕਸ਼ਨ ਦੀ ਜਾਂਚ ਕਰਵਾਉਣ ਤੋਂ ਇਨਕਾਰ ਕੀਤਾ ਗਿਆ। ਜਥੇਬੰਦੀਆਂ ਨੇ ਕਿਹਾ ਕਿ ਬਿਜਲੀ ਕਰਮਚਾਰੀ ਆਪਣੀ ਡਿਊਟੀ ਉੱਚ ਅਧਿਕਾਰੀਆਂ ਦੇ ਹੁਕਮਾਂ ਅਤੇ ਵਿਭਾਗੀ ਨਿਯਮਾਂ ਅਨੁਸਾਰ ਨਿਭਾਉਂਦੇ ਹਨ। ਡਿਊਟੀ ਦੌਰਾਨ ਕਰਮਚਾਰੀਆਂ ਨਾਲ ਇਸ ਤਰਾਂ ਦੀ ਕਥਿਤ ਧੱਕੇਸਾਹੀ ਅਤੇ ਧਮਕੀਆਂ ਦੇਣਾ ਬੇਹੱਦ ਗੰਭੀਰ ਮਾਮਲਾ ਹੈ। ਕਿਸੇ ਵੀ ਵਿਅਕਤੀ ਨੂੰ ਆਪਣੇ ਸਿਆਸੀ ਅਹੁਦੇ ਜਾਂ ਪ੍ਰਭਾਵ ਦੀ ਆੜ ਵਿੱਚ ਸਰਕਾਰੀ ਕਰਮਚਾਰੀਆਂ ਨੂੰ ਡਰਾਉਣ-ਧਮਕਾਉਣ ਜਾਂ ਉਨਾਂ ਦੇ ਸਰਕਾਰੀ ਕੰਮ ਵਿੱਚ ਰੁਕਾਵਟ ਪਾਉਣ ਦਾ ਅਧਿਕਾਰ ਨਹੀਂ ਹੈ। ਜਥੇਬੰਦੀ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਲਿਖਤੀ ਤੌਰ 'ਤੇ ਮੰਗ ਕੀਤੀ ਗਈ ਹੈ ਕਿ ਪ੍ਰਭਾਵਿਤ ਕਰਮਚਾਰੀਆਂ ਨੂੰ ਇਨਸਾਫ ਦਿਵਾਇਆ ਜਾਵੇ ਅਤੇ ਪੁਲਿਸ ਪ੍ਰਸਾਸਨ ਵੱਲੋਂ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਕਥਿਤ ਦੋਸੀਆਂ ਖਿਲਾਫ ਕਾਨੂੰਨ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਵਿੱਚ ਬਣਦੀ ਪੁਲਿਸ ਕਾਰਵਾਈ ਨਾ ਕੀਤੀ ਗਈ ਅਤੇ ਕਰਮਚਾਰੀਆਂ ਨੂੰ ਇਨਸਾਫ ਨਾ ਮਿਲਿਆ ਤਾਂ ਜਥੇਬੰਦੀਆਂ ਤਿੱਖਾ ਸੰਘਰਸ ਵਿੱਢਣ ਲਈ ਮਜਬੂਰ ਹੋਣਗੀਆਂ, ਜਿਸ ਦੀ ਜਿੰਮੇਵਾਰੀ ਸਬੰਧਤ ਉੱਚ ਅਧਿਕਾਰੀਆਂ ਅਤੇ ਵਿਭਾਗੀ ਮੈਨੇਜਮੈਂਟ ਦੀ ਹੋਵੇਗੀ। ਇਸ ਮੀਟਿੰਗ ਵਿੱਚ ਟੈਕਨੀਕਲ ਸਰਵਿਸਿਜ ਯੂਨੀਅਨ ਦੇ ਸਰਕਲ ਪ੍ਰਧਾਨ ਬਲਵਿੰਦਰ ਸਿੰਘ ਰਡਿਆਲਾ, ਸੁਖਜਿੰਦਰ ਸਿੰਘ ਸਰਕਲ ਪ੍ਰਧਾਨ, ਸੁਖਵਿੰਦਰ ਸਿੰਘ ਜੋਇੰਟ ਫੋਰਮ ਆਗੂ, ਭੁਪਿੰਦਰ ਸਿੰਘ ਪੈਨਸਨ ਐਸੋਸੀਏਸਨ ਸਕੱਤਰ ਖਰੜ, ਬਲਵਿੰਦਰ ਸਿੰਘ ਪ੍ਰਧਾਨ ਪੈਨਸਨ ਐਸੋਸੀਏਸਨ, ਖਰੜ, ਜੋਨ ਆਗੂ ਯੋਗਰਾਜ ਸਿੰਘ, ਐੱਸਸੀ ਵਿੰਗ ਦੇ ਪ੍ਰਧਾਨ ਗੋਪੀ ਚੰਦ, ਟੀਐੱਸਯੂ ਦੇ ਸਕੱਤਰ ਕੇਵਲ ਸਿੰਘ ਅਤੇ ਅਜੇ ਲੂੰਬਾ ਸਮੇਤ ਹੋਰ ਆਗੂ ਅਤੇ ਕਰਮਚਾਰੀ ਸਾਮਲ ਹੋਏ। ਇਸ ਮੌਕੇ ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਕਾਕਾ ਸਿੰਘ, ਜੋਈ ਜਤਿੰਦਰ ਸਿੰਘ, ਜੋਈ ਸਤਬੀਰ ਸਿੰਘ, ਦਿਆ ਨੰਦ, ਜਸਵਿੰਦਰ ਸਿੰਘ, ਸੀਐੱਚਵੀ ਇੰਦਰਜੀਤ ਸਿੰਘ, ਗੁਰਸਰਨ ਸਿੰਘ, ਜਗਜੀਤ ਸਿੰਘ ਅਤੇ ਬਲਜੀਤ ਸਿੰਘ ਸਮੇਤ ਹੋਰ ਕਈ ਕਰਮਚਾਰੀਆਂ ਨੇ ਵੀ ਸਮੂਲੀਅਤ ਕੀਤੀ।

# "ਇੰਡੀਅਨ ਐਸੋਸੀਏਸ਼ਨ ਆਫ ਲਾਇਰਜ਼"ਦੇ ਪੰਜਾਬ ਯੂਨਿਟ ਵਲੋਂ ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਅਹੁਦੇ ਤੋਂ ਬਰਖਾਸਤ ਕਰਨ ਦੀ ਮੰਗ

**ਸ਼ਸ਼ੀ ਪਾਲ ਜੈਨ, ਮੁਹਾਲੀ, 14 ਅਕਤੂਬਰ:** ਅੱਜ "ਇੰਡੀਅਨ ਐਸੋਸੀਏਸ਼ਨ ਆਫ ਲਾਇਰਜ਼"ਦੇ ਪੰਜਾਬ ਯੂਨਿਟ ਦੀ ਇੱਕ ਅਹਿਮ ਮੀਟਿੰਗ ਸੂਬੇ ਦੇ ਜਨਰਲ ਸਕੱਤਰ ਐਡਵੋਕੇਟ ਜਸਪਾਲ ਸਿੰਘ ਦੱਪਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੰਗ ਕੀਤੀ ਗਈ ਕਿ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਸ਼ ?ਗੀ ਗਿਆਨੇਸ਼ ਕੁਮਾਰ ਨੂੰ ਤੁਰੰਤ ਅਹੁਦੇ ਤੋਂ ਬਰਖਾਸਤ ਕੀਤਾ ਜਾਵੇ ਅਤੇ ਉਸਦੇ ਖਿਲਾਫ ਦੇਸ਼-ਧਰੋਹ ਦਾ ਮੁਕੱਦਮਾ ਦਰਜ ਕਰਕੇ ਉਸਨੂੰ ਤੁਰੰਤ ਗਿ ?ਰਫਤਾਰ ਕੀਤਾ ਜਾਵੇ। ਇਹ ਵੀ ਮੰਗ ਕੀਤੀ ਗਈ ਕਿ ਚੋਣ ਕਮਿਸ਼ਨ ਵੱਲੋਂ ਕੀਤੀ ਜਾ ਰਹੀ ਐਸ.ਆਈ.ਆਰ. ਦੀ ਪ੍ਰਕਿਰੀਆ ਤੁਰੰਤ ਰੋਕੀ ਜਾਵੇ ਅਤੇ ਪੁਰਾਣੀਆਂ ਵੋਟਰ ਸੂਚੀਆਂ ਨੂੰ ਬਹਾਲ ਕਰਕੇ ਦੇਸ਼ ਦੇ ਸਾਰਿ ?ਆਂ ਰਾਜਾਂ ਵਿੱਚ ਇਸਨੂੰ ਲਾਗੂ ਕੀਤਾ ਜਾਵੇ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਮੁੱਖ ਬੁਲਾਰੇ ਐਡਵੋਕੇਟ ਦਰਸ

## ਸੰਪਾਦਕੀ

### ਕੈਂਸਰ

ਕੈਂਸਰ, ਇਹ ਸਿਰਫ਼ ਇਕ ਬਿਮਾਰੀ ਦਾ ਨਾਂ ਨਹੀਂ ਸਗੋਂ ਅਜਿਹਾ ਸੰਘਰਸ਼ ਹੈ, ਜਿਸ 'ਚ ਮਰੀਜ਼ ਦੇ ਨਾਲ ਪੂਰਾ ਪਰਿਵਾਰ ਜੂਝਦਾ ਹੈ। ਇਸ 'ਚ ਮਰੀਜ਼ ਤਿਲ-ਤਿਲ ਕਰ ਕੇ ਮਰਦਾ ਹੈ। ਇਕ ਤਾਂ ਉਸ ਨੂੰ ਆਪਣੇ ਇਲਾਜ ਦੀ ਚਿੰਤਾ ਸਤਾਉਂਦੀ ਹੈ, ਉਪਰੋਂ ਵਾਰ-ਵਾਰ ਹਸਪਤਾਲਾਂ ਦੇ ਚੱਕਰ, ਮਹਿੰਗੀਆਂ ਜਾਂਚਾਂ ਤੇ ਇਸ ਤੋਂ ਵੀ ਵੱਡੀ ਚਿੰਤਾ ਦਵਾਈਆਂ ਦੇ ਖ਼ਰਚੇ ਦੀ ਹੁੰਦੀ ਹੈ। ਅਜਿਹੇ ਸਮੇਂ 'ਚ ਜੇ ਕੈਂਸਰ ਦੀ ਦਵਾਈ ਦੀ ਕੀਮਤ ਉਸ ਦੀ ਅਸਲੀ ਲਾਗਤ ਤੋਂ ਕਿਤੇ ਜ਼ਿਆਦਾ ਹੋਵੇ ਤਾਂ ਸਵਾਲ ਦਾ ਉੱਠਣਾ ਸੁਭਾਵਕ ਹੈ ਕਿ ਅਜਿਹੇ ਮਰੀਜ਼ ਦੀ ਜ਼ਿੰਦਗੀ ਨਾਲ ਜੁੜੀ ਦਵਾਈ ਤੋਂ ਇੰਨਾ ਵੱਡਾ ਮੁਨਾਫ਼ਾ ਕਿਉਂ। ਅਕਸਰ ਸੋਸ਼ਲ ਮੀਡੀਆ ਤੇ ਜਨਤਕ ਚਰਚਾ 'ਚ ਇਹ ਦਾਅਵੇ ਕਿ ਕੁਝ ਦਵਾਈਆਂ 'ਤੇ ਬਹੁਤ ਵੱਡਾ ਮੁਨਾਫ਼ਾ ਕਮਾਇਆ ਜਾਂਦਾ ਹੈ। ਜੇ ਕਿਸੇ ਦਵਾਈ ਤੇ ਸੱਚਮੁਚ ਲਾਗਤ ਦੇ ਮੁਕਾਬਲੇ 10 ਗੁਣਾਂ ਤੱਕ ਮੁਨਾਫ਼ਾ ਕਮਾਇਆ ਜਾਂਦਾ ਹੈ ਤਾਂ ਇਹ ਸਿਰਫ ਵਪਾਰਕ ਮਾਮਲਾ ਨਹੀਂ ਰਹਿੰਦਾ ਬਲਕਿ ਇਹ ਜਨਤਕ ਸਿਹਤ ਤੇ ਮਨੁੱਖੀ ਸੰਵੇਦਨਾ ਨਾਲ ਜੁੜਿਆ ਸਵਾਲ ਬਣ ਜਾਂਦਾ ਹੈ। ਵਪਾਰ ਕਰਨ ਵਾਲੀਆਂ ਕੰਪਨੀਆਂ ਨੂੰ ਆਪਣਾ ਖ਼ਰਚਾ ਕੱਢ ਕੇ ਵਾਜਿਬ ਮੁਨਾਫ਼ਾ ਕਮਾਉਣ ਦਾ ਹੱਕ ਹੈ। ਖ਼ਾਸ ਕਰ ਅਜਿਹੀਆਂ ਦਵਾਈਆਂ ਜਿੰਨਾ 'ਤੇ ਜ਼ਿੰਦਗੀ ਅਧਾਰਿਤ ਹੈ। ਇਹ ਗੱਲ ਠੀਕ ਹੈ ਕਿ ਦਵਾਈ ਬਣਾਉਣ 'ਚ ਖੋਜ, ਕਲੀਨਿਕਲ ਟਰਾਇਲ, ਉਤਪਾਦਨ, ਗੁਣਵੱਤਾ ਜਾਂਚ, ਪੈਕਿੰਗ, ਆਵਾਜਾਈ ਤੇ ਵੰਡ ਵਰਗੇ ਖ਼ਰਚੇ ਹੁੰਦੇ ਹਨ ਪਰ ਸਵਾਲ ਇਹ ਹੈ ਕਿ ਮੁਨਾਫ਼ੇ ਦੀ ਕੋਈ ਹੱਦ ਤਾਂ ਹੋਣੀ ਚਾਹੀਦੀ ਹੈ। ਜੇ ਇਕ ਪਰਿਵਾਰ ਆਪਣੀ ਜ਼ਮੀਨ ਵੇਚ ਕੇ, ਕਰਜ਼ਾ ਚੁੱਕ ਕੇ ਜਾਂ ਆਪਣੀ ਸਾਰੀ ਪੂੰਜੀ ਖ਼ਰਚ ਕਰਕੇ ਕਿਸੇ ਆਪਣੇ ਦਾ ਇਲਾਜ ਕਰਵਾ ਰਿਹਾ ਹੈ, ਤਾਂ ਉਸ ਪਰਿਵਾਰ ਲਈ ਦਵਾਈ ਦੀ ਕੀਮਤ ਸਿਰਫ਼ ਇਕ ਅੰਕ ਨਹੀਂ ਹੁੰਦੀ, ਉਹ ਉਨ੍ਹਾਂ ਦੀ ਪੂਰੀ ਜ਼ਿੰਦਗੀ ਦੀ ਬੱਚਤ ਹੋ ਸਕਦੀ ਹੈ। ਇੱਥੇ ਇਕ ਮਹੱਤਵਪੂਰਨ ਗੱਲ ਇਹ ਹੈ ਕਿ ਜੇ ਕਿਸੇ ਖ਼ਾਸ ਦਵਾਈ ਬਾਰੇ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਉਸ 'ਤੇ 10 ਗੁਣਾ ਮੁਨਾਫ਼ਾ ਕਮਾਇਆ ਜਾ ਰਿਹਾ ਹੈ। ਇਸ 'ਤੇ ਸਰਕਾਰ ਅਤੇ ਸਬੰਧਤ ਰੇਗੂਲੇਟਰੀ ਸੰਸਥਾਵਾਂ ਇਸ ਦੀ ਜਾਂਚ ਕਰਨੀ ਚਾਹੀਦੀ ਹੈ। ਲੋਕਾਂ ਨੂੰ ਸਿਰਫ਼ ਸ਼ੋਸ਼ਲ ਮੀਡੀਆ 'ਤੇ ਦਾਅਵਿਆਂ 'ਤੇ ਨਹੀਂ ਰਹਿਣਾ ਚਾਹੀਦਾ ਬਲਕਿ ਸਾਹਮਣੇ ਆਉਣੇ ਚਾਹੀਦੇ ਹਨ। ਦਵਾਈਆਂ ਦੀ ਅਸਲੀ ਉਤਪਾਦਨ ਕੀਮਤ ਕੀ ਇਸ ਵਾਰੇ ਸਹੀ ਪ੍ਰਿੰਟਿਗ ਕਰਨੀ ਚਾਹੀਦੀ ਹੈ ਕੰਪਨੀ ਵੱਲੋਂ ਵਸੂਲੀ ਜਾਣ ਵਾਲੀ ਕੀਮਤ ਦੇ ਸਹੀ ਅੰਕੜੇ ਦਵਾਈ ਦੇ ਪੰਨੇ 'ਤੇ ਸਾਫ਼ ਸਾਫ਼ ਲਿਖੇ ਹੋਣੇ ਚਾਹੀਦੇ ਹਨ। ਡਿਸਟਰੀਬਿਊਟਰ ਅਤੇ ਰਿਟੇਲਰ ਦਾ ਕਿੰਨਾ ਮਾਰਜਿਨ ਹੈ ਇਸ ਨੂੰ ਕੰਪਨੀ ਵੱਲੋਂ ਪਾਰਦਰਸ਼ੀ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਦਵਾਈਆਂ ਦੀ ਸਰਕਾਰੀ ਕੀਮਤ ਕੰਟਰੋਲ ਕਰੇ ਤੇ ਮਰੀਜ਼ਾਂ ਨੂੰ ਸਸਤਾ ਜੈਨੇਰਿਕ ਜਾਂ ਬਾਇਓਸਿਮਿਲਰ ਵਿਕਲਪ ਉਪਲਬਧ ਕਰਵਾਏ। ਜੇ ਦਵਾਈਆਂ ਦੀ ਕੀਮਤ ਵਾਜਿਬ ਹੈ ਤਾਂ ਉਸ ਦਾ ਪੂਰਾ ਕੀਮਤ ਢਾਂਚਾ ਜਨਤਕ ਕੀਤਾ ਜਾਵੇ ਤਾਂ ਕਿ ਜਨਤਾ ਦਵਾਈਆਂ ਦੀ ਕੀਮਤ ਤੋਂ ਹੋ ਰਹੀ ਲੁੱਟ ਤੋਂ ਬਚ ਸਕੇ ਇਸ ਲਈ ਪਾਰਦਰਸ਼ਤਾ ਹੀ ਸਭ ਤੋਂ ਵੱਡਾ ਜਵਾਬ ਹੈ। ਸਿਹਤ ਦਾ ਵੱਡਾ ਮਕਸਦ ਹਮੇਸ਼ਾ ਮਨੁੱਖੀ ਜ਼ਿੰਦਗੀ ਦੀ ਰੱਖਿਆ ਹੋਣਾ ਚਾਹੀਦਾ ਹੈ। ਮਰੀਜ਼ ਨੂੰ ਗਾਹਕ ਸਮਝ ਕੇ ਉਸ ਦੀ ਮਜ਼ਬੂਰੀ ਦਾ ਆਰਥਿਕ ਲਾਭ ਉਠਾਉਣਾ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੋ ਸਕਦਾ ਹੈ। ਕੈਂਸਰ ਜਿਹੀ ਬੀਮਾਰੀ 'ਚ ਕਈ ਵਾਰ ਇਕ ਦਵਾਈ ਦਾ ਕੋਰਸ ਹਜ਼ਾਰਾਂ ਜਾਂ ਲੱਖਾਂ ਰੁਪਏ ਤੱਕ ਪਹੁੰਚ ਜਾਂਦਾ ਹੈ। ਜੋ ਕਿ ਹਰ ਪਰਿਵਾਰ ਇੰਨਾ ਖ਼ਰਚ ਨਹੀਂ ਝੱਲ ਸਕਦਾ, ਜਿਸ ਕਰ ਕੇ ਕਈ ਪਰਿਵਾਰ ਇਲਾਜ ਅਧੂਰਾ ਹੀ ਛੱਡਣ ਲਈ ਮਜਬੂਰ ਹੋ ਸਕਦੇ ਹਨ। ਇਸ ਲਈ ਸਰਕਾਰ ਦੀ ਜ਼ਿੰਮੇਵਾਰੀ ਸਿਰਫ਼ ਇਹ ਨਹੀਂ ਕਿ ਦਵਾਈ ਬਜ਼ਾਰ 'ਚ ਉਪਲਬਧ ਹੋਵੇ, ਉਸ ਦੀ ਇਹ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਲੋੜਵੰਦ ਮਰੀਜ਼ ਵੀ ਉਸ ਦਵਾਈ ਤੱਕ ਪਹੁੰਚ ਕਰ ਸਕੇ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦੀਆਂ ਜ਼ਰੂਰੀ ਦਵਾਈਆਂ ਦੀ ਕੀਮਤ ਬਾਰੇ ਨਿਯਮਤ ਰੂਪ 'ਚ ਆਡਿਟ ਹੋਣਾ ਸੁਨਿਸ਼ਚਿਤ ਕਰੇ। ਜਿੱਥੇ ਅਸਧਾਰਨ ਕੀਮਤਾਂ ਜਾਂ ਮਾਰਜਿਨ ਸਾਹਮਣੇ ਆਉਣ, ਉੱਥੇ ਕਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਨਾਲ ਹੀ ਸਰਕਾਰੀ ਹਸਪਤਾਲਾਂ 'ਚ ਕੈਂਸਰ ਦੀਆਂ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਵਧਾਈ ਜਾਣੀ ਚਾਹੀਦੀ ਹੈ।

# ਅਲ ਨੀਨੋ 2027 'ਚ ਧਰਤੀ ਦੇ ਜਲਵਾਯੂ ਨੂੰ ਕਿਵੇਂ ਪ੍ਰਭਾਵਿਤ ਕਰ ਸਕਦਾ ਹੈ?

ਸਾਲ 2027 ਦੇ ਜਲਵਾਯੂ ਉੱਤੇ ਅਲ ਨੀਨੋ ਦਾ ਪ੍ਰਭਾਵ ਇਸ ਗੱਲ ਉੱਤੇ ਨਿਰਭਰ ਕਰੇਗਾ ਕਿ ਇਹ ਘਟਨਾ ਵਿਕਸਿਤ ਹੁੰਦੀ ਹੈ ਜਾਂ ਨਹੀਂ, ਕਦੋਂ ਸ਼ੁਰੂ ਹੁੰਦੀ ਹੈ, ਕਿੰਨੀ ਸ਼ਕਤੀਸ਼ਾਲੀ ਹੁੰਦੀ ਹੈ ਅਤੇ ਮਨੁੱਖੀ ਗਤੀਵਿਧੀਆਂ ਕਾਰਨ ਹੋ ਰਹੀ ਲੰਬੇ ਸਮੇਂ ਦੀ ਵਿਸ਼ਵਵਿਆਪੀ ਤਪਸ਼ ਨਾਲ ਇਸ ਦਾ ਕਿਹੋ ਜਿਹਾ ਸੰਬੰਧ ਬਣਦਾ ਹੈ। ਜੇਕਰ ਇੱਕ ਮਹੱਤਵਪੂਰਨ ਅਲ ਨੀਨੋ ਵਿਕਸਿਤ ਹੁੰਦਾ ਹੈ, ਤਾਂ ਇਹ 2027 ਦੌਰਾਨ ਵਿਸ਼ਵ ਦੇ ਔਸਤ ਤਾਪਮਾਨ ਵਿੱਚ ਹੋਰ ਵਾਧਾ ਕਰਨ ਵਿੱਚ ਯੋਗਦਾਨ ਪਾ ਸਕਦਾ ਹੈ। ਅਲ ਨੀਨੋ ਸਮੁੰਦਰ ਅਤੇ ਵਾਯੂਮੰਡਲ ਵਿਚਕਾਰ ਗਰਮੀ ਦੀ ਵੰਡ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਸਮੁੰਦਰ ਵਿੱਚ ਇਕੱਠੀ ਹੋਈ ਗਰਮੀ ਦਾ ਕੁਝ ਹਿੱਸਾ ਵਾਯੂਮੰਡਲ ਤੱਕ ਪਹੁੰਚਦਾ ਹੈ। ਜਦੋਂ ਇਹ ਕੁਦਰਤੀ ਤਪਸ਼ ਲੰਬੇ ਸਮੇਂ ਤੋਂ ਚੱਲ ਰਹੀ ਵਿਸ਼ਵਵਿਆਪੀ ਤਪਸ਼ ਨਾਲ ਮਿਲਦੀ ਹੈ, ਤਾਂ ਬਹੁਤ ਜ਼ਿਆਦਾ ਗਰਮੀ ਪੈਣ ਦੀ ਸੰਭਾਵਨਾ ਵਧ ਸਕਦੀ ਹੈ। ਹਾਲਾਂਕਿ, ਪਹਿਲਾਂ ਹੀ ਇਹ ਮੰਨ ਲੈਣਾ ਠੀਕ ਨਹੀਂ ਹੋਵੇਗਾ ਕਿ 2027 ਵਿੱਚ ਸ਼ਕਤੀਸ਼ਾਲੀ ਅਲ ਨੀਨੋ ਜ਼ਰੂਰ ਆਵੇਗਾ। ਜਲਵਾਯੂ ਦੀਆਂ ਸਥਿਤੀਆਂ ਬਦਲਦੀਆਂ ਰਹਿੰਦੀਆਂ ਹਨ ਅਤੇ ਸੰਬੰਧਿਤ ਮੌਸਮ ਨੇੜੇ ਆਉਣ ਨਾਲ ਪੂਰਵ-ਅਨੁਮਾਨ ਹੋਰ ਸਪੱਸ਼ਟ ਹੁੰਦੇ ਹਨ। ਵਿਗਿਆਨੀ ਸਮੁੰਦਰੀ ਤਾਪਮਾਨ, ਵਪਾਰਕ ਹਵਾਵਾਂ, ਵਾਯੂਮੰਡਲੀ ਦਬਾਅ ਅਤੇ ਹੋਰ ਸੰਕੇਤਾਂ ਦੇ ਆਧਾਰ ਉੱਤੇ ਅਲ ਨੀਨੋ-ਲਾ ਨੀਨਾ ਚੱਕਰ ਦੀ ਸੰਭਾਵਨਾ ਦਾ ਅੰਦਾਜ਼ਾ ਲਗਾਉਂਦੇ ਹਨ।

**ਵਿਸ਼ਵਵਿਆਪੀ ਤਾਪਮਾਨ ਵਿੱਚ ਵਾਧਾ**

ਅਲ ਨੀਨੋ ਦਾ ਇੱਕ ਮਹੱਤਵਪੂਰਨ ਸੰਭਾਵੀ ਪ੍ਰਭਾਵ ਵਿਸ਼ਵ ਦੇ ਔਸਤ ਤਾਪਮਾਨ ਵਿੱਚ ਵਾਧਾ ਹੈ। ਪਿਛਲੇ ਕੁਝ ਸਾਲਾਂ ਨੇ ਦਿਖਾਇਆ ਹੈ ਕਿ ਕੁਦਰਤੀ ਜਲਵਾਯੂ ਪਰਿਵਰਤਨਸ਼ੀਲਤਾ ਅਤੇ ਲੰਬੇ ਸਮੇਂ ਦੀ ਤਪਸ਼ ਨਾਲ ਮਿਲ ਕੇ ਅਸਾਧਾਰਨ ਤੌਰ ਉੱਤੇ ਗਰਮ ਹਾਲਾਤ ਪੈਦਾ ਕਰ ਸਕਦੀਆਂ ਹਨ। ਜੇਕਰ 2027 ਵਿੱਚ ਅਲ ਨੀਨੋ ਦੀ ਸਥਿਤੀ ਬਣਦੀ ਹੈ, ਤਾਂ ਗ੍ਰੀਨਹਾਊਸ ਗੈਸਾਂ ਦੇ ਨਿਕਾਸ ਕਾਰਨ ਪਹਿਲਾਂ ਹੀ ਇਕੱਠੀ ਹੋਈ ਗਰਮੀ ਦੇ ਨਾਲ ਤਾਪਮਾਨ ਵਿੱਚ ਹੋਰ ਵਾਧਾ ਹੋ ਸਕਦਾ ਹੈ। ਇਸ ਨਾਲ ਖ਼ਾਸ ਕਰਕੇ ਉਨ੍ਹਾਂ ਖੇਤਰਾਂ ਵਿੱਚ ਗਰਮੀ ਦੀਆਂ ਲਹਿਰਾਂ ਦਾ ਖ਼ਤਰਾ ਵਧ ਸਕਦਾ ਹੈ, ਜਿੱਥੇ ਪਹਿਲਾਂ ਹੀ ਤਾਪਮਾਨ ਬਹੁਤ ਉੱਚਾ ਰਹਿੰਦਾ ਹੈ। ਥੋੜ੍ਹੇ ਸਮੇਂ ਦੀ ਜਲਵਾਯੂ ਪਰਿਵਰਤਨਸ਼ੀਲਤਾ ਅਤੇ ਲੰਬੇ ਸਮੇਂ ਦੇ ਰੁਝਾਨ ਵਿਚਕਾਰ ਅੰਤਰ ਸਮਝਣਾ ਜ਼ਰੂਰੀ ਹੈ। ਅਲ ਨੀਨੋ ਕੁਝ ਸਮੇਂ ਲਈ ਵਿਸ਼ਵ ਦਾ ਤਾਪਮਾਨ ਵਧਾ ਸਕਦਾ ਹੈ, ਪਰ ਧਰਤੀ ਦੇ ਲਗਾਤਾਰ ਗਰਮ ਹੋਣ ਦਾ ਮੁੱਖ ਕਾਰਨ ਮਨੁੱਖੀ ਗਤੀਵਿਧੀਆਂ ਤੋਂ ਨਿਕਲਣ ਵਾਲੀਆਂ ਗ੍ਰੀਨਹਾਊਸ ਗੈਸਾਂ ਹਨ।

**ਭਾਰਤੀ ਮਾਨਸੂਨ ਅਤੇ ਖੇਤੀਬਾੜੀ ਦੀਆਂ ਚੁਣੌਤੀਆਂ**

ਭਾਰਤ ਲਈ ਅਲ ਨੀਨੋ ਅਤੇ ਦੱਖਣ-ਪੱਛਮੀ ਮਾਨਸੂਨ ਵਿਚਕਾਰ ਸੰਬੰਧ ਵਿਸ਼ੇਸ਼ ਮਹੱਤਵ ਰੱਖਦਾ ਹੈ। ਭਾਰਤੀ ਖੇਤੀਬਾੜੀ ਦਾ ਵੱਡਾ ਹਿੱਸਾ ਮਾਨਸੂਨੀ ਵਰਖਾ ਉੱਤੇ ਨਿਰਭਰ ਕਰਦਾ ਹੈ। ਇਹ ਵਰਖਾ ਫ਼ਸਲਾਂ ਦੇ ਉਤਪਾਦਨ, ਧਰਤੀ ਹੇਠਲੇ ਪਾਣੀ ਦੇ ਮੁੜ ਭਰਨ ਅਤੇ ਪੇਂਡੂ ਲੋਕਾਂ ਦੀ ਰੋਜ਼ੀ-ਰੋਟੀ ਲਈ ਬਹੁਤ ਜ਼ਰੂਰੀ ਹੈ। ਇਤਿਹਾਸਕ ਤੌਰ ਉੱਤੇ ਅਲ ਨੀਨੋ ਦੀਆਂ ਸਥਿਤੀਆਂ ਭਾਰਤ ਵਿੱਚ ਆਮ ਨਾਲੋਂ ਘੱਟ ਮਾਨਸੂਨੀ ਵਰਖਾ ਦੀ ਵਧੀ ਹੋਈ ਸੰਭਾਵਨਾ ਨਾਲ ਜੁੜੀਆਂ ਰਹੀਆਂ ਹਨ। ਪਰ ਇਹ ਸੰਬੰਧ ਹਰ ਸਾਲ ਇੱਕੋ ਜਿਹਾ ਨਹੀਂ ਹੁੰਦਾ। ਅਲ ਨੀਨੋ ਵਾਲੇ ਕੁਝ ਸਾਲਾਂ ਵਿੱਚ ਵੀ ਕਾਫ਼ੀ ਚੰਗੀ ਵਰਖਾ ਹੋਈ ਹੈ। ਹਿੰਦ ਮਹਾਸਾਗਰ ਦੋਧਰੁਵੀ ਸਥਿਤੀ , ਖੇਤਰੀ ਸਮੁੰਦਰੀ ਤਾਪਮਾਨ, ਵਾਯੂਮੰਡਲੀ ਗਤੀਵਿਧੀਆਂ ਅਤੇ ਹੋਰ ਕਾਰਕ ਵੀ ਮਾਨਸੂਨ ਨੂੰ ਪ੍ਰਭਾਵਿਤ ਕਰਦੇ ਹਨ। ਜੇਕਰ 2027 ਵਿੱਚ ਅਲ ਨੀਨੋ ਵਿਕਸਿਤ ਹੁੰਦਾ ਹੈ, ਤਾਂ ਵਿਗਿਆਨੀਆਂ ਅਤੇ ਨੀਤੀ-ਨਿਰਮਾਤਾਵਾਂ ਨੂੰ ਮਾਨਸੂਨ ਉੱਤੇ ਇਸ ਦੇ ਸੰਭਾਵੀ ਪ੍ਰਭਾਵਾਂ ਦਾ ਧਿਆਨ ਨਾਲ ਅਧਿਐਨ ਕਰਨਾ ਪਵੇਗਾ। ਸਿਰਫ਼ ਅਲ ਨੀਨੋ ਦੇ ਆਧਾਰ ਉੱਤੇ ਇਹ ਮੰਨ ਲੈਣਾ ਠੀਕ ਨਹੀਂ ਕਿ ਸੋਕਾ ਜ਼ਰੂਰ ਪਵੇਗਾ।

**ਭਾਰੀ ਵਰਖਾ, ਹੜ੍ਹ ਅਤੇ ਸੋਕਾ**

ਅਲ ਨੀਨੋ ਵਾਯੂਮੰਡਲ ਵਿੱਚ ਗਰਮੀ ਅਤੇ ਨਮੀ ਦੀ ਵੰਡ ਨੂੰ ਬਦਲ ਕੇ ਦੁਨੀਆ ਭਰ ਵਿੱਚ ਵਰਖਾ ਦੇ ਪੈਟਰਨ ਨੂੰ ਪ੍ਰਭਾਵਿਤ ਕਰਦਾ ਹੈ। ਕੁਝ ਖੇਤਰਾਂ ਵਿੱਚ ਲੰਬੇ ਸਮੇਂ ਤੱਕ ਖੁਸ਼ਕ ਹਾਲਾਤ ਰਹਿ ਸਕਦੇ ਹਨ, ਜਦਕਿ ਹੋਰ ਖੇਤਰਾਂ ਵਿੱਚ ਆਮ ਨਾਲੋਂ ਕਿਤੇ ਵੱਧ ਵਰਖਾ ਹੋ ਸਕਦੀ ਹੈ। ਸੋਕੇ ਕਾਰਨ ਜਲ ਭੰਡਾਰਾਂ ਦਾ ਪੱਧਰ ਘਟ ਸਕਦਾ ਹੈ, ਫ਼ਸਲਾਂ ਨੂੰ ਨੁਕਸਾਨ ਹੋ ਸਕਦਾ ਹੈ, ਜੰਗਲੀ ਅੱਗ ਦਾ ਖ਼ਤਰਾ ਵਧ ਸਕਦਾ ਹੈ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਉੱਤੇ ਦਬਾਅ ਪੈ ਸਕਦਾ ਹੈ। ਇਸ ਦੇ ਉਲਟ, ਬਹੁਤ ਭਾਰੀ ਵਰਖਾ ਨਿਕਾਸੀ ਪ੍ਰਣਾਲੀਆਂ ਨੂੰ ਪ੍ਰਭਾਵਿਤ ਕਰ ਸਕਦੀ ਹੈ, ਅਚਾਨਕ ਹੜ੍ਹਾਂ ਦਾ ਕਾਰਨ ਬਣ ਸਕਦੀ ਹੈ ਅਤੇ ਸੜਕਾਂ, ਘਰਾਂ ਤੇ ਖੇਤੀਬਾੜੀ ਵਾਲੀ ਜ਼ਮੀਨ ਨੂੰ ਨੁਕਸਾਨ ਪਹੁੰਚਾ ਸਕਦੀ ਹੈ ਇਨ੍ਹਾਂ ਪ੍ਰਭਾਵਾਂ ਦਾ ਰੂਪ ਹਰ ਮਹਾਂਦੀਪ ਵਿੱਚ ਇੱਕੋ ਜਿਹਾ ਨਹੀਂ ਹੋਵੇਗਾ। ਖੇਤਰੀ ਭੂਗੋਲ, ਮਿੱਟੀ ਦੀ ਸਥਿਤੀ, ਜ਼ਮੀਨ ਦੀ ਵਰਤੋਂ, ਤੂਫ਼ਾਨਾਂ ਦੇ ਰਸਤੇ ਅਤੇ ਸਥਾਨਕ ਮੌਸਮੀ ਪ੍ਰਣਾਲੀਆਂ ਨੁਕਸਾਨ ਦੀ ਤੀਬਰਤਾ ਨੂੰ ਪ੍ਰਭਾਵਿਤ ਕਰਦੀਆਂ ਹਨ।

**ਮਹਾਸਾਗਰ, ਕੋਰਲ ਰੀਫ਼ ਅਤੇ ਸਮੁੰਦਰੀ ਜੀਵਨ**

ਮਹਾਸਾਗਰ ਦੋਹਰੀ ਚੁਣੌਤੀ ਦਾ ਸਾਹਮਣਾ ਕਰ ਰਹੇ ਹਨ—ਲੰਬੇ ਸਮੇਂ ਤੋਂ ਵਧ ਰਿਹਾ ਤਾਪਮਾਨ ਅਤੇ ਸਮੁੰਦਰੀ ਗਰਮੀ ਵਿੱਚ ਕੁਦਰਤੀ ਉਤਾਰ-ਚੜ੍ਹਾਅ। ਜਦੋਂ ਕੋਰਲ ਰੀਫ਼ਾਂ ਦੇ ਆਲੇ-ਦੁਆਲੇ ਪਾਣੀ ਲੰਬੇ ਸਮੇਂ ਤੱਕ ਅਸਾਧਾਰਨ ਤੌਰ ਉੱਤੇ ਗਰਮ ਰਹਿੰਦਾ ਹੈ, ਤਾਂ ਕੋਰਲ ਬਲੀਚਿੰਗ ਦੀ ਘਟਨਾ ਵਾਪਰ ਸਕਦੀ ਹੈ। ਗੰਭੀਰ ਜਾਂ ਲੰਬੇ ਸਮੇਂ ਤੱਕ ਰਹਿਣ ਵਾਲੀ ਬਲੀਚਿੰਗ ਕਾਰਨ ਕੋਰਲ ਮਰ ਸਕਦੇ ਹਨ ਅਤੇ ਸਮੁੰਦਰੀ ਜੀਵ-ਪ੍ਰਣਾਲੀਆਂ ਨੂੰ ਖ਼ਤਰਾ ਪੈਦਾ ਹੋ ਸਕਦਾ ਹੈ। ਸਮੁੰਦਰੀ ਤਾਪ ਲਹਿਰਾਂ ਮੱਛੀਆਂ ਦੀ ਵੰਡ ਬਦਲ ਸਕਦੀਆਂ ਹਨ, ਖੁਰਾਕੀ ਲੜੀਆਂ ਨੂੰ ਵਿਗਾੜ ਸਕਦੀਆਂ ਹਨ ਅਤੇ ਸਮੁੰਦਰੀ ਜੀਵਾਂ ਦੇ ਪ੍ਰਜਨਨ ਤੇ ਜੀਵਤ ਰਹਿਣ ਦੀ ਸਮਰੱਥਾ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਕੁਝ ਪ੍ਰਜਾਤੀਆਂ ਠੰਢੇ ਪਾਣੀਆਂ ਵੱਲ ਚਲੀਆਂ ਜਾ ਸਕਦੀਆਂ ਹਨ, ਜਦਕਿ ਹੋਰਾਂ ਲਈ ਨਵੀਆਂ ਸਥਿਤੀਆਂ ਅਨੁਸਾਰ ਢਲਣਾ ਮੁਸ਼ਕਲ ਹੋ ਸਕਦਾ ਹੈ।

**ਸਮੁੰਦਰ ਦੇ ਪੱਧਰ ਵਿੱਚ ਵਾਧਾ ਅਤੇ ਤੱਟਵਰਤੀ ਭਾਈਚਾਰੇ**

ਵਿਸ਼ਵਵਿਆਪੀ ਤਪਸ਼ ਕਾਰਨ ਸਮੁੰਦਰ ਦਾ ਪੱਧਰ ਮੁੱਖ ਤੌਰ ਉੱਤੇ ਦੋ ਕਾਰਨਾਂ ਕਰਕੇ ਵਧਦਾ ਹੈ। ਪਹਿਲਾ, ਗਰਮ ਹੋਣ ਨਾਲ ਸਮੁੰਦਰੀ ਪਾਣੀ ਫੈਲਦਾ ਹੈ। ਦੂਜਾ, ਪਿਘਲਦੇ ਗਲੇਸ਼ੀਅਰਾਂ ਅਤੇ ਬਰਫ਼ ਦੀਆਂ ਵਿਸ਼ਾਲ ਚਾਦਰਾਂ ਤੋਂ ਵਾਧੂ ਪਾਣੀ ਸਮੁੰਦਰਾਂ ਵਿੱਚ ਪਹੁੰਚਦਾ ਹੈ। ਸਮੁੰਦਰ ਦੇ ਪੱਧਰ ਵਿੱਚ ਲੰਬੇ ਸਮੇਂ ਤੋਂ ਹੋ ਰਹੇ ਵਾਧੇ ਦਾ ਇਕੱਲਾ ਕਾਰਨ ਅਲ ਨੀਨੋ ਨਹੀਂ ਹੈ। ਫਿਰ ਵੀ ਇਹ ਸਮੁੰਦਰੀ ਬੇਸਿਨਾਂ ਵਿੱਚ ਪਾਣੀ ਦੀ ਵੰਡ ਨੂੰ ਅਸਥਾਈ ਤੌਰ ਉੱਤੇ ਬਦਲ ਸਕਦਾ ਹੈ ਅਤੇ ਖੇਤਰੀ ਸਮੁੰਦਰੀ ਪੱਧਰ ਨੂੰ ਪ੍ਰਭਾਵਿਤ ਕਰ ਸਕਦਾ ਹੈ। ਜਦੋਂ ਇਹ ਤਬਦੀਲੀਆਂ ਉੱਚੀਆਂ ਲਹਿਰਾਂ, ਤੂਫ਼ਾਨੀ ਜਵਾਰ ਅਤੇ ਤੱਟਵਰਤੀ ਕਟਾਅ ਨਾਲ ਮਿਲਦੀਆਂ ਹਨ, ਤਾਂ ਕੁਝ ਤੱਟਵਰਤੀ ਭਾਈਚਾਰਿਆਂ ਲਈ ਖ਼ਤਰਾ ਵਧ ਸਕਦਾ ਹੈ।

**ਬਦਲਦੇ ਜਲਵਾਯੂ ਦੀ ਮਨੁੱਖੀ ਕੀਮਤ**

ਜਲਵਾਯੂ ਪਰਿਵਰਤਨ ਸਿਰਫ਼ ਵਾਤਾਵਰਣ ਦਾ ਮੁੱਦਾ ਨਹੀਂ ਹੈ। ਇਹ ਸਿਹਤ, ਸਮਾਨਤਾ ਅਤੇ ਆਰਥਿਕ ਸੁਰੱਖਿਆ ਨਾਲ ਵੀ ਜੁੜਿਆ ਹੋਇਆ ਹੈ। ਬਹੁਤ ਜ਼ਿਆਦਾ ਗਰਮੀ ਕਾਰਨ ਸਰੀਰ ਵਿੱਚ ਪਾਣੀ ਦੀ ਘਾਟ, ਹੀਟ ਐਗਜ਼ੌਸ਼ਨ ਅਤੇ ਜਾਨਲੇਵਾ ਹੀਟਸਟ ਰੋਕ ਹੋ ਸਕਦਾ ਹੈ। ਸੋਕਾ ਭੋਜਨ ਦੀ ਕਮੀ ਦਾ ਖ਼ਤਰਾ ਵਧਾ ਸਕਦਾ ਹੈ, ਜਦਕਿ ਹੜ੍ਹਾਂ ਕਾਰਨ ਪੀਣ ਵਾਲਾ ਪਾਣੀ ਦੂਸ਼ਿਤ ਹੋ ਸਕਦਾ ਹੈ ਅਤੇ ਸਿਹਤ ਸੇਵਾਵਾਂ ਪ੍ਰਭਾਵਿਤ ਹੋ ਸਕਦੀਆਂ ਹਨ। ਕੁਦਰਤੀ ਆਫ਼ਤਾਂ ਕਾਰਨ ਪਰਿਵਾਰਾਂ ਨੂੰ ਆਪਣੇ ਘਰ ਛੱਡਣੇ ਪੈ ਸਕਦੇ ਹਨ, ਬੱਚਿਆਂ ਦੀ ਪੜ੍ਹਾਈ ਵਿੱਚ ਵਿਘਨ ਪੈ ਸਕਦਾ ਹੈ ਅਤੇ ਗ

# ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਪਿੰਡ ਹੇਮਰਾਜਪੁਰ ਦੇ ਗੁਰੂ ਨਾਨਕ ਨਗਰ ਵਿਖੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ

ਗੁਰਦਾਸਪੁਰ, 14 ਅਕਤੂਬਰ (ਗੁਲਸ਼ਨ ਕੁਮਾਰ ਰਣੀਆਂ) ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਆਪਣੇ ਹਲਕੇ ਅੰਦਰ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਅੱਜ ਪਿੰਡ ਹੇਮਰਾਜਪੁਰ ਦੇ ਗੁਰੂ ਨਾਨਕ ਨਗਰ ਵਿਖੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਸਤਿੰਦਰ ਸਿੰਘ ਲਾਡੀ, ਸੰਗਤਪੁਰਾ, ਗੁਰਦੁਆਰਾ ਬਾਥਵਾਲਾ ਦੇ ਹੱਥੋਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।ਇਸ ਮੌਕੇ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਅੱਜ ਅਕਾਲ ਪੁਰਖ ਦੀ ਬਹੁਤ ਕਿਰਪਾ ਹੈ ਕਿ ਇਨ੍ਹਾਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਰੂਹਾਨੀਅਤ ਨਾਲ ਜੁੜੇ ਅਤੇ ਗੁਰੂ ਘਰ ਦੀ ਸੇਵਾ ਕਰਨ ਵਾਲੇ ਬਾਬਾ ਸਤਿੰਦਰ ਸਿੰਘ ਲਾਡੀ ਦੇ ਹੱਥੋਂ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿਸੇ ਕਾਰਜ ਦੀ ਸ਼ੁਰੂਆਤ ਗੁਰੂ ਘਰ ਨਾਲ ਜੁੜੀਆਂ ਸੰਗਤਾਂ ਦੇ ਹੱਥੋਂ ਹੁੰਦੀ ਹੈ ਤਾਂ ਅਕਾਲ ਪੁਰਖ ਦੀ ਮਿਹਰ ਸਦਕਾ ਉਹ ਕਾਰਜ ਸਫ਼ਲਤਾ ਨਾਲ ਨੇਪਰੇ ਚੜ੍ਹਦਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਵਿੱਚ ਵਿਕਾਸ ਦੀ ਰਫ਼ਤਾਰ ਨੂੰ ਕਿਸੇ ਵੀ ਕੀਮਤ 'ਤੇ ਰੁਕਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹੁਣ ਤੱਕ ਹਲਕੇ ਵਿੱਚ ਜਿਹੜੇ ਵੀ ਵਿਕਾਸ ਕਾਰਜ ਕਰਵਾਏ ਗਏ ਹਨ, ਉਹ ਬਿਨਾਂ ਕਿਸੇ ਭੇਦਭਾਵ ਅਤੇ ਰਾਜਨੀਤਿਕ ਸੋਚ ਤੋਂ ਉੱਪਰ ਉੱਠ ਕੇ ਕੀਤੇ ਗਏ ਹਨ। ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਪ੍ਰਾਪਤ ਹੋਣ ਵਾਲੀ ਰਾਸ਼ੀ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸਹੂਲਤ ਲਈ ਖਰਚਿਆ ਜਾ ਰਿਹਾ ਹੈ। ਅੱਜ ਹਰ ਪਿੰਡ ਅਤੇ ਹਰ ਨਗਰ ਵਿੱਚ ਵੱਖ-ਵੱਖ ਵਿਕਾਸ ਕਾਰਜ ਸ਼ੁਰੂ ਹੋਏ ਹਨ ਅਤੇ ਕਈ ਕੰਮ ਲਗਾਤਾਰ ਜਾਰੀ ਹਨ। ਉਨ੍ਹਾਂ ਦੀ ਰਾਜਨੀਤੀ ਸਾਫ਼-ਸੁਥਰੀ ਰਾਜਨੀਤੀ ਹੈ ਅਤੇ ਉਹ ਲੋਕਾਂ ਦੀ ਸੇਵਾ ਲਈ ਸਮਰਪਿਤ ਹਨ। ਉਹ ਹਰ ਸਮੇਂ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦਾ ਸਾਥ ਦੇਣ ਤਾਂ ਜੋ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾ ਸਕੇ। ਅੰਤ ਵਿੱਚ ਉਨ੍ਹਾਂ ਨੇ ਗੁਰੂ ਨਾਨਕ ਨਗਰ ਅਤੇ ਪਿੰਡ ਹੇਮਰਾਜਪੁਰ ਦੀ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ।ਇਸ ਮੌਕੇ ਗੁਰੂ ਨਾਨਕ ਨਗਰ ਦੇ ਸਰਪੰਚ ਸੁਰਜੀਤ ਸਿੰਘ ਨੇ ਦੱਸਿਆ ਕਿ ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਪਹਿਲਾਂ ਵੀ ਉਨ੍ਹਾਂ ਦੇ ਪਿੰਡ ਨੂੰ ਵਿਕਾਸ ਕਾਰਜਾਂ ਲਈ ਕਾਫ਼ੀ ਸਹਿਯੋਗ ਦਿੱਤਾ ਗਿਆ ਹੈ। ਪਹਿਲੀ ਵਾਰ ਪਿੰਡਾਂ ਵਿੱਚ ਇੰਨੇ ਵੱਡੇ ਪੱਧਰ 'ਤੇ ਵਿਕਾਸ ਕਾਰਜ ਜ਼ਮੀਨੀ ਪੱਧਰ 'ਤੇ ਹੁੰਦੇ ਦਿਖਾਈ ਦੇ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਗੁਰੂ ਨਾਨਕ ਨਗਰ ਵਿੱਚ ਇੰਟਰਲਾਕ ਟਾਈਲਾਂ ਲਗਾਉਣ ਲਈ 5 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ। ਪਿੰਡ ਦੀਆਂ ਗਲੀਆਂ ਪਹਿਲਾਂ ਹੀ ਪੱਕੀਆਂ ਕਰਵਾਈਆਂ ਜਾ ਚੁੱਕੀਆਂ ਹਨ ਅਤੇ ਹੁਣ ਪਿੰਡ ਦੇ ਉਨ੍ਹਾਂ ਵਸਨੀਕਾਂ ਦੇ ਘਰਾਂ ਤੱਕ ਜਾਂਦੇ ਰਸਤੇ ਪੱਕੇ ਕੀਤੇ ਜਾਣਗੇ, ਜਿਹੜੇ ਵੱਖ-ਵੱਖ ਡੇਰਿਆਂ ਵਿੱਚ ਰਹਿੰਦੇ ਹਨ। ਉਨ੍ਹਾਂ ਇਸ ਸਹਿਯੋਗ ਲਈ ਹਲਕਾ ਇੰਚਾਰਜ ਰਮਨ ਬਹਿਲ ਅਤੇ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਮੁੱਖ ਸੇਵਾਦਾਰ ਬਾਬਾ ਸਤਿੰਦਰ ਸਿੰਘ ਲਾਡੀ ਸੰਗਤਪੁਰਾ, ਗੁਰਦੁਆਰਾ ਬਾਥਵਾਲਾ, ਚੇਅਰਮੈਨ ਬਲਾਕ ਸੰਮਤੀ ਰਣਜੀਤ ਸਿੰਘ ਰਾਣਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਣਜੀਤ ਸਿੰਘ ਹੇਮਰਾਜਪੁਰ, ਯੂਥ ਵਿੰਗ ਕੋਆਰਡੀਨੇਟਰ ਸੰਦੀਪ ਸਿੰਘ ਸ਼ੇਰਾ, ਸਰਪੰਚ ਸੁਰਜੀਤ ਸਿੰਘ ਗੁਰੂ ਨਾਨਕ ਨਗਰ, ਸਰਪੰਚ ਗੁਰਦੀਵ ਸਿੰਘ ਟਿੰਕੂ ਬੱਬਰੀ, ਸਰਪੰਚ ਸੁਖਵਿੰਦਰ ਸਿੰਘ ਕਲਾਂ ਨੰਗਲ, ਮੈਂਬਰ ਪੰਚਾਇਤ ਗੁਰੂ ਨਾਨਕ ਨਗਰ ਸਤਨਾਮ ਸਿੰਘ, ਸੰਤੋਸ਼ ਸਿੰਘ, ਨਿਸ਼ਾਨ ਸਿੰਘ, ਗੁਰਦਾਸਪੁਰ ਦੇ ਵਾਰਡ ਨੰਬਰ 7 ਤੋਂ ਦਵਿੰਦਰ ਸਿੰਘ, ਸੰਦੀਪ ਸਿੰਘ ਲਾਡੀ ਅਤੇ ਗੁਰੂ ਨਾਨਕ ਨਗਰ ਤੇ ਪਿੰਡ ਹੇਮਰਾਜਪੁਰ ਦੀਆਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਵਾਰਸ ਪੰਜਾਬ ਦੇ ਆਗੂਆਂ ਵੱਲੋਂ ਬੰਦ ਦਾ ਸੱਦਾ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਪੀੜਤ ਪਰਿਵਾਰ ਲਈ ਇਨਸਾਫ਼ ਦੀ ਮੰਗ

ਸ੍ਰੀ ਹਰਗੋਬਿੰਦਪੁਰ ਸਾਹਿਬ (ਸੰਜੀਵ ਨਈਅਰ) ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦੇ ਵਿਰੋਧ ਵਿੱਚ ਵਾਰਸ ਪੰਜਾਬ ਦੇ ਆਗੂਆਂ ਵੱਲੋਂ ਸ੍ਰੀ ਹਰਗੋਬਿੰਦਪੁਰ ਸਾਹਿਬ ਨੂੰ ਮੁਕੰਮਲ ਤੌਰ 'ਤੇ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਲਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦੀ ਘਟਨਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਇਸ ਘਟਨਾ ਨੇ ਇਨਸਾਫ਼ ਅਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਪਲਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦਿਵਾਉਣ ਲਈ ਲੋਕਾਂ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜੇਕਰ ਕੋਈ ਵਿਅਕਤੀ ਇਸ ਹੱਤਿਆ ਲਈ ਜ਼ਿੰਮੇਵਾਰ ਪਾਇਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਪੀੜਤ ਪਰਿਵਾਰ ਨੂੰ ਇਨਸਾਫ਼ ਮਿਲ ਸਕੇ। ਉਨ੍ਹਾਂ ਕਿਹਾ ਕਿ ਵਾਰਸ ਪੰਜਾਬ ਦੇ ਆਗੂ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਇਨਸਾਫ਼ ਦੀ ਮੰਗ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਯਤਨਸ਼ੀਲ ਹਨ। ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸਮੂਹ ਦੁਕਾਨਦਾਰਾਂ, ਵਪਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਬੰਦ ਦੇ ਸੱਦੇ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਬੰਦ ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ ਅਤੇ ਪ੍ਰਸ਼ਾਸਨ ਦਾ ਧਿਆਨ ਇਸ ਗੰਭੀਰ ਮਾਮਲੇ ਵੱਲ ਖਿੱਚਣ ਲਈ ਕੀਤਾ ਜਾ ਰਿਹਾ ਹੈ। ਇਨਸਾਫ਼ ਦੀ ਮੰਗ ਲਈ ਇਕਜੁੱਟ ਹੋਣ ਦਾ ਸੱਦਾ ਵਾਰਸ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਕਿਸੇ ਵੀ ਵਿਅਕਤੀ ਨਾਲ ਬੇਇਨਸਾਫ਼ੀ ਨਹੀਂ ਹੋਣੀ ਚਾਹੀਦੀ ਅਤੇ ਅਜਿਹੇ ਮਾਮਲਿਆਂ ਵਿੱਚ ਕਾਨੂੰਨ ਅਨੁਸਾਰ ਨਿਰਪੱਖ ਕਾਰਵਾਈ ਹੋਣੀ ਲਾਜ਼ਮੀ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਜਲਦ ਤੋਂ ਜਲਦ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਵਾਰਸ ਪੰਜਾਬ ਦੇ ਆਗੂ ਜਤਿੰਦਰ ਸਿੰਘ ਭੱਟੀ, ਕੁਲਵਿੰਦਰ ਸਿੰਘ ਗਿੱਲ, ਗੁਰਮੇਲ ਸਿੰਘ ਉਪਲ, ਸਤਨਾਮ ਸਿੰਘ ਕਾਹਲੋਂ ਸਮੇਤ ਹੋਰ ਆਗੂ ਵੀ ਹਾਜ਼ਰ ਸਨ। ਸਮੂਹ ਆਗੂਆਂ ਨੇ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਬੁਲੰਦ ਕਰਨ ਅਤੇ ਲੋਕਾਂ ਨੂੰ ਇਸ ਮੁੱਦੇ 'ਤੇ ਇਕਜੁੱਟ ਹੋਣ ਦਾ ਸੱਦਾ ਦਿੱਤਾ। ਖ਼ਬਰ ਵਿੱਚ ਬੰਦ ਦਾ ਕਾਰਨ ਸਪਸ਼ਟ ਕਰੋ ਖ਼ਬਰ ਨੂੰ ਹੋਰ ਸੰਖੇਪ ਬਣਾਓ ਸਿਰਲੇਖ ਹੋਰ ਪ੍ਰਭਾਵਸ਼ਾਲੀ ਬਣਾਓ

# ਰਮਨ ਬਹਿਲ ਵਲੋਂ ਪਿੰਡ ਤੁੰਗ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ

ਗੁਰਦਾਸਪੁਰ, 14 ਅਕਤੂਬਰ (ਗੁਲਸ਼ਨ ਰਣੀਆਂ) ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਬਿਹਤਰ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿਸ ਨਾਲ ਲੋਕਾਂ ਨੂੰ ਵੱਡੀ ਸਿਹਤ ਸਹੂਲਤ ਮਿਲੀ ਹੈ।ਰਮਨ ਬਹਿਲ ਵਲੋਂ ਅੱਜ ਪਿੰਡ ਤੁੰਗ ਵਿਖੇ ਪਿੰਡ ਵਾਸੀਆਂ ਦੀ ਮੰਜੂਦਗੀ ਵਿੱਚ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਡਾ. ਰਮੇਸ਼ ਅੱਤਰੀ ਸਹਾਇਕ ਸਿਵਲ ਸਰਜਨ, ਡਾ. ਪ੍ਰਭਜੋਤ ਕੌਰ ਕਲਸੀ ਸਮੇਤ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਮੁਫ਼ਤ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਰਾਜ ਦੇ ਸਿਹਤ ਖੇਤਰ ਵਿੱਚ ਵੱਡੀ ਪੱਧਰ ਤੇ ਮਿਸਾਲੀ ਸੁਧਾਰ ਹੋਏ ਹਨ। ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਡਾਕਟਰੀ ਜਾਂਚ, ਦਵਾਈਆਂ ਅਤੇ ਵੱਖ-ਵੱਖ ਲੈਬ ਟੈਸਟਾਂ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ, ਜਿਸ ਨਾਲ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬਚਤ ਹੋ ਰਹੀ ਹੈ ਕਿਉਂਕਿ ਆਮ ਆਦਮੀ ਕਲੀਨਿਕ ਵਿਚ 46 ਤਰ੍ਹਾਂ ਦੇ ਟੈਸਟ ਅਤੇ 107 ਤਰ੍ਹਾਂ ਦੀਆਂ ਦਵਾਈਆਂ ਮੁਫ਼ਤ ਮਿਲ ਰਹੀਆਂ ਹਨ। ਇਸ ਕਲੀਨਿਕ ਵਿੱਚ ਕੋਈ ਪਰਚੀ ਫੀਸ ਨਹੀਂ ਲੱਗ ਰਹੀ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਖੋਲਣ ਨਾਲ ਲੋਕਾਂ ਨੂੰ ਯੋਗ ਮੈਡੀਕਲ ਅਫ਼ਸਰ ਵੱਲੋਂ ਮੁਆਇਨਾ ਕਰਕੇ ਲੋੜੀਂਦੇ ਟੈਸਟ ਅਤੇ ਦਵਾਈਆਂ ਮੁਫ਼ਤ ਮੁੱਹਈਆ ਕਰਵਾਈਆਂ ਜਾ ਰਹੀਆਂ ਹਨ ਜਿਸ ਦਾ ਫਾਇਦਾ ਜਲਾਲਾਬਾਦ ਨਿਵਾਸੀਆਂ ਨੂੰ ਮਿਲ ਰਿਹਾ ਹੈ।ਇਸ ਮੌਕੇ ਪਿੰਡ ਵਾਸੀਆਂ ਨੇ ਆਮ ਆਦਮੀ ਕਲੀਨਿਕ ਖੋਲ੍ਹਣ ਲਈ ਪੰਜਾਬ ਸਰਕਾਰ ਅਤੇ ਰਮਨ ਬਹਿਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਨਾਲ ਪਿੰਡ ਤੁੰਗ ਸਮੇਤ ਨੇੜਲੇ 20 ਪਿੰਡਾਂ ਦੇ ਲੋਕਾਂ ਨੂੰ ਵੀ ਸਿਹਤ ਸਹੂਲਤ ਮਿਲੇਗੀ।

# ਬੰਗਾ ਵਿੱਚ ਪ੍ਰੈੱਸ ਕਲੱਬ ਬਣਾਉਣ ਦੀ ਮੰਗ ਨੂੰ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਪਹਿਲ ਦੇ ਆਧਾਰ 'ਤੇ ਪੂਰਾ ਕੀਤਾਜਾਵੇਗਾ: ਸਤਵਿੰਦਰ ਪਾਲ ਬਿੱਟੂ

ਬੰਗਾ, 14 ਅਕਤੂਬਰ (ਮਨਜਿੰਦਰ ਸਿੰਘ) ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਬੰਗਾ ਹਲਕੇ ਦੇ ਨਵ-ਨਿਯੁਕਤ ਇੰਚਾਰਜ ਸਤਵਿੰਦਰ ਪਾਲ ਸਿੰਘ ਬਿੱਟੂ ਅੱਜ ਬੰਗਾ ਵਿਖੇ ਸਬ-ਡਿਵੀਜ਼ਨ ਦੇ ਪੱਤਰਕਾਰਾਂ ਦੇ ਰੂਬਰੂ ਹੋਏ। ਇਸ ਮੌਕੇ ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ, ਪਾਰਟੀ ਦੀ ਜਿੱਤ ਲਈ ਬਣਾਈ ਜਾ ਰਹੀ ਰਣਨੀਤੀ ਅਤੇ ਹਲਕੇ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ, ਇਸ ਮੌਕੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਸਬ-ਡਿਵੀਜ਼ਨ ਬੰਗਾ ਦੇ ਪ੍ਰਧਾਨ ਮਨਜਿੰਦਰ ਸਿੰਘ ਨੇ ਬੰਗਾ ਦੇ ਪੱਤਰਕਾਰਾਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਉਠਾਉਂਦਿਆਂ ਕਿਹਾ ਕਿ ਬੰਗਾ ਵਿੱਚ ਪੱਤਰਕਾਰਾਂ ਲਈ ਸਰਕਾਰ ਵੱਲੋਂ ਇੱਕ ਪ੍ਰੈੱਸ ਕਲੱਬ ਦੀ ਸਥਾਪਨਾ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਪੱਤਰਕਾਰ ਭਾਈਚਾਰੇ ਨੂੰ ਆਪਣੇ ਪੇਸ਼ੇਵਰ ਕੰਮਕਾਜ, ਮੀਟਿੰਗਾਂ ਅਤੇ ਹੋਰ ਪੱਤਰਕਾਰੀ ਗਤੀਵਿਧੀਆਂ ਲਈ ਢੁਕਵੀਂ ਜਗ੍ਹਾ ਮਿਲ ਸਕੇ। ਮਨਜਿੰਦਰ ਸਿੰਘ ਨੇ ਕਿਹਾ ਕਿ ਪਿਛਲੇ ਲਗਭਗ 15 ਸਾਲਾਂ ਦੌਰਾਨ ਵੱਖ-ਵੱਖ ਸਮਿਆਂ 'ਤੇ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਸੱਤਾ ਵਿੱਚ ਰਹੀਆਂ ਹਨ, ਪਰ ਬੰਗਾ ਦੇ ਪੱਤਰਕਾਰਾਂ ਵੱਲੋਂ ਪ੍ਰੈੱਸ ਕਲੱਬ ਬਣਾਉਣ ਦੀ ਮੰਗ ਅੱਜ ਤੱਕ ਪੂਰੀ ਨਹੀਂ ਹੋ ਸਕੀ। ਉਨ੍ਹਾਂ ਕਿਹਾ ਕਿ ਪੱਤਰਕਾਰ ਲੋਕਤੰਤਰ ਦਾ ਅਹਿਮ ਅੰਗ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਦੇ ਨਾਲ-ਨਾਲ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਦੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਲਈ ਪੱਤਰਕਾਰਾਂ ਨੂੰ ਇੱਕ ਸਾਂਝਾ ਮੰਚ ਅਤੇ ਬੁਨਿਆਦੀ ਸਹੂਲਤ ਮੁਹੱਈਆ ਕਰਵਾਉਣਾ ਸਮੇਂ ਦੀ ਲੋੜ ਹੈ। ਬੰਗਾ ਸਬ-ਡਿਵੀਜ਼ਨ ਦੇ ਪੱਤਰਕਾਰ ਲੰਮੇ ਸਮੇਂ ਤੋਂ ਇਸ ਮੰਗ ਨੂੰ ਉਠਾਉਂਦੇ ਆ ਰਹੇ ਹਨ, ਪਰ ਅਜੇ ਤੱਕ ਇਸ ਸਬੰਧੀ ਕੋਈ ਠੋਸ ਨਤੀਜਾ ਸਾਹਮਣੇ ਨਹੀਂ ਆਇਆ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਇਸ ਮੰਗ ਨੂੰ ਗੰਭੀਰਤਾ ਨਾਲ ਵਿਚਾਰ ਕੇ ਪੂਰਾ ਕੀਤਾ ਜਾਵੇਗਾ। ਪੱਤਰਕਾਰਾਂ ਦੀ ਇਸ ਮੰਗ 'ਤੇ ਭਰੋਸਾ ਦਿਵਾਉਂਦਿਆਂ ਸਤਵਿੰਦਰ ਪਾਲ ਸਿੰਘ ਬਿੱਟੂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਜਾ ਰਹੀ ਹੈ ਅਤੇ ਬੰਗਾ ਵਿੱਚ ਪ੍ਰੈੱਸ ਕਲੱਬ ਬਣਾਉਣ ਦੀ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਪੱਤਰਕਾਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਇਸ ਮੰਗ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਇਸ ਮੌਕੇ ਹਾਜ਼ਰ ਪੱਤਰਕਾਰਾਂ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਜ਼ਿਲ੍ਹਾ ਜਨਰਲ ਸਕੱਤਰ ਨਵਕਾਂਤ ਭਰੋਮਜਾਰਾ, ਸਬ-ਡਿਵੀਜ਼ਨ ਬੰਗਾ 

# ਸੁੱਚਾ ਸਿੰਘ ਰਾਹੀ ਵੱਲੋਂ ਕਰਵਾਇਆ ਗਿਆ ਚੌਥਾ ਅਕਾਦਮਿਕ ਸਕਾਲਰਸ਼ਿਪ ਵੰਡ ਅਤੇ ਅਧਿਆਪਕ ਸਨਮਾਨ ਸਮਾਰੋਹ ਕਰਵਾਇਆ

ਫਿਲੌਰ 14 ਅਕਤੂਬਰ (ਪ੍ਰਦੀਪ ਰਾਜਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀੜ ਬੰਸੀਆਂ ਵਿੱਚ ਉੱਘੇ ਸਮਾਜ ਸੇਵੀ ਸਰਦਾਰ ਸੁੱਚਾ ਸਿੰਘ ਰਾਹੀ (ਯੂ ਐਸ ਏ) ਪਿੰਡ ਰਾਜਪੁਰਾ ਤਹਿਸੀਲ ਫਿਲੌਰ ਵਲੋਂ ਚੌਥਾ ਅਕਾਦਮਿਕ ਸਕਾਲਰਸ਼ਿਪ ਵੰਡ ਅਤੇ ਅਧਿਆਪਕ ਸਨਮਾਨ ਸਮਾਰੋਹ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਰਾਹੀਂ ਕੀਤੀ ਗਈ। ਇਸ ਤੋਂ ਬਾਅਦ ਲੈਕਚਰਾਰ ਅਵਤਾਰ ਲਾਲ ਨੇ ਸੁੱਚਾ ਸਿੰਘ ਰਾਹੀ ਪਿੰਡ ਰਾਜਪੁਰਾ ਦੇ ਜੀਵਨ ਅਤੇ ਪ੍ਰਾਪਤੀਆਂ ਬਾਰੇ ਆਏ ਮਹਿਮਾਨਾਂ ਨੂੰ ਜਾਣਕਾਰੀ ਦਿੱਤੀ। ਲੈਕਚਰਾਰ ਪ੍ਰਦੀਪ ਸਿੰਘ ਰਾਜਪੁਰਾ ਵੱਲੋਂ ਸਰਦਾਰ ਸੁੱਚਾ ਸਿੰਘ ਵੱਲੋਂ ਕੀਤੇ ਗਏ ਸਮਾਜ ਸੇਵਾ ਦੇ ਕਾਰਜ ਅਤੇ ਇਸ ਸਕਾਲਰਸ਼ਿਪ ਫੰਡ ਸਮਾਰੋਹ ਦੇ ਮੰਤਵ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਮਾਗਮ ਵਿੱਚ ਗੁਰਾਇਆ ਬਲਾਕ ਇੱਕ ਦੇ 20 ਸਕੂਲਾਂ ਦੇ 45 ਮੈਰੀਟੋਰੀਅਸ ਵਿਦਿਆਰਥੀਆਂ ਨੂੰ ਨਗਦ ਇਨਾਮ ਪ੍ਰਤੀ ਵਿਦਿਆਰਥੀ 2000 ਰੁਪਏ, ਸ਼ਾਨਦਾਰ ਮੋਮੈਂਟੋ ਅਤੇ ਇੱਕ ਸਾਹਿਤਿਕ ਕਿਤਾਬ ਇਨਾਮ ਵਿੱਚ ਦਿੱਤੇ ਗਏ। ਇਸ ਸਮਾਰੋਹ ਵਿੱਚ 10 ਉਹਨਾਂ ਅਧਿਆਪਕਾਂ ਦਾ ਸਨਮਾਨ ਵੀ ਕੀਤਾ ਗਿਆ ਜਿਨ੍ਹਾਂ ਨੇ ਸਿੱਖਿਆ, ਸਮਾਜ ਸੇਵਾ ਅਤੇ ਵਿਗਿਆਨਿਕ ਚੇਤਨਾ ਵਿੱਚ ਵਿਸ਼ੇਸ਼ ਯੋਗਦਾਨ ਪਾਇਆ। ਸਨਮਾਨਤ ਹੋਣ ਵਾਲੇ ਅਧਿਆਪਕਾਂ ਵਿੱਚ ਸ੍ਰੀ ਕੁਲਵੰਤ ਰਾਮ, ਸਰਬਜੀਤ ਸਿੰਘ, ਜਸਵਿੰਦਰ ਕੌਰ, ਸੁਸ਼ੀਲ ਕੁਮਾਰ, ਦੀਪਕ ਕੁਮਾਰ, ਬਲਜੀਤ ਕੌਰ, ਸ਼੍ਰੀਮਤੀ ਸੁਰਿੰਦਰ, ਹਾਕਮ ਸਿੰਘ, ਸਰਬਜੀਤ ਸਿੰਘ ਤੇਹਿੰਗ ਅਤੇ ਕਿਰਨਦੀਪ ਕੌਰ ਸ਼ਾਮਿਲ ਸਨ। ਇਸ ਸਮਾਰੋਹ ਵਿੱਚ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀ ਦਮਨ ਕੁਮਾਰ ਜਮਾਤ ਬਾਰ੍ਹਵੀਂ ਨੇ ਆਪਣੀਆਂ ਕਲਾ ਕਿਰਤਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ, ਜਿਸ ਨੂੰ ਸਾਰੇ ਦਰਸ਼ਕਾਂ ਨੇ ਬਹੁਤ ਪਸੰਦ ਕੀਤਾ। ਸਰਦਾਰ ਸੁੱਚਾ ਸਿੰਘ ਰਾਹੀ ਨੇ ਉੱਚ ਸਿੱਖਿਆ ਪ੍ਰਾਪਤ ਕਰਕੇ ਅਮਰੀਕਾ ਵਿੱਚ ਪ੍ਰਸ਼ਾਸਨਿਕ ਅਹੁਦਿਆਂ ਤੇ ਸੇਵਾ ਨਿਭਾਈ ਅਤੇ ਉਹ ਪੰਜਾਬ ਵਿੱਚ ਪੇਂਡੂ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਹਮੇਸ਼ਾ ਯਤਨਸ਼ੀਲ ਹਨ। ਇਸ ਮੌਕੇ ਉਨ੍ਹਾਂ ਦੇ ਜੀਵਨ ਤੇ ਬਣੀ ਡਾਕੂਮੈਂਟਰੀ ਮੂਵੀ ਰੇਤੇ ਵਿੱਚ ਖਿੜਿਆ ਕੰਵਲ ਦਾ ਫੁੱਲ ਵੀ ਰਿਲੀਜ਼ ਕੀਤੀ ਗਈ। ਡਾ. ਦੀਪਕ ਭਾਟੀਆ ਐਸ ਡੀ ਐਮ ਫਿਲੌਰ ਨੇ ਉਚੇਚੇ ਤੌਰ ਤੇ ਪਹੁੰਚ ਕੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਅਤੇ ਮਿਹਨਤ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਪ੍ਰਿੰਸੀਪਲ ਕਮਲ ਕਿਸ਼ੋਰ, ਪ੍ਰਿੰਸੀਪਲ ਰੀਨਾ ਸ਼ਰਮਾ, ਮਾਸਟਰ ਸੁਰਿੰਦਰ ਕੁਮਾਰ ਪੁਆਰੀ, ਲੈਕਚਰਾਰ ਪਰਦੀਪ ਸਿੰਘ, ਮੈਡਮ ਮਨਜੀਤ ਕੌਰ, ਲੈਕਚਰਾਰ ਅਸ਼ੋਕ ਕੁਮਾਰ ਸਮੇਤ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ। ਮੈਡਮ ਕਿਰਨ ਬਾਲਾ ਨੇ ਸਭ ਦਾ ਧੰਨਵਾਦ ਕੀਤਾ। ਸਮਾਗਮ ਦੇ ਅੰਤ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀੜ ਬੰਸੀਆਂ ਜੱਜਾ ਢੀਡਸਾ ਵਿਦਿਆਰਥਣਾਂ ਨੇ ਪੰਜਾਬੀ ਲੋਕ - ਨਾਚ ਗਿੱਧਾ ਪੇਸ਼ ਕੀਤਾ। ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੰਦਾ ਹੋਇਆ ਇਹ ਸਮਾਰੋਹ ਯਾਦਗਾਰੀ ਹੋਰ ਨਿਬੜਿਆ। ਸਮੂਹ ਸਕੂਲ ਸਟਾਫ, ਸਕੂਲ ਮੈਨੇਜਮੈਂਟ ਕਮੇਟੀ, ਅਤੇ ਬੀੜ ਬੰਸੀਆਂ, ਜੱਜਾ ਅਤੇ ਢੀਡਸਾ ਪਿੰਡ ਦੀਆਂ ਗ੍ਰਾਮ ਪੰਚਾਇਤਾਂ ਨੇ ਸਰਦਾਰ ਸੁੱਚਾ ਸਿੰਘ ਰਾਹੀ ਜੀ ਦੇ ਇਸ ਨੇਕ ਉਪਰਾਲੇ ਲਈ ਧੰਨਵਾਦ ਕੀਤਾ।

# ਜ਼ਿਲ੍ਹੇ ਵਿੱਚ 36 ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਣ

ਅੰਮ੍ਰਿਤਸਰ, 14 ਅਕਤੂਬਰ (ਰਾਜੇਸ਼ ਡੈਨੀ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 36 ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਣ ਕੀਤੇ ਗਏ। ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਆਮ ਆਦਮੀ ਪਾਰਟੀ ਦੀ ਪੰਜਾਬ ਲੀਡਰਸ਼ਿਪ ਵੱਲੋਂ ਹੁਸ਼ਿਆਰਪੁਰ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਪੰਜਾਬ ਵਿੱਚ 154 ਨਵੇਂ ਆਮ ਆਦਮੀ ਕਲੀਨਿਕਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਉਪਰੰਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵੱਖ-ਵੱਖ ਥਾਵਾਂ 'ਤੇ ਕੈਬਨਿਟ ਮੰਤਰੀ ਪੰਜਾਬ ਸ. ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ, ਵਿਧਾਇਕਾ ਮੈਡਮ ਜੀਵਨਜੋਤ ਕੌਰ, ਵਿਧਾਇਕ ਸ. ਜਸਵਿੰਦਰ ਸਿੰਘ ਰਾਮਦਾਸ ਅਤੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਇਨ੍ਹਾਂ ਵਿੱਚ ਮਾਨਾਂਵਾਲਾ ਵਿਖੇ 8, ਰਮਦਾਸ ਵਿਖੇ 12, ਤਰਸਿੱਕਾ ਵਿਖੇ 2, ਵੇਰਕਾ ਵਿਖੇ 5, ਲੋਪੋਕੇ ਵਿਖੇ 7, ਥਰੀਏਵਾਲ ਵਿਖੇ 1 ਅਤੇ ਬਾਬਾ ਬਕਾਲਾ ਵਿਖੇ 1 ਆਮ ਆਦਮੀ ਕਲੀਨਿਕ ਸ਼ਾਮਲ ਹਨ। ਇਸ ਮੌਕੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਪੰਜਾਬ ਸ. ਹਰਭਜਨ ਸਿੰਘ ਈ.ਟੀ.ਓ. ਅਤੇ ਸਿਵਲ ਸਰਜਨ ਅੰਮ੍ਰਿਤਸਰ ਡਾ. ਭਾਰਤੀ ਧਵਨ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਨ੍ਹਾਂ ਕਲੀਨਿਕਾਂ ਰਾਹੀਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਅਤੇ ਵੱਖ-ਵੱਖ ਤਰ੍ਹਾਂ ਦੇ ਡਾਇਗਨੌਸਟਿਕ ਟੈਸਟਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਵਿੱਚ ਉਪਲਬਧ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਦੇ ਵਿਸਥਾਰ ਨਾਲ ਵੱਡੇ ਹਸਪਤਾਲਾਂ 'ਤੇ ਮਰੀਜ਼ਾਂ ਦਾ ਬੋਝ ਘਟਾਉਣ ਅਤੇ ਲੋਕਾਂ ਨੂੰ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਸ਼ਮੀ ਵਿੱਜ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ, ਡੀ.ਡੀ.ਐਚ.ਓ. ਡਾ. ਜਗਨਜੋਤ ਕੌਰ, ਸਹਾਇਕ ਸਿਵਲ ਸਰਜਨ ਡਾ. ਸਤਨਾਮ ਸਿੰਘ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਮਨਜੀਤ ਸਿੰਘ ਰਟੌਲ, ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਪਾਲ ਸਿੰਘ, ਜ਼ਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡੀ.ਪੀ.ਐਮ. ਸੁਖਜਿੰਦਰ ਸਿੰਘ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਸਿਹਤ ਵਿਭਾਗ ਦਾ ਸਮੂਹ ਸਟਾਫ਼ ਹਾਜ਼ਰ ਸੀ।

# 15 ਅਕਤੂਬਰ ਦੇ ਬੰਦ ਦੀ ਭਾਈ ਸਖੀਰਾ ਨੇ ਕੀਤੀ ਹਮਾਇਤ ਤੇ ਸਮੱਰਥਨ

ਅੰਮ੍ਰਿਤਸਰ, 14 ਅਕਤੂਬਰ (ਮੋਹਕਮ ਸਿੰਘ) ਬੀਤੇ ਦਿਨੀ ਮਾਨਸਾ ਵਿਖੇ ਮੈਡੀਕਲ ਡਰੱਗ ਤੱਸਕਰ ਦੇ ਵੱਲੋਂ ਗੋਲੀ ਮਾਰ ਕੇ ਕੱਤਲ ਕੀਤੇ ਗਏ ਸਮਾਜ ਸੇਵੀ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇੰਨਸਾਫ ਦਿਵਾਉਣ ਲਈ ਬਣੀ ਕਮੇਟੀ ਦੇ ਵੱਲੋਂ 15 ਅਕਤੂਬਰ ਨੂੰ ਦਿੱਤੇ ਗਏ ਬੰਦ ਦੇ ਸੱਦੇ ਦੀ ਵੱਖ ਵੱਖ ਇੰਨਸਾਫ ਅਮਨ ਪਸੰਦ ਜੱਥੇਬੰਦੀਆਂ ਦੇ ਵੱਲੋਂ ਹਮਾਇਤ ਤੇ ਸਮੱਰਥਨ ਕੀਤਾ ਗਿਆ। ਇਸੇ ਸਿਲਸਿਲੇ ਤਹਿਤ ਸੰਨ 2015 ਦੇ ਸਰਬੱਤ ਖਾਲਸਾ ਸੰਮੇਲਨ ਦੇ ਮੁੱਖ ਪ੍ਰਬੰਧਕ ਭਾਈ ਜਰਨੈਲ ਸਿੰਘ ਸਖੀਰਾ ਦੇ ਵੱਲੋਂ ਵੀ ਇਸ ਬੰਦ ਦੀ ਫੁੱਲ ਹਮਾਇਤ ਤੇ ਸਮੱਰਥਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਹੀ ਵੱਲੋਂ ਚਲਾਏ ਗਏ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਅਸਫਲ ਰਹੀ ਹੈ। ਦੋਸ਼ੀ ਅਸ਼ਵਨੀ ਕੁਮਾਰ ਨੇ ਕਈ ਸ਼ਿਕਾਇਤਾ ਤੇ ਸ਼ੋਸ਼ਲ ਮੀਡੀਆ ਤੇ ਵੀਡੀਉ ਕਲਿੱਪ ਜਾਰੀ ਹੋਣ ਦੇ ਬਾਵਜੂਦ ਵੀ ਇਸ ਦੇ ਖਿਲਾਫ ਕੋਈ ਕਾਰਵਾਈ ਨਹੀਂ ਹੋਈ। ਅਗਰ ਸਮਾਜ ਸੇਵੀ ਪਰਵਿੰਦਰ ਸਿੰਘ ਝੋਟਾ ਦੇ ਵੱਲੋਂ ਆਪਣੇ ਪੱਧਰ ਤੇ ਕੋਈ ਕਾਰਵਾਈ ਕੀਤੀ ਗਈ ਤਾਂ ਉਸਦਾ ਨਤੀਜਾ ਸੱਭ ਦੇ ਸਾਹਮਣੇ ਹੈ। ਉਨ੍ਹਾਂ ਕਿਹਾ ਕਿ ਜੋ ਕੰਮ ਸਰਕਾਰ ਨਹੀਂ ਸੀ ਕਰ ਰਹੀ ਉਹ ਕੰਮ ਪਰਵਿੰਦਰ ਸਿੰਘ ਝੋਟਾ ਦੇ ਵੱਲੋਂ ਕੀਤਾ ਜਾ ਰਿਹਾ। ਸਰਕਾਰ ਉਸ ਦੀ ਮੱਦਦ ਕਰਨ ਦੀ ਬਜਾਏ ਡੱਕੇ ਡਹਾਉਣ ਵਿੱਚ ਲੱਗੀ ਰਹੀ। ਹੁਣ ਵੀ ਉਸ ਦੀ ਮੌਤ ਤੋਂ ਬਾਅਦ ਉਸ ਨੂੰ ਭੰਡਿਆ ਜਾ ਰਿਹਾ ਹੈ। ਜਿਸ ਨਾਲ ਸਰਕਾਰ ਦਾ ਦੋਹਰਾ ਚਿਹਰਾ ਉ6ਭਰ ਕੇ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਤੇ ਸਰਕਾਰ ਦੋਹਰੇ ਮਾਪਦੰਡ ਅਪਣਾ ਰਹੀ ਹੈ। ਜਿਸ ਦਾ ਖਾਮਿਆਜਾ ਸਰਕਾਰ ਨੂੰ 2027 ਦੀਆਂ ਚੋਣਾਂ ਵਿੱਚ ਭੁਗਤਣਾ ਪਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਦਾ ਠਾਠਾ ਮਾਰਦਾ ਵਿਸ਼ਾਲ ਇਕੱਠ ਝੋਟੇ ਦੀ ਮਿਸਾਲੀ ਕਾਰਜਸ਼ੈਲੀ ਦੀ ਗਵਾਹੀ ਭਰ ਰਿਹਾ ਹੈ। ਸਰਕਾਰ ਨੇ ਵਿਖਾਵੇ ਦੇ ਤੌਰ ਤੇ ਦੋਸ਼ੀ ਅਸ਼ਵਨੀ ਕੁਮਾਰ ਦਾ ਘਰ ਅਤੇ ਦੁਕਾਨ ਢਹਿ ਢੇਰੀ ਕੀਤੀ ਹੈ। ਜਦੋਂ ਕਿ ਉਸ ਦੀ ਬੇਨਾਮੀ ਕਰੋੜਾਂ ਰੁਪਏ ਦੀ ਜ਼ਮੀਨ ਜਾਇਦਾਦ ਦਾ ਸਾਮਰਾਜ ਜਿਉਂ ਦਾ ਤਿਉਂ ਬਰਕਰਾਰ ਹੈ। ਭਾਈ ਸਖੀਰਾ ਨੇ ਹਰੇਕ ਇਨਸਾਫ ਤੇ ਅਮਨ ਪਸੰਦ ਪੰਜਾਬੀ ਨੂੰ 15 ਅਕਤੂਬਰ ਨੂੰ ਆਪਣਾ ਕਾਰੋਬਾਰ ਠੱਪ ਰੱਖ ਕੇ ਬੰਦ ਦਾ ਸਮੱਰਥਨ ਤੇ ਹਮਾਇਤ ਕਰਨ ਦੀ ਅਪੀਲ ਕੀਤੀ ਹੈ।

# ਪਿੰਡ ਭੜੋਲੀ ਵਿੱਚ ਸਵਰਨ ਸਿੰਘ ਸਲਾਰੀਆ ਨੇ ਕੀਤਾ ਆਮ ਆਦਮੀ ਕਲੀਨਿਕ ਦਾ ਉਦਘਾਟਨ

ਪਠਾਨਕੋਟ 14, ਅਕਤੂਬਰ (ਤਰੁਣ ਸਣਹੋਤਰਾ) ਪਿੰਡ ਭੜੋਲੀ ਦੇ ਵਾਰਡ ਨੰਬਰ 46 ਵਿਖੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸਥਾਪਿਤ ਕੀਤੇ ਗਏ ਆਮ ਆਦਮੀ ਕਲੀਨਿਕ ਦਾ ਉਦਘਾਟਨ ਹਲਕਾ ਸੁਜਾਨਪੁਰ ਦੇ ਇੰਚਾਰਜ ਡਾ. ਸਵਰਨ ਸਿੰਘ ਸਲਾਰੀਆ ਵੱਲੋਂ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਪਠਾਨਕੋਟ ਡਾ. ਸੁਨੀਤਾ ਸ਼ਰਮਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕਲੀਨਿਕ ਦੇ ਉਦਘਾਟਨ ਨਾਲ ਪਿੰਡ ਵਾਸੀਆਂ ਨੂੰ ਆਪਣੇ ਨੇੜੇ ਹੀ ਸਿਹਤ ਸਹੂਲਤਾਂ ਮਿਲਣ ਦਾ ਰਾਹ ਖੁੱਲ੍ਹਿਆ ਹੈ। ਸਮਾਗਮ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੁੱਖ ਮਹਿਮਾਨ ਡਾ. ਸਵਰਨ ਸਿੰਘ ਸਲਾਰੀਆ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ। ਇਸ ਉਪਰੰਤ ਉਨ੍ਹਾਂ ਨੇ ਰਿਬਨ ਕੱਟ ਕੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ। ਡਾ. ਸਵਰਨ ਸਿੰਘ ਸਲਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡ ਭੜੋਲੀ ਦੇ ਲੋਕਾਂ ਨੂੰ ਆਮ ਆਦਮੀ ਕਲੀਨਿਕ ਦੇ ਰੂਪ ਵਿੱਚ ਵੱਡੀ ਸੌਗਾਤ ਦਿੱਤੀ ਗਈ ਹੈ। ਕਲੀਨਿਕ ਵਿੱਚ ਮਰੀਜ਼ਾਂ ਦੀ ਸਹੂਲਤ ਲਈ ਸਾਫ਼-ਸੁਥਰਾ ਅਤੇ ਏਅਰ-ਕੰਡੀਸ਼ਨਡ ਵਾਤਾਵਰਣ ਮੁਹੱਈਆ ਕਰਵਾਇਆ ਗਿਆ ਹੈ। ਇੱਥੇ ਮਰੀਜ਼ਾਂ ਦੇ ਲੋੜੀਂਦੇ ਟੈਸਟ ਅਤੇ ਦਵਾਈਆਂ ਮੁਫ਼ਤ ਉਪਲਬਧ ਕਰਵਾਈਆਂ ਜਾਂਦੀਆਂ ਹਨ ਅਤੇ ਟੈਸਟਾਂ ਦੀਆਂ ਰਿਪੋਰਟਾਂ ਵੀ ਉਸੇ ਦਿਨ ਮਿਲ ਜਾਂਦੀਆਂ ਹਨ, ਜਿਸ ਨਾਲ ਲੋਕਾਂ ਨੂੰ ਸਮੇਂ ਸਿਰ ਇਲਾਜ ਕਰਵਾਉਣ ਵਿੱਚ ਸਹੂਲਤ ਮਿਲਦੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਅਤੇ ਸਿਹਤ, ਸਿੱਖਿਆ ਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਨੇ ਸਰਕਾਰ ਵੱਲੋਂ ਘਰੇਲੂ ਬਿਜਲੀ ਬਿੱਲਾਂ ਵਿੱਚ ਦਿੱਤੀ ਜਾ ਰਹੀ ਰਾਹਤ ਅਤੇ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੀ ਜ਼ਿਕਰ ਕੀਤਾ। ਉਦਯੋਗਾਂ ਦੇ ਵਿਕਾਸ ਨਾਲ ਨੌਜਵਾਨਾਂ ਲਈ ਰੁਜ਼ਗਾਰ ਦੇ ਹੋਰ ਮੌਕੇ ਪੈਦਾ ਹੋਣਗੇ। ਡਾ. ਸਲਾਰੀਆ ਨੇ ਪਿੰਡਾਂ ਦੇ ਸਰਪੰਚਾਂ ਨੂੰ ਸਨਮਾਨਿਤ ਕਰਨ ਅਤੇ ਪੰਚਾਇਤੀ ਨੁਮਾਇੰਦਿਆਂ ਨੂੰ ਬਣਦਾ ਮਾਣ-ਸਤਿਕਾਰ ਦੇਣ ਸਬੰਧੀ ਸਰਕਾਰ ਦੇ ਯਤਨਾਂ ਬਾਰੇ ਵੀ ਗੱਲ ਕੀਤੀ। ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਇਸ ਮੌਕੇ ਪਿੰਡ ਵਾਸੀਆਂ ਅਤੇ ਹਾਜ਼ਰ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਪਿੰਡ ਵਿੱਚ ਆਮ ਆਦਮੀ ਕਲੀਨਿਕ ਦੀ ਸਹੂਲਤ ਸ਼ੁਰੂ ਕਰਨ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਗਿਆ। ਸਮਾਗਮ ਵਿੱਚ ਡਾ. ਜੀਵਨ ਪ੍ਰਕਾਸ਼, ਡਾ. ਸ਼ੈਲਾ ਡੀ. ਡੀ. ਐੱਚ. ਓ., ਕੌਂਸਲਰ ਪਰਮਜੀਤ ਕੌਰ, ਡਾ. ਸੰਦੀਪ ਐੱਸ. ਐੱਮ. ਓ. ਘਰੋਟਾ ਸਮੇਤ ਸਿਹਤ ਵਿਭਾਗ ਦੇ ਅਧਿਕਾਰੀ, ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਕਰਵਾਈ ਗਈ ਰਚਨਾਤਮਕ ਰੰਗਾਂ ਦੀ ਗਤੀਵਿਧੀ

ਜਗਰਾਉਂ, 14 ਅਕਤੂਬਰ (ਜਗਦੀਪ ਸਿੰਘ) ਬਲੌਸਮਜ਼ ਕਾਨਵੈਂਟ ਸਕੂਲ, ਲੀਲਾਂ ਮੇਘ ਸਿੰਘ (ਜਗਰਾਉਂ) ਵਿਖੇ ਪਲੇਅਵੇਅ ਜਮਾਤ ਦੇ ਨੰਨ੍ਹੇ ਮੁੰਨ੍ਹੇ ਬੱਚਿਆਂ ਲਈ ਇੱਕ ਦਿਲਚਸਪ ਅਤੇ ਰਚਨਾਤਮਕ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਦੌਰਾਨ ਅਧਿਆਪਕਾ ਵੱਲੋਂ ਕਾਗਜ਼ ਉੱਤੇ ਪਹਿਲਾਂ ਇੱਕ ਮੁਸਕਰਾਉਂਦਾ 

# ਪੰਜਾਬ ਕਰ ਵਿਭਾਗ ਨੇ ਟੈਕਸ ਚੋਰਾਂ 'ਤੇ ਕੱਸਿਆ ਸ਼ਿਕੰਜਾ

## 429 ਕਰੋੜ ਰੁਪਏ ਦੇ ਜੀ.ਐਸ.ਟੀ. ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼ : ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 14 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) :** ਟੈਕਸ ਚੋਰੀ ਨੂੰ ਜੜ੍ਹੋਂ ਖਤਮ ਕਰਨ ਲਈ ਇੱਕ ਵੱਡੀ ਕਾਰਵਾਈ ਕਰਦਿਆਂ, ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਇੱਕ ਬਹੁਤ ਹੀ ਸੰਗਠਿਤ, ਬਹੁ-ਰਾਜੀ ਜੀ.ਐਸ.ਟੀ. ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼ ਕਰਨ ਦਾ ਐਲਾਨ ਕੀਤਾ। ਵੇਰਵੇ ਸਾਂਝੇ ਕਰਦਿਆਂ ਵਿੱਤ ਮੰਤਰੀ ਨੇ ਕਿਹਾ, 'ਇਸ ਸ਼ੱਕੀ ਟੈਕਸ ਚੋਰੀ ਵਿੱਚ 2,410.22 ਕਰੋੜ ਰੁਪਏ ਦੀ ਵੱਡੀ ਟੈਕਸਯੋਗ ਰਕਮ ਸ਼ਾਮਲ ਹੈ, ਜਿਸ ਨਾਲ 429.30 ਕਰੋੜ ਰੁਪਏ ਦਾ ਜੀ.ਐਸ.ਟੀ. ਫਰਾਡ ਹੋਇਆ ਹੈ।' ਇਹ ਸਪੱਸ਼ਟ ਕਰਦਿਆਂ ਕਿ ਕੋਈ ਵੀ ਕਾਨੂੰਨ ਤੋਂ ਉੱਪਰ ਨਹੀਂ ਹੈ ਅਤੇ ਸੂਬਾ ਸਰਕਾਰ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਵਚਨਬੱਧ ਹੈ, ਵਿੱਤ ਮੰਤਰੀ ਚੀਮਾ ਨੇ ਖੁਲਾਸਾ ਕੀਤਾ ਕਿ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ (ਸਿਪੂ) ਦੁਆਰਾ ਇਕੱਠੀ ਕੀਤੀ ਗਈ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਪੁਲਿਸ ਸਟੇਸ਼ਨ ਡਿਵੀਜ਼ਨ ਨੰਬਰ 4, ਲੁਧਿਆਣਾ ਵਿਖੇ ਇੱਕ ਐਫ.ਆਈ.ਆਰ. (ਨੰਬਰ 0185 ਮਿਤੀ 13 ਅਕਤੂਬਰ, 2026) ਦਰਜ ਕੀਤੀ ਗਈ ਹੈ।

ਵਿੱਤ ਮੰਤਰੀ ਨੇ ਦੱਸਿਆ, 'ਇਹ ਮਾਮਲਾ ਸ਼੍ਰੀ ਬਾਲਾਜੀ ਟਰਾਂਸਪੋਰਟ ਕੰਪਨੀ ਦੇ ਮਾਲਕ ਹਰਸ਼ ਥਾਪਰ, ਅਤੇ ਉਸਦੇ ਸਾਥੀਆਂ ਸੰਮੀ ਧੀਮਾਨ, ਜੱਸ ਅਤੇ ਹੋਰਾਂ ਵਿਰੁੱਧ ਭਾਰਤੀ ਨਿਆਏ ਸੰਹਿਤਾ, 2023 ਦੀਆਂ ਸਬੰਧਤ ਧਾਰਾਵਾਂ ਅਤੇ ਕੇਂਦਰੀ ਵਸਤਾਂ ਅਤੇ ਸੇਵਾਵਾਂ ਕਰ (ਸੀ.ਜੀ.ਐਸ.ਟੀ.) ਐਕਟ, 2017 ਦੀ ਧਾਰਾ 132 ਤਹਿਤ ਦਰਜ ਕੀਤਾ ਗਿਆ ਹੈ।' ਵਿਭਾਗ ਵੱਲੋਂ ਕਥਿਤ ਦੋਸ਼ੀਆਂ ਨੂੰ ਰੰਗੇ ਹੱਥੀਂ ਫੜਨ ਬਾਰੇ ਚਾਨਣਾ ਪਾਉਂਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਇਸ ਮਾਮਲੇ ਦੀ ਤਾਰ 30 ਸਤੰਬਰ, 2026 ਨੂੰ ਜੁੜੀ, ਜਦੋਂ ਸਿਪੂ, ਲੁਧਿਆਣਾ ਦੇ ਇੱਕ ਸਟੇਟ ਟੈਕਸ ਅਧਿਕਾਰੀ ਨੇ ਦਿੱਲੀ ਤੋਂ ਪੰਜਾਬ ਆ ਰਹੇ ਸਾਮਾਨ ਵਾਲੇ ਇੱਕ ਵਾਹਨ ਨੂੰ ਰੋਕਿਆ। ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਭਾਵੇਂ ਇਸ ਮਾਮਲੇ ਵਿੱਚ ਈ-ਵੇਅ ਬਿੱਲਾਂ ਅਤੇ ਇਨਵੌਇਸਾਂ ਵਿੱਚ ਪੰਜਾਬ ਸਥਿਤ ਤਿੰਨ ਫਰਮਾਂ ਨੂੰ ਸਪਲਾਈ ਕੀਤੇ ਜਾਣ ਦਾ ਜ਼ਿਕਰ ਸੀ, ਪਰ ਜਦੋਂ ਵਿਭਾਗ ਵੱਲੋਂ ਉਕਤ ਪ੍ਰਾਪਤਕਰਤਾਵਾਂ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਅਜਿਹਾ ਕੋਈ ਆਰਡਰ ਦੇਣ ਜਾਂ ਸਾਮਾਨ ਖਰੀਦਣ ਤੋਂ ਸਾਫ਼ ਇਨਕਾਰ ਕਰ ਦਿੱਤਾ। ਕਰ ਚੋਰਾਂ ਨੂੰ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਵਿੱਤ ਮੰਤਰੀ ਨੇ ਕਿਹਾ, 'ਟੈਕਸ ਚੋਰੀ ਕਰਨ ਲਈ ਜਾਅਲੀ ਦਸਤਾਵੇਜ਼ ਬਣਾਉਣ ਜਾਂ ਵਰਤਣ ਵਾਲਿਆਂ ਨੂੰ ਸਖਤ ਨਤੀਜੇ ਭੁਗਤਣੇ ਪੈਣਗੇ। ਅਜਿਹੇ ਵਾਈਟ-ਕਾਲਰ ਅਪਰਾਧਾਂ ਵਿੱਚ ਜਾਣਬੁੱਝ ਕੇ ਮਦਦ ਕਰਨ ਵਾਲੇ ਵਿਚੋਲਿਆਂ ਅਤੇ ਟਰਾਂਸਪੋਰਟਰਾਂ ਨੂੰ ਵੀ ਜਵਾਬਦੇਹੀ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ। ਅਸੀਂ ਖਰੇ ਅਤੇ ਖੋਟੇ ਵਿੱਚ ਪੂਰੀ ਤਰ੍ਹਾਂ ਫਰਕ ਰੱਖਾਂਗੇ; ਸਾਡੇ ਇਮਾਨਦਾਰ ਕਰਦਾਤਾਵਾਂ ਦਾ ਪੂਰਾ ਬਚਾਅ ਕਰਦਿਆਂ ਉਨ੍ਹਾਂ ਨੂੰ ਸਹੂਲਤਾਂ ਦਿੱਤੀਆਂ ਜਾਣਗੀਆਂ, ਪਰ ਜਾਣਬੁੱਝ ਕੇ ਟੈਕਸ ਚੋਰੀ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।'

## ਸ਼ਡਾ ਇੱਕ ਦੀਆਂ ਬਾਕੀ...

### ਪਰਵਿੰਦਰ ਸਿੰਘ ਝੋਟਾ ਦੇ.....

ਵਾਰਦਾਤ ਵਿੱਚ ਵਰਤਿਆ ਗਿਆ ਪਿਸਤੌਲ ਵੀ ਬਰਾਮਦ ਕੀਤਾ ਗਿਆ ਹੈ। ਇਸ ਮਾਮਲੇ ਵਿੱਚ ਇੱਕ ਹੋਰ ਵਿਅਕਤੀ ਨੂੰ ਵੀ ਮੁਲਜ਼ਮ ਦੀ ਭੱਜਣ ਵਿੱਚ ਮਦਦ ਕਰਨ ਦੇ ਸ਼ੱਕ ਹੇਠ ਕਾਬੂ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਸੀ। ਪੁਲਿਸ ਵੱਲੋਂ ਕਤਲ ਦੇ ਪਿੱਛੇ ਦੇ ਕਾਰਨਾਂ ਅਤੇ ਘਟਨਾ ਨਾਲ ਜੁੜੇ ਹੋਰ ਪੱਖਾਂ ਦੀ ਜਾਂਚ ਕੀਤੀ ਜਾ ਰਹੀ ਹੈ। 14 ਅਕਤੂਬਰ ਨੂੰ ਮਾਨਸਾ ਵਿੱਚ ਪ੍ਰਸ਼ਾਸਨ ਵੱਲੋਂ ਅਸ਼ਵਨੀ ਕੁਮਾਰ ਦੇ ਘਰ 'ਤੇ ਜੇਸੀਬੀ ਚਲਾਉਣ ਦੀ ਕਾਰਵਾਈ ਕੀਤੀ ਗਈ। ਇਸ ਕਾਰਵਾਈ ਨੂੰ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਬਣੇ ਤਣਾਅ ਅਤੇ ਲੋਕਾਂ ਵੱਲੋਂ ਕੀਤੀ ਜਾ ਰਹੀ ਸਖ਼ਤ ਕਾਰਵਾਈ ਦੀ ਮੰਗ ਦੇ ਸੰਦਰਭ ਵਿੱਚ ਦੇਖਿਆ ਜਾ ਰਿਹਾ ਹੈ। ਅਸ਼ਵਨੀ ਕੁਮਾਰ ਦੀ ਦਵਾਈਆਂ ਵਾਲੀ ਦੁਕਾਨ ਨੂੰ ਵੀ ਢਾਹੁਣ ਦੀ ਚਰਚਾ ਚੱਲ ਰਹੀ ਸੀ। ਪਰ 14 ਅਕਤੂਬਰ ਨੂੰ ਸਾਹਮਣੇ ਆਈ ਜਾਣਕਾਰੀ ਮੁਤਾਬਕ, ਕਤਲ ਵਾਲੀ ਥਾਂ ਹੋਣ ਕਰਕੇ ਦੁਕਾਨ ਵਿੱਚ ਮੌਜੂਦ ਸਬੂਤਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਇਸ ਨੂੰ ਫਿਲਹਾਲ ਨਾ ਢਾਹੁਣ ਦੀ ਗੱਲ ਕਹੀ ਗਈ। ਇਸ ਦਾ ਕਾਰਨ ਇਹ ਹੈ ਕਿ ਜਾਂਚ ਦੌਰਾਨ ਘਟਨਾ ਵਾਲੀ ਥਾਂ ਤੋਂ ਮਿਲਣ ਵਾਲੇ ਸਬੂਤ ਬਹੁਤ ਅਹਿਮ ਹੁੰਦੇ ਹਨ। ਜੇਕਰ ਥਾਂ ਵਿੱਚ ਬਿਨਾਂ ਲੋੜੀਂਦੀ ਜਾਂਚ ਦੇ ਤਬਦੀਲੀ ਕੀਤੀ ਜਾਵੇ ਤਾਂ ਜਾਂਚ ਪ੍ਰਭਾਵਿਤ ਹੋ ਸਕਦੀ ਹੈ। ਇਸ ਲਈ ਦੁਕਾਨ ਬਾਰੇ ਅੰਤਿਮ ਕਾਰਵਾਈ ਸਬੰਧੀ ਪ੍ਰਸ਼ਾਸਨ ਦੀ ਅਧਿਕਾਰਤ ਜਾਣਕਾਰੀ ਹੀ ਮਹੱਤਵਪੂਰਨ ਹੋਵੇਗੀ। ਘਟਨਾ ਤੋਂ ਬਾਅਦ ਮਾਨਸਾ ਵਿੱਚ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਸ਼ਹਿਰ ਦੇ ਅਹਿਮ ਚੌਕਾਂ ਅਤੇ ਆਉਣ-ਜਾਣ ਵਾਲੀਆਂ ਸੜਕਾਂ 'ਤੇ ਨਿਗਰਾਨੀ ਵਧਾਈ ਗਈ ਹੈ। ਮਾਨਸਾ ਵੱਲ ਆਉਣ ਵਾਲੇ ਕੁਝ ਰਸਤਿਆਂ 'ਤੇ ਬੈਰੀਕੇਡ ਲਗਾਏ ਜਾਣ ਦੀਆਂ ਰਿਪੋਰਟਾਂ ਵੀ ਸਾਹਮਣੇ ਆਈਆਂ ਹਨ। ਪ੍ਰਸ਼ਾਸਨ ਦੀ ਕੋਸ਼ਿਸ਼ ਹੈ ਕਿ ਰੋਸ ਪ੍ਰਦਰਸ਼ਨਾਂ ਦੌਰਾਨ ਕੋਈ ਹੋਰ ਹਿੰਸਕ ਘਟਨਾ ਨਾ ਵਾਪਰੇ ਅਤੇ ਸ਼ਹਿਰ ਵਿੱਚ ਅਮਨ-ਸ਼ਾਂਤੀ ਬਣੀ ਰਹੇ। ਦੂਜੇ ਪਾਸੇ, ਪਰਵਿੰਦਰ ਸਿੰਘ ਝੋਟਾ ਦੇ ਸਮਰਥਕ ਅਤੇ ਪਰਿਵਾਰ ਇਨਸਾਫ਼ ਦੀ ਮੰਗ ਕਰ ਰਹੇ ਹਨ। ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਲੰਮੇ ਸਮੇਂ ਤੋਂ ਗੰਭੀਰ ਚਿੰਤਾ ਦਾ ਵਿਸ਼ਾ ਰਿਹਾ ਹੈ। ਨੌਜਵਾਨਾਂ ਵਿੱਚ ਨਸ਼ੇ ਦੀ ਲਤ, ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਵਿਕਰੀ ਅਤੇ ਤਸਕਰੀ ਦੇ ਦੋਸ਼ਾਂ ਨੂੰ ਲੈ ਕੇ ਲੋਕਾਂ ਵੱਲੋਂ ਸਮੇਂ-ਸਮੇਂ 'ਤੇ ਰੋਸ ਪ੍ਰਗਟਾਇਆ ਜਾਂਦਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਅਤੇ ਅਪਰਾਧ ਨਾਲ ਜੁੜੇ ਲੋਕਾਂ ਖ਼ਿਲਾਫ਼ ਕਾਰਵਾਈ ਕਰਨ ਦੇ ਦਾਅਵੇ ਕੀਤੇ ਜਾਂਦੇ ਰਹੇ ਹਨ। ਕੁਝ ਮਾਮਲਿਆਂ ਵਿੱਚ ਮੁਲਜ਼ਮਾਂ ਦੀਆਂ ਜਾਇਦਾਦਾਂ ਖ਼ਿਲਾਫ਼ ਵੀ ਕਾਰਵਾਈ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਪਰ ਇਹ ਕਹਿਣਾ ਕਿ ਸਰਕਾਰ ਹੁਣ ਤੱਕ ਸਾਰੇ ਗੈਂਗਸਟਰਾਂ ਅਤੇ ਸਾਰੇ ਨਸ਼ਾ ਤਸਕਰਾਂ ਦੇ ਘਰ ਢਾਹ ਚੁੱਕੀ ਹੈ, ਉਪਲਬਧ ਜਾਣਕਾਰੀ ਨਾਲ ਸਾਬਤ ਨਹੀਂ ਹੁੰਦਾ। ਨਸ਼ਿਆਂ ਦੀ ਸਮੱਸਿਆ ਨੂੰ ਸਿਰਫ਼ ਜਾਇਦਾਦਾਂ ਢਾਹੁਣ ਨਾਲ ਖ਼ਤਮ ਨਹੀਂ ਕੀਤਾ ਜਾ ਸਕਦਾ। ਇਸ ਲਈ ਨਸ਼ਿਆਂ ਦੀ ਸਪਲਾਈ ਕਰਨ ਵਾਲੇ ਨੈੱਟਵਰਕ ਦੀ ਜਾਂਚ, ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਵਿਕਰੀ 'ਤੇ ਰੋਕ, ਦੋਸ਼ੀਆਂ ਖ਼ ?ਲਾਫ਼ ਕਾਨੂੰਨੀ ਕਾਰਵਾਈ ਅਤੇ ਨਸ਼ੇ ਦੀ ਲਤ ਨਾਲ ਜੂਝ ਰਹੇ ਲੋਕਾਂ ਦੇ ਇਲਾਜ ਤੇ ਮੁੜ ਵਸੇਬੇ ਦੀ ਵੀ ਲੋੜ ਹੈ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਮਾਨਸਾ ਵਿੱਚ ਪੈਦਾ ਹੋਏ ਹਾਲਾਤਾਂ ਨੇ ਸਰਕਾਰ ਅਤੇ ਪੁਲਿਸ ਸਾਹਮਣੇ ਕਈ ਸਵਾਲ ਖੜ੍ਹੇ ਕੀਤੇ ਹਨ। ਲੋਕ ਇਹ ਜਾਣਨਾ ਚਾਹੁੰਦੇ ਹਨ ਕਿ ਕਤਲ ਦੇ ਪਿੱਛੇ ਅਸਲ ਕਾਰਨ ਕੀ ਸਨ, ਨਸ਼ਿਆਂ ਦੀ ਕਥਿਤ ਵਿਕਰੀ ਬਾਰੇ ਲੱਗੇ ਦੋਸ਼ਾਂ ਦੀ ਜਾਂਚ ਕਿਵੇਂ ਹੋਵੇਗੀ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਕੀ ਕਦਮ ਚੁੱਕੇ ਜਾਣਗੇ। ਇਸ ਮਾਮਲੇ ਵਿੱਚ ਸਭ ਤੋਂ ਜ਼ਰੂਰੀ ਹੈ ਕਿ ਜਾਂਚ ਨਿਰਪੱਖ ਢੰਗ ਨਾਲ ਪੂਰੀ ਕੀਤੀ ਜਾਵੇ, ਸਬੂਤਾਂ ਦੀ ਸੁਰੱਖਿਆ ਕੀਤੀ ਜਾਵੇ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਹੋਵੇ। ਨਾਲ ਹੀ, ਰੋਸ ਪ੍ਰਗਟਾਉਣ ਵਾਲੇ ਲੋਕਾਂ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਤੋਂ ਬਚਣਾ ਚਾਹੀਦਾ ਹੈ। ਮਾਨਸਾ ਦੀ ਮੌਜੂਦਾ ਸਥਿਤੀ ਵਿੱਚ ਪ੍ਰਸ਼ਾਸਨ ਲਈ ਦੋਹਰੀ ਚੁਣੌਤੀ ਹੈ—ਇੱਕ ਪਾਸੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਜਾਂਚ ਅਤੇ ਇਨਸਾਫ਼ ਦੀ ਮੰਗ, ਤੇ ਦੂਜੇ ਪਾਸੇ ਸ਼ਹਿਰ ਵਿੱਚ ਅਮਨ-ਸ਼ਾਂਤੀ ਕਾਇਮ ਰੱਖਣਾ। ਆਉਣ ਵਾਲੇ ਦਿਨਾਂ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦੀ ਕਾਰਵਾਈ ਇਸ ਮਾਮਲੇ ਦੀ ਅਗਲੀ ਦਿਸ਼ਾ ਤੈਅ ਕਰੇਗੀ।

### ਪਰਵਿੰਦਰ ਸਿੰਘ ਝੋਟਾ ਕਤਲ.....

ਹੁੰਦੀਆਂ, ਉਦੋਂ ਤੱਕ ਧਰਨਾ ਜਾਰੀ ਰਹੇਗਾ। ਕਮੇਟੀ ਵੱਲੋਂ ਸਿਰਸਾ-ਲੁਧਿਆਣਾ ਮੁੱਖ ਸੜਕ ਬੰਦ ਰੱਖਣ ਦਾ ਵੀ ਐਲਾਨ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਕਮੇਟੀ ਨੇ ਕਿਹਾ ਹੈ ਕਿ ਇਨਸਾਫ਼ ਮਿਲਣ ਤੱਕ ਪਰਵਿੰਦਰ ਸਿੰਘ ਝੋਟਾ ਦਾ ਸਸਕਾਰ ਨਹੀਂ ਕੀਤਾ ਜਾਵੇਗਾ। ਇਸ ਕਾਰਨ ਮਾਨਸਾ ਵਿੱਚ ਤਣਾਅਪੂਰਨ ਮਾਹੌਲ ਬਣਿਆ ਹੋਇਆ ਹੈ। ਇਸ ਸਥਿਤੀ ਵਿੱਚ ਪ੍ਰਸ਼ਾਸਨ ਲਈ ਲੋਕਾਂ ਦੀਆਂ ਮੰਗਾਂ ਸੁਣਨਾ, ਆਵਾਜਾਈ ਬਹਾਲ ਰੱਖਣਾ ਅਤੇ ਕਾਨੂੰਨ-ਵਿਵਸਥਾ ਕਾਇਮ ਕਰਨਾ ਵੱਡੀ ਚੁਣੌਤੀ ਹੈ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਵੱਖ-ਵੱਖ ਜਥੇਬੰਦੀਆਂ ਨੇ ਇਸ ਘਟਨਾ ਦੀ ਨਿੰਦਾ ਕਰਦਿਆਂ ਇਨਸਾਫ਼ ਦੀ ਮੰਗ ਕੀਤੀ ਹੈ। ਵਾਰਿਸ ਪੰਜਾਬ ਦੇ ਨਾਲ ਜੁੜੇ ਆਗੂਆਂ ਅਤੇ ਹੋਰ ਜਥੇਬੰਦੀਆਂ ਵੱਲੋਂ ਵੀ ਵੱਖ-ਵੱਖ ਥਾਵਾਂ 'ਤੇ ਰੋਸ ਪ੍ਰਦਰਸ਼ਨ ਕੀਤੇ ਗਏ ਹਨ। ਕੁਰਾਲੀ ਅਤੇ ਜੀਰਾ ਸਮੇਤ ਹੋਰ ਥਾਵਾਂ 'ਤੇ ਵੀ ਇਸ ਮਾਮਲੇ ਨੂੰ ਲੈ ਕੇ ਰੋਸ ਮਾਰਚ ਅਤੇ ਇਕੱਠ ਕੀਤੇ ਜਾਣ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਜਥੇਬੰਦੀਆਂ ਦਾ ਕਹਿਣਾ ਹੈ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਖ਼ਤ ਅਤੇ ਪਾਰਦਰਸ਼ੀ ਕਾਰਵਾਈ ਹੋਣੀ ਚਾਹੀਦੀ ਹੈ। ਇਸ ਮਾਮਲੇ ਵਿੱਚ ਪੁਲਿਸ ਨੇ ਮੁਲਜ਼ਮ ਦੀ ਭਾਲ ਲਈ ਕਾਰਵਾਈ ਕੀਤੀ ਹੈ। 14 ਅਕਤੂਬਰ ਨੂੰ ਸਾਹਮਣੇ ਆਈ ਜਾਣਕਾਰੀ ਅਨੁਸਾਰ, ਕਤਲ ਦੇ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਰਾਜਸਥਾਨ ਦੇ ਸਾਲਾਸਰ ਤੋਂ ਗ੍ਰਿਫ਼ਤਾਰ ਕੀਤੇ ਜਾਣ ਦੀ ਖ਼ਬਰ ਹੈ। ਇਸ ਤੋਂ ਪਹਿਲਾਂ ਪੁਲਿਸ ਨੇ ਇੱਕ ਹੋਰ ਵਿਅਕਤੀ ਨੂੰ ਵੀ ਕਥਿਤ ਤੌਰ 'ਤੇ ਮੁੱਖ ਮੁਲਜ਼ਮ ਦੀ ਭੱਜਣ ਵਿੱਚ ਮਦਦ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਸੀ। ਪੁਲਿਸ ਵੱਲੋਂ ਪੁਰਾਣੀ ਰੰਜਿਸ਼ ਦੇ ਪੱਖ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

### ਪੰਜਾਬ ਵਿੱਚ 154 ਹੋਰ.....

ਪਵੇ। ਹੁਣ ਤੱਕ 54.20 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਇਸ ਯੋਜਨਾ ਤਹਿਤ ਆਉਂਦੇ ਹਰ ਪਰਿਵਾਰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦਾ ਹੱਕਦਾਰ ਹੈ। ਹੁਣ ਤੱਕ 8.02 ਲੱਖ ਲਾਭਪਾਤਰੀ ਇਸ ਯੋਜਨਾ ਤਹਿਤ ਇਲਾਜ ਕਰਵਾ ਚੁੱਕੇ ਹਨ, ਜੋ ਆਮ ਲੋਕਾਂ ਲਈ ਵਰਦਾਨ ਸਾਬਤ ਹੋ ਰਿਹਾ ਹੈ। ਸਿਹਤ ਵਿਭਾਗ ਵਿੱਚ ਭਰਤੀ ਰਾਹੀਂ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਸਰਕਾਰੀ ਯਤਨਾਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, "ਸਾਡੀ ਸਰਕਾਰ ਨੇ ਸਿਹਤ ਵਿਭਾਗ ਵਿੱਚ 5,388 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਹਨ। ਸਿਹਤ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਸਿਹਤ ਸੇਵਾਵਾਂ ਦੀ ਸਪਲਾਈ ਨੂੰ ਬਿਹਤਰ ਬਣਾਉਣ ਲਈ ਅਸੀਂ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ਼ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਭਰਤੀ ਕੀਤੀ ਹੈ। ਮੁੱਖ ਮੰਤਰੀ ਨੇ ਦੁਹਰਾਇਆ ਕਿ ਆਮ ਆਦਮੀ ਕਲੀਨਿਕਾਂ ਦਾ ਵਿਸਥਾਰ, ਮੁਫ਼ਤ ਦਵਾਈਆਂ ਅਤੇ ਲੈਬ ਟੈਸਟ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਦੇ ਲੋਕਾਂ ਲਈ ਪਹੁੰਚਯੋਗ ਅਤੇ ਕਿਫ਼ਾਇਤੀ ਸਿਹਤ ਸੰਭਾਲ ਯਕੀਨੀ ਬਣਾਉਣ ਪ੍ਰਤੀ ਸੂਬੇ ਦੀ ਵਿਆਪਕ ਵਚਨਬੱਧਤਾ ਦਾ ਹਿੱਸਾ ਹਨ। ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ, ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ, ਵਿਧਾਇਕ ਈਸ਼ਾਨ ਚੱਬੇਵਾਲ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

### ਪਰਵਿੰਦਰ ਸਿੰਘ ਦੇ ਕਤਲ.....

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਇਕਜੁਟ ਹੋ ਕੇ ਅਵਾਜ਼ ਬੁਲੰਦ ਕਰਨ ਅਤੇ ਪੰਜਾਬ ਦੀ ਨੌਜੁਆਨ ਪੀੜ੍ਹੀ ਦੇ ਭਵਿੱਖ ਦੀ ਰਾਖੀ ਲਈ ਆਪਣੀ ਜ਼ੁੰਮੇਵਾਰੀ ਨਿਭਾਉਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਸ. ਪ੍ਰੀਤਪਾਲ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਅਜ਼ਾਦ ਦੀਪ ਸਿੰਘ, ਸ. ਸਤਨਾਮ ਸਿੰਘ ਰਿਆੜ, ਸੁਪ੍ਰੀਟੈਂਡੈਂਟ ਸ. ਨਿਸ਼ਾਨ ਸਿੰਘ ਤੇ ਹੋਰ ਮੌਜੂਦ ਸਨ।

### ਸਾਬਕਾ ਵਿਧਾਇਕ ਰਾਜਿੰਦਰ ਸਿੰਘ.....

ਲੜਦਾ ਹੋਇਆ ਮਾਰਿਆ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਖ਼ੁਦ ਪਰਿਵਾਰ ਕੋਲ ਆ ਕੇ ਦੁੱਖ ਸਾਂਝਾ ਕਰਨ। ਰਾਜਾ ਵੜਿੰਗ ਅਤੇ ਰਾਜਿੰਦਰ ਸਿੰਘ ਨੇ ਐਲਾਨ ਕ

# ਐਮ.ਟੀ.ਐਸ. ਬਰਨਾਲਾ ਦੇ ਵਿਦਿਆਰਥੀ ਅਬੀਰ ਗੋਇਲ ਨੇ ਬਣਾਇਆ ਵਿਸ਼ਵ ਰਿਕਾਰਡ

**ਬਰਨਾਲਾ, 14 ਅਕਤੂਬਰ (ਅਵਤਾਰ ਸਿੰਘ ਫਰਵਾਹੀ):** ਐਮ.ਟੀ.ਐਸ. ਬਰਨਾਲਾ ਦੇ ਵਿਦਿਆਰਥੀ ਅਬੀਰ ਗੋਇਲ ਨੇ ਆਪਣੀ ਸ਼ਾਨਦਾਰ ਗਣਿਤਕ ਯੋਗਤਾ ਅਤੇ ਤੇਜ਼ ਗਣਨਾ ਦੇ ਦਮ 'ਤੇ ਇੰਟਰਨੈਸ਼ਨਲ ਬੁੱਕ ਆਫ਼ ਰਿਕਾਰਡਜ਼ ਵਿੱਚ ਨਵਾਂ ਵਿਸ਼ਵ ਰਿਕਾਰਡ ਦਰਜ ਕਰਵਾਇਆ ਹੈ। 18 ਜੁਲਾਈ 2026 ਨੂੰ 11 ਸਾਲ, 9 ਮਹੀਨੇ ਅਤੇ 7 ਦਿਨ ਦੀ ਉਮਰ ਵਿੱਚ ਅਬੀਰ ਨੇ ਪ੍ਰੀ-ਟੀਨ ਵਰਗ ਅਧੀਨ ਤਿੰਨ ਅੰਕਾਂ ਵਾਲੀਆਂ ਸੰਖਿਆਵਾਂ ਨੂੰ ਇੱਕ ਅੰਕ ਵਾਲੀ ਸੰਖਿਆ ਨਾਲ ਗੁਣਾ ਕਰਨ ਵਾਲੇ 50 ਸਵਾਲਾਂ ਦੇ ਉੱਤਰ ਸਿਰਫ਼ 1 ਮਿੰਟ, 10 ਸਕਿੰਟ ਅਤੇ 70 ਸੈਂਟੀਸਕਿੰਟ ਵਿੱਚ ਲਿਖ ਕੇ ਇਹ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ। ਇਹ ਉਪਲਬਧੀ ਐਮ.ਟੀ.ਐਸ. ਬਰਨਾਲਾ ਲਈ ਮਾਣ ਵਾਲੀ ਗੱਲ ਹੈ। ਅਬੀਰ ਦੀ ਸਫ਼ਲਤਾ ਹੋਰਨਾਂ ਵਿਦਿਆਰਥੀਆਂ ਨੂੰ ਵੀ ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਨਾਲ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕਰੇਗੀ। ਸਕੂਲ ਵੱਲੋਂ ਅਬੀਰ ਗੋਇਲ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਗਈ ਅਤੇ ਉਸ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।

# ਖੇਡਾਂ ਵਤਨ ਪੰਜਾਬ ਦੀਆਂ 'ਚ ਕੈਮਬਰਿਜ ਕਾਨਵੈਂਟ ਸਕੂਲ ਦੇ ਖਿਡਾਰੀਆਂ ਦੀ ਬੱਲੇ-ਬੱਲੇ, ਤਾਈਕਵਾਂਡੋ 'ਚ 7 ਵਿਦਿਆਰਥੀਆਂ ਨੇ ਜਿੱਤੇ ਤਮਗੇ

**ਕੋਟ ਈਸੇ ਖਾਂ, 14 ਅਕਤੂਬਰ (ਸੰਜੀਵ ਸੂਦ):** ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਵਿੱਚ ਖੇਡ ਭਾਵਨਾ ਪੈਦਾ ਕਰਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਹੋਏ ਤਾਈਕਵਾਂਡੋ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਕੈਮਬਰਿਜ ਕਾਨਵੈਂਟ ਸਕੂਲ, ਕੋਟ ਈਸੇ ਖਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਮਾਣ ਵਧਾਇਆ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ 7 ਵਿਦਿਆਰਥੀਆਂ ਨੇ ਤਮਗੇ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਨ੍ਹਾਂ ਵਿੱਚੋਂ 5 ਵਿਦਿਆਰਥੀਆਂ ਨੇ ਦੂਜਾ ਅਤੇ 2 ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਮਨਦੀਪ ਮਾਲੜਾ ਅਤੇ ਪ੍ਰਿੰਸੀਪਲ ਸ. ਗੁਰਵਿੰਦਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ, ਲਗਨ ਤੇ ਅਨੁਸ਼ਾਸਨ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਮੌਕੇ ਸਮੂਹ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਮਾਪਿਆਂ ਵੱਲੋਂ ਜੇਤੂ ਖਿਡਾਰੀਆਂ ਨੂੰ ਵਧਾਈਆਂ ਦਿੱਤੀਆਂ ਗਈਆਂ।

# ਸਰਕਾਰ ਦੀ ਤਾਨਾਸ਼ਾਹੀ ਤੇ ਅੜੀਅਲ ਰਵਈਏ ਖਿਲਾਫ, ਅਧਿਆਪਕਾਂ ਵੱਲੋਂ ਸੁਨਾਮ ਵਿਖੇ 18 ਨੂੰ ਰੈਲੀ ਕਰਨ ਦਾ ਕੀਤਾ ਐਲਾਨ

**ਲੁਧਿਆਣਾ, 14 ਅਕਤੂਬਰ (ਸਰਬਜੀਤ ਸੂਫ਼ੀ):** ਅੱਜ ਕੰਪਿਊਟਰ ਟੀਚਰਜ਼ ਯੂਨੀਅਨ, ਲੁਧਿਆਣਾ ਜਿਲਾ ਕਚਹਿਰੀ ਕੰਪਲੈਕਸ ਵਿਖੇ ਇੱਕ ਹੰਗਾਮੀ ਮੀਟਿੰਗ ਹੋਈ, ਜਾਣਕਾਰੀ ਦਿੰਦਿਆਂ ਮੈਂਬਰਾਂ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਕੰਪਿਊਟਰ ਅਧਿਆਪਕ ਸਾਲ 2005 ਤੋਂ ਸਰਕਾਰੀ ਅਧਿਆਪਕ ਹੋਣ ਦੇ ਬਾਵਜੂਦ ਅਜੇ ਤੱਕ ਨਿਯਮਿਤ ਮੁਲਾਜ਼ਮਾਂ ਵਾਲੇ ਬਣਦੇ ਹੱਕਾਂ ਅਤੇ ਲਾਭਾਂ ਤੋਂ ਪੂਰੀ ਤਰ੍ਹਾਂ ਵਾਂਝੇ ਹਨ। ਉਨ੍ਹਾਂ ਨੇ ਮੀਟਿੰਗ ਦੌਰਾਨ ਮੌਜੂਦਾ ਹਕੂਮਤ ਨੂੰ ਲੰਮੇ ਹੱਥੀਂ ਲੈਂਦਿਆਂ ਦੱਸਿਆ ਕਿ 04 ਅਕਤੂਬਰ ਦੀ ਸੁਨਾਮ ਰੈਲੀ ਦੌਰਾਨ ਆਮ ਆਦਮੀ ਪਾਰਟੀ,ਪੰਜਾਬ ਪ੍ਰਧਾਨ ਸ੍ਰੀ ਅਮਨ ਅਰੋੜਾ ਜੀ ਵੱਲੋਂ ਨਿਜੀ ਤੌਰ ਤੇ ਪਹੁੰਚ ਕੇ ਮੰਚ ਤੇ ਐਲਾਨ ਕੀਤਾ ਗਿਆ ਕਿ 08 ਅਕਤੂਬਰ ਦੀ ਸਬ ਕਮੇਟੀ ਮੀਟਿੰਗ ਵਿੱਚ ਕੰਪਿਊਟਰ ਅਧਿਆਪਕਾਂ ਦੇ ਸਾਰੇ ਮਸਲਿਆਂ ਦਾ ਹੱਲ ਕਰ ਦਿੱਤਾ ਜਾਵੇਗਾ, ਪਰ 08 ਅਕਤੂਬਰ ਦੀ ਮੀਟਿੰਗ ਨੂੰ ਸਥਗਿਤ ਕਰਕੇ ਅੱਗੇ 16 ਅਕਤੂਬਰ ਕਰ ਦਿੱਤਾ ਗਿਆ, ਕੰਪਿਊਟਰ ਅਧਿਆਪਕਾਂ ਵੱਲੋਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਇਹ ਐਲਾਨ ਕੀਤਾ ਗਿਆ ਕਿ ਜੇ ਸਰਕਾਰ ਕੰਪਿਊਟਰ ਅਧਿਆਪਕਾਂ ਦੇ ਸਾਰੇ ਮਸਲੇ ਇਸ ਮੀਟਿੰਗ ਵਿਚ ਹੱਲ ਨਹੀਂ ਕਰੇਗੀ ਤਾਂ 18 ਅਕਤੂਬਰ ਨੂੰ ਸੁਨਾਮ ਵਿਖੇ ਪੰਜਾਬ ਪ੍ਰਧਾਨ ਅਮਨ ਅਰੋੜਾ ਦੇ ਹਲਕੇ ਵਿੱਚ ਸਰਕਾਰ ਖਿਲਾਫ ਇੱਕ ਵਿਸ਼ਾਲ ਰੈਲੀ ਕੀਤੀ ਜਾਵੇਗੀ ਸੰਗਰੂਰ ਡੀ.ਸੀ ਦਫਤਰ ਦੇ ਬਾਹਰ ਕੰਪਿਊਟਰ ਅਧਿਆਪਕ ਵੱਲੋਂ ਲਗਾਏ ਗਏ ਧਰਨੇ ਦੇ 25 ਦਿਨ ਬੀਤ ਜਾਣ ਉਪਰੰਤ ਵੀ ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਦਾ ਕੋਈ ਹੱਲ ਨਾ ਕੱਢਿਆ ਤਾਂ ਉਹ 18 ਅਕਤੂਬਰ ਨੂੰ ਸੁਨਾਮ ਵਿਖੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਦੀ ਕੋਠੀ ਦੇ ਬਾਹਰ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਸਮੁੱਚੇ ਪੰਜਾਬ ਵਿੱਚੋਂ ਕੰਪਿਊਟਰ ਅਧਿਆਪਕ ਵੱਡੀ ਗਿਣਤੀ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨਗੇ,ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਨੇ ਸਰਕਾਰ ਦੇ ਝੂਠੇ ਵਾਅਦਿਆਂ ਅਤੇ ਲਗਾਤਾਰ ਹੋ ਰਹੀ ਅਣਦੇਖੀ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ। ਇਸ ਮੌਕੇ ਆਗੂ ਅਮਿਤ ਪਵਾਰ ਵੱਲੋਂ ਦੱਸਿਆ ਗਿਆ ਕਿ ਸਰਕਾਰ ਸਿਰਫ਼ ਵੋਟਾਂ ਵੇਲੇ ਵਾਅਦੇ ਕਰਦੀ ਹੈ ਪਰ ਅਮਲੀ ਰੂਪ ਵਿੱਚ ਹਮੇਸਾ ਉਨਾਂ ਨੂੰ ਲਾਗੂ ਕਰਨ ਤੋਂ ਭੱਜ ਜਾਂਦੀ ਹੈ। ਇਸ ਸਮੇ ਜਿਲ੍ਹਾ ਲੁਧਿਆਣਾ ਤੋਂ ਰੰਜਨ ਭਨੋਟ, ਹਰਜਿੰਦਰ ਸਿੰਘ, ਹਰਪ੍ਰੀਤ ਸਿੰਘ, ਹਰਜੀਤ ਸਿੰਘ ਮਾਂਗਟ, ਜਸਵਿੰਦਰ ਸਿੰਘ, ਸੰਦੀਪ ਵਾਲੀਆ, ਹਰ ਰਾਏ ਕੁਮਾਰ, ਵਿਪਨ ਪਾਲ ਗੁਰੂ, ਕੁਲਵੰਤ ਸਿੰਘ ਪੰਡੋਰੀ, ਹਰਪ੍ਰੀਤ ਕੌਰ, ਅੰਜੂ ਮਾਰਟਨ, ਵਤਨਜੋਤ ਕੌਰ, ਬਵਲੀਨ ਕੌਰ ਬੇਦੀ, ਰਵਿੰਦਰ ਕੌਰ, ਇਕਬਾਲ ਸਿੰਘ, ਅਤੇ ਹੋਰ ਵੀ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਤੋਂ ਕੰਪਿਊਟਰ ਅਧਿਆਪਕ ਇਸ ਮੌਕੇ ਵਿਸ਼ੇਸ਼ ਤੌਰ ਤੇ ਹਾਜਰ ਸਨ।

# ਜੀ.ਐੱਚ.ਜੀ. ਅਕੈਡਮੀ ਜਗਰਾਉਂ ਵਿਖੇ ਰੱਸਾਕਸ਼ੀ ਮੁਕਾਬਲਾ ਕਰਵਾਇਆ

**ਜਗਰਾਉਂ, 14 ਅਕਤੂਬਰ (ਜਗਦੀਪ ਸਿੰਘ):** ਜੀ.ਐੱਚ.ਜੀ. ਅਕੈਡਮੀ ਜਗਰਾਉਂ ਵਿਖੇ ਵਿਦਿਆਰਥੀਆਂ ਵਿੱਚ ਟੀਮ ਭਾਵਨਾ, ਸਰੀਰਕ ਤੰਦਰੁਸਤੀ, ਆਪਸੀ ਸਹਿਯੋਗ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਰੱਸਾਕਸ਼ੀ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੀ ਸਰੀਰਕ ਤਾਕਤ, ਇਕਜੁੱਟਤਾ ਅਤੇ ਦ੍ਰਿੜ੍ਹ ਇਰਾਦੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਵਿਦਿਆਰਥੀਆਂ ਵਿੱਚ ਜਿੱਤ ਹਾਸਲ ਕਰਨ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਾਰੇ ਹਾਊਸਾਂ ਦੇ ਖਿਡਾਰੀਆਂ ਨੇ ਪੂਰੀ ਮਿਹਨਤ ਅਤੇ ਲਗਨ ਨਾਲ ਮੁਕਾਬਲੇ ਵਿੱਚ ਭਾਗ ਲਿਆ। ਰੱਸਾਕਸ਼ੀ ਦੇ ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਇਹ ਸੰਦੇਸ਼ ਦਿੱਤਾ ਕਿ ਕਿਸੇ ਵੀ ਟੀਚੇ ਨੂੰ ਹਾਸਲ ਕਰਨ ਲਈ ਇਕਜੁੱਟਤਾ, ਆਪਸੀ ਤਾਲਮੇਲ ਅਤੇ ਮਿਲ ਕੇ ਯਤਨ ਕਰਨਾ ਬੇਹੱਦ ਜ਼ਰੂਰੀ ਹੈ। ਇਸ ਮੁਕਾਬਲੇ ਨੇ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਰੁਚੀ ਵਧਾਉਣ ਦੇ ਨਾਲ-ਨਾਲ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਵੀ ਮਜ਼ਬੂਤ ਕੀਤਾ। ਅਜਿਹੀਆਂ ਖੇਡ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ

# ਪੰਜਾਬ 'ਚ ਵਿਗੜ ਰਹੀ ਕਾਨੂੰਨ ਵਿਵਸਥਾ ਨੇ ਲੋਕਾਂ 'ਚ ਡਰ ਦਾ ਮਾਹੌਲ ਪੈਦਾ ਕੀਤਾ: ਮਨਜੀਤ ਸ਼ਰਮਾ

**ਫ਼ਤਹਿਗੜ੍ਹ ਸਾਹਿਬ, 14 ਅਕਤੂਬਰ (ਅਭਿਸ਼ੇਕ ਮਲਹੋਤਰਾ):** ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਮਨਜੀਤ ਸ਼ਰਮਾ ਨੇ ਫ਼ਤਹਿਗੜ੍ਹ ਸਾਹਿਬ ਵਿਖੇ ਸਥਾਨਕ ਲੋਕਾਂ ਅਤੇ ਪਾਰਟੀ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਪੰਜਾਬ ਦੀ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਕਰਦਿਆਂ ਸੂਬੇ ਦੀ ਕਾਨੂੰਨ ਵਿਵਸਥਾ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕੀਤੇ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਹੇਠ ਰੱਖਣ ਵਿੱਚ ਨਾਕਾਮ ਸਾਬਤ ਹੋ ਰਹੀ ਹੈ। ਮਨਜੀਤ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਠੀਕ ਹੋਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾਵਾਂ ਲਗਾਤਾਰ ਵਧ ਰਹੀਆਂ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪੁਲਿਸ ਪ੍ਰਸ਼ਾਸਨ ਨੂੰ ਜਵਾਬਦੇਹ ਬਣਾਇਆ ਜਾਵੇ ਜ਼ਿਕਰਯੋਗ ਹੈ ਕਿ ਪਰਮਿੰਦਰ ਸਿੰਘ ਝੋਟਾ ਨਸ਼ਿਆਂ ਅਤੇ ਕਥਿਤ ਗੈਰ-ਕਾਨੂੰਨੀ ਢੰਗ ਨਾਲ ਨਸ਼ੀਲੀਆਂ ਗੋਲੀਆਂ ਤੇ ਕੈਪਸੂਲਾਂ ਦੀ ਵਿਕਰੀ ਵਿਰੁੱਧ ਆਵਾਜ਼ ਉਠਾਉਣ ਕਰਕੇ ਚਰਚਾ ਵਿੱਚ ਰਹੇ ਸਨ।

# ਮਾਤਾ ਗੁਜਰੀ ਸ ਸਕੂਲ ਦੇ ਖਿਡਾਰੀਆਂ ਨੇ ਕਿਕ ਬਾਕਸਿੰਗ ਵਿੱਚ ਜਿੱਤੇ ਤਗਮੇ

**ਦੇਵੀਗੜ੍ਹ, 14 ਅਕਤੂਬਰ (ਰਾਜਿੰਦਰ ਸਿੰਘ ਥਿੰਦ):** ਖੇਡਾਂ ਵਤਨ ਪੰਜਾਬ ਦੀਆਂ ਤਹਿਤ ਪੋਲੋ ਗਰਾਊਂਡ, ਪਟਿਆਲਾ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਕਿਕ ਬਾਕਸਿੰਗ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁੱਥਮੜਾ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨ ਤਗਮੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੁਕਾਬਲੇ ਵਿੱਚ ਕਰਨ ਗਿਰ (12ਵੀਂ )ਨੇ ਚਾਂਦੀ ਦਾ ਤਗਮਾ, ਵਿਕਰਮਜੀਤ ਸਿੰਘ (12ਵੀਂ) ਨੇ ਚਾਂਦੀ ਦਾ ਤਗਮਾ ਅਤੇ ਗੁਰਸਿਮਰਨ ਸਿੰਘ (ਅੱਠਵੀਂ ) ਨੇ ਕਾਂਸੀ ਦਾ ਤਗਮਾ ਜਿੱਤਿਆ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਜੇਤੂ ਖਿਡਾਰੀਆਂ, ਕੋਚ ਸ. ਹਰਦੀਪ ਕੁਮਾਰ ਅਤੇ ਸਮੂਹ ਖੇਡ ਵਿਭਾਗ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਕੋਚ ਸ. ਹਰਦੀਪ ਕੁਮਾਰ ਦੀ ਰਹਿਨੁਮਾਈ ਅਤੇ ਖਿਡਾਰੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਹੋਰ ਵੱਡੀਆਂ ਪ੍ਰਾਪਤੀਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸੁਖਮਨੀ ਗਰੁੱਪ ਨੇ ਵਿਦਿਆਰਥੀਆਂ ਦੀ ਸਖ਼ਸ਼ੀਅਤ ਨਿਖਾਰਨ ਲਈ ਕਰਵਾਇਆ ਵਿਸ਼ੇਸ਼ ਪ੍ਰੋਗਰਾਮ

**ਡੇਰਾਬੱਸੀ, 14 ਅਕਤੂਬਰ (ਸੁਖਵਿੰਦਰ ਸੈਣੀ):** ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਐਸਐਸਜੀਆਈ), ਡੇਰਾਬੱਸੀ ਵੱਲੋਂ ਵਿਦਿਆਰਥੀਆਂ ਦੀ ਅਕਾਦਮਿਕ ਉੱਤਮਤਾ, ਵਿਅਕਤੀਗਤ ਰਚਨਾਤਮਕਤਾ ਅਤੇ ਸਖ਼ਸ਼ੀਅਤ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਫਾਰਮੇਸੀ ਕੌਂਸਲ ਆਫ਼ ਇੰਡੀਆ (ਪੀਸੀਆਈ) ਨਾਲ ਸਬੰਧਤ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਰਹਿਣ ਵਾਸਤ ਪ੍ਰੇਰਿਤ ਕੀਤਾ ਗਿਆ। ਇਨ੍ਹਾਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਰਚਨਾਤਮਕਤਾ, ਵਿਗਿਆਨਕ ਸੋਚ ਅਤੇ ਸਮਰੱਥਾ ਦਾ ਪ੍ਰਦਰਸ਼ਨ ਕੀਤਾ। ਸੁਖਮਨੀ ਗਰੁੱਪ ਦੇ ਕੰਵਲਜੀਤ ਸਿੰਘ , ਡਾਇਰੈਕਟਰ ਡਾ. ਚਮਨਜੀਤ ਸਿੰਘ ਤੇ ਪ੍ਰਿੰਸੀਪਲ ਨਵਗੀਤ ਨੇ ਵਿਦਿਆਰਥੀਆਂ ਦੀ ਹੌਸਲਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਵਿਹਾਰਕ ਯੋਗਤਾਵਾਂ ਵਿਕਸਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਹਰਜਿੰਦਰ ਛਿੱਬਰ ਦੇ ਯਤਨਾਂ ਸਦਕਾ ਮਹਾਰਾਣਾ ਪ੍ਰਤਾਪ ਚੌਕ 'ਚ ਹਟਾਏ ਨਜਾਇਜ਼ ਕਬਜੇ

**ਮੋਰਿੰਡਾ, 14 ਅਕਤੂਬਰ (ਬਲਵੀਰ ਸਿੰਘ ਚਲਾਕੀ):** ਮੋਰਿੰਡਾ ਦੇ ਵਾਰਡ ਨੰਬਰ 14 ਦੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ ਦੇ ਯਤਨਾਂ ਸਦਕਾ ਮਹਾਰਾਣਾ ਪ੍ਰਤਾਪ ਚੌਕ ਦੀ ਬਦਲੀ ਨੁਹਾਰ ਬਦਲ ਗਈ ਹੈ । ਹਰਜਿੰਦਰ ਸਿੰਘ ਛਿੱਬਰ ਨੇ ਵਾਰਡ ਦੇ ਸੁਧਾਰ ਅਤੇ ਸੁੰਦਰੀਕਰਨ ਵਿੱਚ ਪਹਿਲ ਕਰਦਿਆਂ ਮਹਾਰਾਣਾ ਪ੍ਰਤਾਪ ਚੌਕ ਵਿੱਚ ਬੀਤੇ ਲਗਭਗ 10 ਸਾਲ ਤੋਂ ਰੇਹੜੀ, ਫੜ੍ਹੀ ਵਾਲਿਆਂ ਵੱਲੋਂ ਕੀਤੇ ਨਜਾਇਜ਼ ਕਬਜ਼ੇ ਹਟਾਏ ਅਤੇ ਮੁਹਿੰਮ ਦੇ ਦੂਸਰੇ ਦੂਸਰੇ ਚਰਨ ਵਿੱਚ ਵਾਰਡ ਨੂੰ ਕੂੜਾ ਮੁਕਤ ਕਰਨ ਦਾ ਕੰਮ ਸ਼ੁਰੂ ਕੀਤਾ ਗਿਆ, ਜਿਸ ਤਹਿਤ ਉਨ੍ਹਾਂ ਢੋਲਣ ਮਾਜਰਾ ਚੌਕ ਵਿਖੇ ਲੱਗਾ ਕੂੜੇ ਦਾ ਵੱਡਾ ਢੇਰ ਹਟਵਾਇਆ। ਮੁਹੱਲਾ ਵਾਸੀਆਂ ਤੇ ਸ਼ਹਿਰ ਵਾਸੀਆਂ ਵੱਲੋਂ ਹਰਜਿੰਦਰ ਸਿੰਘ ਛਿੱਬਰ ਦੇ ਇਸ ਉਧਮ ਦਾ ਧੰਨਵਾਦ ਕੀਤਾ ਗਿਆ । ਵਾਰਡ ਨਿਵਾਸੀਆਂ ਨੇ ਕਿਹਾ ਕਿ ਜਿੱਥੇ ਢੋਲਣ ਮਾਜਰਾ ਚੌਕ ਸ਼ਹਿਰ ਦੇ ਮੁੱ

# ਭਾਜਪਾ ਮੰਡਲ ਕਾਦੀਆਂ ਦੀ ਕਾਰਜਕਾਰਨੀ ਦਾ ਗਠਨ, ਨਵੇਂ ਅਹੁਦੇਦਾਰਾਂ ਨੂੰ ਸੌਂਪੀ ਗਈਆਂ ਅਹਿਮ ਜ਼ਿੰਮੇਵਾਰੀਆਂ

ਕਾਦੀਆਂ 14 ਅਕਤੂਬਰ (ਅਸ਼ੋਕ ਨਈਅਰ) ਭਾਰਤੀ ਜਨਤਾ ਪਾਰਟੀ ਮੰਡਲ ਕਾਦੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਮੰਡਲ ਪ੍ਰਧਾਨ ਸ੍ਰੀ ਅਸ਼ਵਨੀ ਵਰਮਾ ਦੀ ਪ੍ਰਧਾਨਗੀ ਹੇਠ ਠਾਕੁਰ ਦੁਆਰਾ ਮੰਦਰ ਵਿਖੇ ਹੋਈ। ਇਸ ਮੀਟਿੰਗ ਦੌਰਾਨ ਪਾਰਟੀ ਦੀਆਂ ਸੰਗਠਨਾਤਮਕ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮੰਡਲ ਦੀ ਨਵੀਂ ਕਾਰਜਕਾਰਨੀ ਦਾ ਗਠਨ ਕੀਤਾ ਗਿਆ ਅਤੇ ਵੱਖ-ਵੱਖ ਅਹੁਦੇਦਾਰਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਮੌਕੇ ਜ਼ਿਲ੍ਹਾ ਮਹਾਮੰਤਰੀ ਸ੍ਰੀ ਰਾਜੂ ਪੰਡਿਤ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਤੋਂ ਇਲਾਵਾ ਭਾਜਪਾ ਆਗੂ ਸ੍ਰੀ ਕਸ਼ਮੀਰ ਸਿੰਘ ਰਾਜਪੂਤ, ਸਾਬਕਾ ਮੰਡਲ ਪ੍ਰਧਾਨ ਸ੍ਰੀ ਕਮਲ ਜੋਤੀ ਅਤੇ ਸਾਬਕਾ ਮੰਡਲ ਪ੍ਰਧਾਨ ਸ੍ਰੀ ਜੋਗਿੰਦਰ ਪਾਲ ਪੋਟੇ ਨੇ ਵੀ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸੰਗਠਨ ਦੇ ਵਿਸਥਾਰ, ਪਾਰਟੀ ਦੀਆਂ ਨੀਤੀਆਂ ਨੂੰ ਜਨਤਾ ਤੱਕ ਪਹੁੰਚਾਉਣ ਅਤੇ ਵੱਖ-ਵੱਖ ਵਰਗਾਂ ਦੀ ਭਾਗੀਦਾਰੀ ਵਧਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਨਵੀਂ ਕਾਰਜਕਾਰਨੀ ਦੇ ਗਠਨ ਨੂੰ ਮੰਡਲ ਪੱਧਰ 'ਤੇ ਪਾਰਟੀ ਦੀਆਂ ਸਰਗਰਮੀਆਂ ਨੂੰ ਨਵੀਂ ਗਤੀ ਦੇਣ ਵੱਲ ਇੱਕ ਅਹਿਮ ਕਦਮ ਮੰਨਿਆ ਜਾ ਰਿਹਾ ਹੈ। ਨਵੇਂ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਨਵੀਂ ਕਾਰਜਕਾਰਨੀ ਅਨੁਸਾਰ ਸ੍ਰੀ ਸਿਮਰਨ ਸਿੰਘ ਨੂੰ ਯੁਵਾ ਮੋਰਚਾ ਦਾ ਮੰਡਲ ਪ੍ਰਧਾਨ ਅਤੇ ਸ੍ਰੀ ਸਤਿਸ਼ ਪੁਰੀ ਨੂੰ ਓਬੀਸੀ ਸੈੱਲ ਦਾ ਮੰਡਲ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਸ੍ਰੀ ਦੀਪਕ ਵਰਮਾ ਨੂੰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਸ੍ਰੀ ਬ੍ਰਿਜ ਮੋਹਨ ਕੋਹਲੀ ਅਤੇ ਸ੍ਰੀ ਦੀਪਕ ਕੁਮਾਰ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ, ਜਦਕਿ ਸ੍ਰੀ ਗੌਰਵ ਖੋਸਲਾ, ਸ੍ਰੀ ਅਨੀਸ਼ ਬਲੱਗਨ, ਸ੍ਰੀ ਰਜਨੀਸ਼ ਮਹਾਜਨ ਅਤੇ ਸ੍ਰੀ ਅਮਿਤ ਮਹਾਜਨ ਨੂੰ ਮੀਤ ਪ੍ਰਧਾਨ ਬਣਾਇਆ ਗਿਆ। ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਆਗੂਆਂ ਨੇ ਆਸ ਪ੍ਰਗਟਾਈ ਕਿ ਉਹ ਪਾਰਟੀ ਵੱਲੋਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਸੰਗਠਨ ਦੀ ਮਜ਼ਬੂਤੀ ਅਤੇ ਜਨਸੇਵਾ ਸਾਡੀ ਮੁੱਖ ਤਰਜੀਹ: ਅਸ਼ਵਨੀ ਵਰਮਾ ਇਸ ਮੌਕੇ ਮੰਡਲ ਪ੍ਰਧਾਨ ਸ੍ਰੀ ਅਸ਼ਵਨੀ ਵਰਮਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਇੱਕ ਅਜਿਹਾ ਸੰਗਠਨ ਹੈ, ਜਿੱਥੇ ਹਰ ਵਰਕਰ ਦੀ ਮਿਹਨਤ, ਸਮਰਪਣ ਅਤੇ ਯੋਗਦਾਨ ਨੂੰ ਮਹੱਤਵ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਵੀਂ ਕਾਰਜਕਾਰਨੀ ਦੇ ਗਠਨ ਦਾ ਮੁੱਖ ਉਦੇਸ਼ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨਾ, ਨੌਜਵਾਨਾਂ ਸਮੇਤ ਸਮਾਜ ਦੇ ਹਰ ਵਰਗ ਨੂੰ ਪਾਰਟੀ ਨਾਲ ਜੋੜਨਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਗਰਮ ਭੂਮਿਕਾ ਨਿਭਾਉਣਾ ਹੈ। ਉਨ੍ਹਾਂ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਸੀ ਤਾਲਮੇਲ, ਅਨੁਸ਼ਾਸਨ ਅਤੇ ਟੀਮ ਭਾਵਨਾ ਨਾਲ ਕੰਮ ਕਰਨ। ਉਨ੍ਹਾਂ ਕਿਹਾ ਕਿ ਪਾਰਟੀ ਦੀ ਅਸਲ ਤਾਕਤ ਉਸ ਦੇ ਸਮਰਪਿਤ ਵਰਕਰ ਹਨ ਅਤੇ ਸਾਰਿਆਂ ਦੇ ਸਾਂਝੇ ਯਤਨਾਂ ਨਾਲ ਮੰਡਲ ਪੱਧਰ 'ਤੇ ਭਾਜਪਾ ਦੀਆਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ। ਅੰਤ ਵਿੱਚ ਹਾਜ਼ਰ ਆਗੂਆਂ ਅਤੇ ਵਰਕਰਾਂ ਨੇ ਸੰਗਠਨ ਦੀ ਮਜ਼ਬੂਤੀ, ਜਨਸੇਵਾ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ।

# ਬੀ. ਐੱਫ. ਜੀ. ਆਈ.ਬਠਿੰਡਾ ਵਿਖੇ ਦੰਦਾਂ ਦੀ ਦੇਖਭਾਲ ਅਤੇ ਮੂੰਹ ਦੀ ਸਫ਼ਾਈ ਪ੍ਰਤੀ ਜਾਗਰੂਕਤਾ ਲਈ ਵਿਸ਼ੇਸ਼ ਕੈਂਪ ਆਯੋਜਿਤ

ਬਠਿੰਡਾ, 14 ਅਕਤੂਬਰ (ਰਾਣਾ ਸ਼ਰਮਾ) ਬਾਬਾ ਫਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਬੀ.ਐੱਫ.ਜੀ.ਆਈ.), ਬਠਿੰਡਾ ਦੇ ਸਕੂਲ ਆਫ਼ ਸਾਇੰਸਜ਼ ਵੱਲੋਂ ਸਟਾਫ਼ ਅਤੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਹੀ ਦੇਖਭਾਲ ਅਤੇ ਮੂੰਹ ਦੀ ਸਫ਼ਾਈ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਦੰਦਾਂ ਦੀ ਜਾਂਚ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਆਯੋਜਨ ਜਿੰਦਲ ਡੈਂਟਲਜ਼ ਆਰ. ਸੀ. ਟੀ. ਐਂਡ ਇੰਪਲਾਂਟ ਸੈਂਟਰ, ਬਠਿੰਡਾ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਦੰਦਾਂ ਦੀ ਸਿਹਤ ਦੀ ਮਹੱਤਤਾ, ਮੂੰਹ ਦੀ ਸਫ਼ਾਈ ਦੇ ਸਹੀ ਤਰੀਕਿਆਂ ਅਤੇ ਦੰਦਾਂ ਨਾਲ ਸਬੰਧਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਬਾਰੇ ਜਾਣਕਾਰੀ ਦੇਣਾ ਸੀ। ਕੈਂਪ ਦੌਰਾਨ ਕਾਫੀ ਸਟਾਫ਼ ਅਤੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਿਹਤ ਬਰਕਰਾਰ ਰੱਖਣ ਲਈ ਲੋੜੀਂਦੇ ਸੁਝਾਅ ਦਿੱਤੇ ਗਏ। ਇਸ ਮੌਕੇ ਦੰਦਾਂ ਦੇ ਮਾਹਿਰ ਡਾ. ਰਜਨੀਸ਼ ਜਿੰਦਲ (ਭਧਸ਼, ਧਸ਼, ਫਹ.ਧ.) ਨੇ ਦੰਦਾਂ ਦੀ ਨਿਯਮਿਤ ਜਾਂਚ ਅਤੇ ਰੋਜ਼ਾਨਾ ਮੂੰਹ ਦੀ ਸਫ਼ਾਈ ਦੀਆਂ ਆਦਤਾਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਦਿਨ ਵਿੱਚ ਦੋ ਵਾਰ ਬੁਰਸ਼ ਕਰਨਾ, ਸੰਤੁਲਿਤ ਅਤੇ ਪੌਸ਼ਟਿਕ ਖੁਰਾਕ ਲੈਣਾ, ਮਿੱਠੇ ਪਦਾਰਥਾਂ ਦੀ ਵਧੇਰੇ ਸੇਵਨ ਕਰਨ ਤੋਂ ਬਚਣਾ ਅਤੇ ਨਿਯਮਿਤ ਤੌਰ 'ਤੇ ਦੰਦਾਂ ਦੇ ਮਾਹਿਰ ਤੋਂ ਜਾਂਚ ਕਰਵਾਉਣਾ ਦੰਦਾਂ ਨੂੰ ਸਿਹਤਮੰਦ ਰੱਖਣ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਇਹ ਵੀ ਉਜਾਗਰ ਕੀਤਾ ਕਿ ਸਮੇਂ ਸਿਰ ਜਾਂਚ ਕਰਵਾਉਣ ਨਾਲ ਦੰਦਾਂ ਅਤੇ ਮਸੂੜਿਆਂ ਨਾਲ ਜੁੜੀਆਂ ਕਈ ਸਮੱਸਿਆਵਾਂ ਦੀ ਪਛਾਣ ਕਰਕੇ ਉਨ੍ਹਾਂ ਦਾ ਢੁਕਵਾਂ ਇਲਾਜ ਕਰਵਾਇਆ ਜਾ ਸਕਦਾ ਹੈ। ਬਾਬਾ ਫਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ ,ਬਠਿੰਡਾ ਵੱਲੋਂ ਵਿਦਿਆਰਥੀਆਂ ਦੀ ਭਲਾਈ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਧਿਆਨ ਵਿੱਚ ਰੱਖਦਿਆਂ ਸਮੇਂ-ਸਮੇਂ 'ਤੇ ਅਜਿਹੀਆਂ ਸਿਹਤ ਸਬੰਧੀ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਇਹ ਉਪਰਾਲੇ ਨਾ ਸਿਰਫ਼ ਸਿਹਤ ਪ੍ਰਤੀ ਜਾਗਰੂਕਤਾ ਵਧਾਉਂਦੇ ਹਨ ਸਗੋਂ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਸਿਹਤਮੰਦ ਆਦਤਾਂ ਅਪਣਾਉਣ ਲਈ ਵੀ ਪ੍ਰੇਰਿਤ ਕਰਦੇ ਹਨ। ਇਸ ਕੈਂਪ ਰਾਹੀਂ ਇਹ ਸੁਨੇਹਾ ਦਿੱਤਾ ਗਿਆ ਕਿ ਦੰਦਾਂ ਦੀ ਸਹੀ ਸੰਭਾਲ ਸਿਰਫ਼ ਸੁੰਦਰ ਮੁਸਕਾਨ ਲਈ ਹੀ ਨਹੀਂ ਸਗੋਂ ਸਮੁੱਚੀ ਸਿਹਤ ਅਤੇ ਬਿਹਤਰ ਜੀਵਨ-ਸ਼ੈਲੀ ਲਈ ਵੀ ਬੇਹੱਦ ਜ਼ਰੂਰੀ ਹੈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ

ਅੰਮ੍ਰਿਤਸਰ 14 ਅਕਤੂਬਰ (ਰਾਜੇਸ਼ ਡੈਨੀ )ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵਲੋ ਜਿਲ੍ਹਾ ਪ੍ਰਧਾਨ ਕਰਨਜੀਤ ਸਿੰਘ ਦੀ ਅਗਵਾਈ ਹੇਠ ਕੋਟ ਮਾਹਣਾ ਸਿੰਘ ਤਰਨ ਤਾਰਨ ਰੋਡ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ ਇਸ ਮੌਕੇ ਜਿਲਾ ਪ੍ਰਧਾਨ ਕਰਨਜੀਤ ਸਿੰਘ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਵਿੱਚ ਇਸ ਵੇਲੇ ਨਸ਼ੇ ਬਹੁਤ ਜਿਆਦਾ ਵੱਧ ਗਏ ਹਨ ਜਿਸਨੂੰ ਕੰਟਰੋਲ ਕਰਨਾ ਪੰਜਾਬ ਸਰਕਾਰ ਦੇ ਵੱਸ ਤੋਂ ਬਾਹਰ ਹੋ ਗਿਆ ਹੈ ਜਿਸਦੀ ਜਿੰਮੇਵਾਰ ਪੰਜਾਬ ਸਰਕਾਰ ਹੈ ਬੀਤੇ ਦਿਨ ਪਰਮਿੰਦਰ ਸਿੰਘ ਝੋਟਾ ਦੀ ਨਸ਼ਾ ਵੇਚਣ ਵਾਲਿਆਂ ਵਲੋ ਹੱਤਿਆ ਕਰ ਦਿੱਤੀ ਗਈ ਇਸ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਨਾ ਕਰਨ ਕਰਕੇ ਅਜਿਹੇ ਅਪਰਾਧ ਕਰਨ ਵਾਲਿਆਂ ਦੇ ਹੌਸਲੇ ਵੱਧ ਗਏ ਹਨ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਲਗਾਤਾਰ ਚਿੰਤਾਜਨਕ ਬਣਦੀ ਜਾ ਰਹੀ ਹੈ ਲੋਕ ਆਪਣੇ ਆਪ ਨੂੰ ਅਸਰੁਖਿਅਤ ਮਹਿਸੂਸ ਕਰ ਰਹੇ ਹਨ ਅਤੇ ਪੰਜਾਬ ਵਿੱਚ ਜੰਗਲ ਰਾਜ ਵਰਗੇ ਹਾਲਾਤ ਬਣੇ ਹੋਏ ਹਨ ਇਸ ਮੌਕੇ ਜਨਰਲ ਸਕੱਤਰ ਬਲਵਿੰਦਰ ਸਿੰਘ ਰਿਹੀ,ਪ੍ਰੈਸ ਅਤੇ ਮਨਜੀਤ ਜੌੜਾ ਫਾਟਕ,ਹਰਪਾਲ ਸਿੰਘ,ਅਮਨਦੀਪ ਸਿੰਘ ਵਿਰਦੀ,ਸਾਹਿਬ ਸਿੰਘ,ਗੋਲਡੀ ਅਤੇ ਹੋਰ ਹਾਜ਼ਰ ਸਨ

# ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਮੰਗ, ਪ੍ਰਦਰਸ਼ਨਕਾਰੀਆਂ 'ਤੇ ਵਹਿਸ਼ੀ ਜਬਰ ਵਿਰੁੱਧ ਰੋਸ ਮਾਰਚ

ਬਰਨਾਲਾ: 14 ਅਕਤੂਬਰ (ਅਵਤਾਰ ਸਿੰਘ ਫਰਵਾਹੀ) ਅੱਜ ਜਮਹੂਰੀ ਅਧਿਕਾਰ ਸਭਾ ਦੇ ਸੱਦੇ 'ਤੇ ਜਿਲ੍ਹੇ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੇ ਪਿਛਲੇ ਦਿਨੀਂ ਦਿੱਲੀ ਅਤੇ ਦੇਸ਼ ਦੇ ਕਈ ਹੋਰ ਸ਼ਹਿਰਾਂ ਵਿਚ ਐਸਆਈਆਰ ਨੂੰ ਵਾਪਸ ਲੈਣ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਲਈ ਪ੍ਰਦਰਸ਼ਨ ਕਰ ਰਹੇ ਲੋਕਾਂ ਉਪਰ ਪੁਲਿਸ ਵਲੋਂ ਵਹਿਸ਼ੀ ਜਬਰ ਕੀਤੇ ਜਾਣ ਵਿਰੁੱਧ ਸ਼ਹਿਰ ਵਿਚ ਰੋਹ ਭਰਪੂਰ ਰੋਸ ਮਾਰਚ ਕੀਤਾ। ਮਾਰਚ ਤੋਂ ਪਹਿਲਾਂ ਰੇਲਵੇ ਸਟੇਸ਼ਨ 'ਤੇ ਹੋਈ ਇਕੱਤਰਤਾ ਨੂੰ ਜਮਹੂਰੀ ਅਧਿਕਾਰ ਸਭਾ ਬਰਨਾਲਾ ਦੇ ਪ੍ਰਧਾਨ ਸੋਹਣ ਸਿੰਘ ਮਾਝੀ, ਇਨਕਲਾਬੀ ਕੇਂਦਰ ਦੇ ਸੂਬਾ ਪ੍ਰਧਾਨ ਨਰੈਣ ਦੱਤ, ਤਰਕਸ਼ੀਲ ਸੁਸਾਇਟੀ ਦੇ ਪ੍ਰਧਾਨ ਮਾਸਟਰ ਰਾਜਿੰਦਰ ਭਦੌੜ, ਡੀਟੀਐਫ ਆਗੂ ਮਾਸਟਰ ਰਾਜੀਵ ਕੁਮਾਰ, ਮੁਲਾਜ਼ਮ ਆਗੂ ਕਰਮਜੀਤ ਬੀਹਲਾ, ਬੀਕੇਯੂ ਨੇ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਦੇ ਨਾਮ ਹੇਠ ਚਲਾਈ ਜਾ ਰਹੀ ਅਸਲ ਵਿਚ ਚੋਣ ਪ੍ਰਣਾਲੀ ਨੂੰ ਪੁੱਠਾ ਗੇੜਾ ਦੇਣ ਦੀ ਕਾਰਵਾਈ ਹੈ। ਪਹਿਲਾਂ ਵੋਟਰ ਸਰਕਾਰ ਚੁਣਦੇ ਸਨ, ਹੁਣ ਸਰਕਾਰ ਵੋਟਰਾਂ ਨੂੰ ਚੁਣਨ ਦੇ ਰਾਹ ਪੈ ਗਈ ਹੈ। ਆਗੂਆਂ ਨੇ ਸਪੱਸ਼ਟ ਕੀਤਾ ਕਿ ਐਸਆਈਆਰ ਦੀ ਇਸ ਕਾਰਵਾਈ ਪਿਛੇ ਛੁਪੇ ਅਸਲ ਕਾਰਨਾਂ ਨੂੰ ਸਮਝਣ ਦੀ ਜ਼ਰੂਰਤ ਹੈ। ਇਹ ਸਿਰਫ ਲੋਕਾਂ ਦੇ ਵੋਟ ਅਧਿਕਾਰ ਉਪਰ ਹੀ ਨਹੀਂ, ਸਗੋਂ ਉਨ੍ਹਾਂ ਦੀ ਨਾਗਰਿਕਤਾ ਦੇ ਅਧਿਕਾਰ ਉਪਰ ਹਮਲਾ ਹੈ। ਘੁਸਪੈਠੀਆਂ ਦੇ ਨਾਮ 'ਤੇ ਹੁਣ ਤੱਕ 13 ਕਰੋੜ ਲੋਕਾਂ ਦੇ ਵੋਟ ਕੱਟ ਦਿੱਤੇ ਗਏ ਹਨ ਜਦੋਂ ਕਿ ਹੁਣ ਤੱਕ ਸਰਕਾਰ ਨੇ ਕਿਸੇ ਇਕ ਵੀ ਕਥਿਤ ਘੁਸਪੈਠੀਏ ਦਾ ਨਾਮ ਜਨਤਕ ਨਹੀਂ ਕੀਤਾ। ਵੋਟ ਦੀ ਪਾਤਰਤਾ ਨੂੰ ਪਿਉ ਦਾਦਿਆਂ ਦੀ ਵੋਟ ਤੇ ਨਾਗਰਿਕਤਾ ਨਾਲ ਜੋੜਿਆ ਜਾ ਰਿਹਾ ਹੈ। ਵੋਟਰ ਸੂਚੀ ''ਚੋਂ ਬਾਹਰ ਕੱਢੇ ਗਏ ਲੋਕਾਂ ਨੂੰ ਸਰਕਾਰੀ ਭਲਾਈ ਸਕੀਮਾਂ 'ਚੋਂ ਬਾਹਰ ਕੱਢਿਆ ਜਾ ਰਿਹਾ ਹੈ। ਅਸਲ ਵਿਚ ਇਹ ਸਾਰੀ ਕਵਾਇਦ ਘੱਟ ਗਿਣਤੀਆਂ ਅਤੇ ਸੱਤਾਧਾਰੀ ਪਾਰਟੀ ਦੇ ਵਿਰੋਧੀਆਂ ਨੂੰ ਦੋ ਨੰਬਰ ਦੇ ਨਾਗਰਿਕ ਬਣਾਏ ਜਾਣ ਦੀ ਕੋਝੀ ਸ਼ਾਜਿਸ਼ ਹੈ। ਪਿਛਲੇ ਦਿਨੀਂ ਜਿਸ ਤਰ੍ਹਾਂ ਦੇਸ਼ ਦੀ ਰਾਜਧਾਨੀ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸੁਰੱਖਿਆ ਕਰਮਚਾਰੀ ਤੈਨਾਤ ਕਰਕੇ ਇਸ ਨੂੰ ਪੁਲਿਸ ਛਾਉਣੀ ਵਿਚ ਤਬਦੀਲ ਕੀਤਾ ਗਿਆ, ਉਸ ਤੋਂ ਸੱਤਾਧਾਰੀਆਂ ਦੇ ਫ਼ਾਸ਼ੀਵਾਦੀ ਮਨਸੂਬੇ ਚਿੱਟੇ ਦਿਨ ਵਾਂਗ ਸਪੱਸ਼ਟ ਹੋ ਜਾਂਦੇ ਹਨ। ਸਿਰਫ ਨੌਜਵਾਨ ਲੜਕੇ ਲੜਕੀਆਂ ਨੂੰ ਹੀ ਬਲਕਿ ਪ੍ਰਮਾਣਿਤ ਪੱਤਰਕਾਰਾਂ ਨੂੰ ਸੜਕਾਂ ਉਪਰ ਘਸੀਟਿਆ ਗਿਆ। ਰੋਸ ਪ੍ਰਦਰਸ਼ਨਾਂ ਲਈ ਨਿਰਧਾਰਿਤ ਕੀਤੀ ਥਾਂ, ਜੰਤਰ-ਮੰਤਰ ਨੂੰ ਇਸ ਮੰਤਵ ਲਈ ਡੀ-ਨੋਟੀਫਾਈ ਕਰ ਦਿਤਾ ਗਿਆ। ਸਰਕਾਰ ਦੇ ਇਨ੍ਹਾਂ ਫ਼ਾਸੀਵਾਦੀ ਮਨਸੂਬਿਆਂ ਨੂੰ ਵਿਸ਼ਾਲ ਲੋਕ ਹੀ ਠੱਲ ਪਾ ਸਕਦੀ ਹੈ। ਆਪਣੇ ਬਚੇ ਖੁਚੇ ਅਧਿਕਾਰਾਂ ਨੂੰ ਬਚਾਉਣ ਦਾ ਬਸ ਇਹੀ ਇਕੋ ਇਕ ਤਰੀਕਾ ਹੈ। ਸਟੇਜ ਦੀ ਕਾਰਵਾਈ ਜਮਹੂਰੀ ਅਧਿਕਾਰ ਸਭਾ ਬਰਨਾਲਾ ਦੇ ਸਕੱਤਰ ਗੁਰਮੀਤ ਸਿੰਘ ਸੁਖਪੁਰ ਨੇ ਬਾਖੂਬੀ ਨਿਭਾਈ।

# ਪਰਾਲੀ ਪ੍ਰਬੰਧਨ: ਬੇਲਰਾਂ ਵੱਲੋਂ ਰਾਮਪੁਰਾ ਦੇ ਖੇਤਰ ਵਿੱਚ 170 ਏਕੜ ਰਕਬੇ 'ਚ ਪਰਾਲੀ ਦਾ ਪ੍ਰਬੰਧਨ ਕੀਤਾ ਜਾਵੇਗਾ

ਬਠਿੰਡਾ, 14 ਅਕਤੂਬਰ (ਰਾਣਾ ਸ਼ਰਮਾ) ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀਆਂ ਹਦਾਇਤਾਂ ਅਤੇ ਉਪ ਮੰਡਲ ਮੈਜਿਸਟਰੇਟ ਰਾਮਪੁਰਾ ਫੂਲ ਸ. ਬਲਕਰਨ ਸਿੰਘ ਮਾਹਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਖੇਤੀਬਾੜੀ ਰਹਿੰਦ ਖੂੰਹਦ ਅਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀਆਂ ਹਿਦਾਇਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਡਾ ਭਾਰਤ ਭੂਸ਼ਣ ਬਲਾਕ ਖੇਤੀਬਾੜੀ ਅਫਸਰ ਰਾਮਪੁਰਾ ਫੂਲ ਵੱਲੋਂ ਸਬ ਡਵੀਜ਼ਨ ਰਾਮਪੁਰਾ ਫੂਲ ਨਾਲ ਸੰਬੰਧਤ ਬੇਲਰ ਮਾਲਕਾਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਡਾ. ਭਾਰਤ ਭੂਸ਼ਣ ਵੱਲੋਂ ਬੇਲਰ ਮਾਲਕਾਂ ਨੂੰ ਡੰਪ ਦੀ ਸਥਿਤੀ ਬਾਰੇ ਪੁੱਛਿਆ ਗਿਆ ਅਤੇ ਬੇਲਰ ਮਾਲਕਾਂ ਵੱਲੋਂ ਇਸ ਸਬੰਧੀ ਸੰਤੁਸ਼ਟੀ ਜਾਹਰ ਕਰਦਿਆਂ ਦੱਸਿਆ ਕਿ ਡੰਪ ਦੀ ਕੋਈ ਸਮੱਸਿਆ ਨਹੀਂ ਆ ਰਹੀ ਹੈ। ਬੇਲਰ ਮਾਲਕਾਂ ਨੇ ਦੱਸਿਆ ਗਿਆ ਕਿ ਉਨ੍ਹਾਂ ਇਸ ਸਾਲ 170 ਏਕੜ ਰਕਬੇ ਦਾ ਪ੍ਰਬੰਧਨ ਕਰ ਲਿਆ ਗਿਆ ਹੈ ਜਿਸ ਤਹਿਤ ਇਸ ਰਕਬੇ ਚ ਪਰਾਲੀ ਦਾ ਪ੍ਰਬੰਧਾਂ ਗੱਠਾਂ ਦੇ ਰੂਪ ਵ

# ਸਰਬ ਹਿੰਦ ਸਮਾਗਮ ਦੌਰਾਨ ਸੰਗਰੂਰ ਸੁਸਾਇਟੀ ਨੇ ਅਹਿਮ ਸੇਵਾਵਾਂ ਨਿਭਾਈਆਂ

## ਵਰ੍ਹਦੇ ਮੀਂਹ ਵਿੱਚ 100 ਤੋਂ ਵੱਧ ਸੁਸਾਇਟੀਆਂ ਨੇ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ

ਸੰਗਰੂਰ 14 ਅਕਤੂਬਰ (ਜਸਪਾਲ ਸਰਾਓ) ਸੀ ? ਸੁਖਮਨੀ ਸਾਹਿਬ ਸੇਵਾ ਸੋਸਾਇਟੀਆਂ ਦੇ 51ਵੇਂ ਸਾਲਾਨਾ ਸਰਬ ਹਿੰਦ ਸਮਾਗਮ ਸਬੰਧੀ ਤਿੰਨ ਰੋਜ਼ਾ ਪ੍ਰੋਗ੍ਰਾਮ, ਬਾਬਾ ਬੁੱਢਾ ਜੀ ਤਪ ਅਸਥਾਨ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਰਮਦਾਸ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਸਵਿੰਦਰ ਸਿੰਘ ਮੁੱਖ ਸੇਵਾਦਾਰ, ਗੁਰਪ੍ਰੀਤ ਸਿੰਘ ਭੱਟੀ ਅਤੇ ਅਮਰਜੀਤ ਸਿੰਘ ਦੀ ਦੇਖ ਰੇਖ ਹੇਠ ਬੜੀ ਸ਼ਰਧਾ ਅਤੇ ਉਤਸਾਹ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਸੀ ? ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸੰਗਰੂਰ ਦੇ ਸੇਵਕਾਂ ਦਾ ਵੱਡਾ ਜਥਾ ਸ਼ਾਮਿਲ ਹੋਇਆ। ? ਸਮਾਗਮ ਦੌਰਾਨ ਜਿਥੇ ਸੁਸਾਇਟੀ ਸਰਪਰਸਤ ਨਰਿੰਦਰਪਾਲ ਸਿੰਘ ਸਾਹਨੀ ਐਡਵੋਕੇਟ ਨੇ ਤਿੰਨੇ ਦਿਨ ਰਾਤਰੀ ਅਤੇ ਸਵੇਰ ਦੇ ਕੀਰਤਨ- ਕਥਾ ਸਮਾਗਮਾਂ ਦੀ ਸਟੇਜ ਸੰਚਾਲਨ ਦੀ ਸੇਵਾ ਬਾਖੂਬੀ ਨਿਭਾਈ ਉਥੇ ਸੋਸਾਇਟੀ ਦੇ ਮੁੱਖ ਸੇਵਾਦਾਰ ਹਰਭਜਨ ਸਿੰਘ ਭੱਟੀ ਦੀ ਅਗਵਾਈ ਵਿੱਚ ਸੁਸਾਇਟੀ ਸੇਵਕਾਂ ਨੇ ਅਹਿਮ ਸੇਵਾਵਾਂ ਨਿਭਾਈਆਂ। ਜਿਸ ਵਿੱਚ ਦਲਵੀਰ ਸਿੰਘ ਬਾਬਾ , ਗੁਰਿੰਦਰ ਵੀਰ ਸਿੰਘ, ਰਾਜਿੰਦਰ ਪਾਲ ਸਿੰਘ, ਹਰਵਿੰਦਰ

ਸਿੰਘ ਬਿੱਟੂ, ਗੁਰਿੰਦਰ ਸਿੰਘ ਗੁਜਰਾਲ, ਸੁਰਿੰਦਰ ਪਾਲ ਸਿੰਘ ਸਿਦਕੀ, ਚਰਨਜੀਤ ਪਾਲ ਸਿੰਘ, ਰਾਜਵਿੰਦਰ ਸਿੰਘ ਲੱਕੀ, ਪ੍ਰੀਮ ਸਿੰਘ, ਹਰਫੂਲ ਸਿੰਘ, ਈਮਾਨਪ੍ਰੀ ਸਿੰਘ, ਗੁਰਪ੍ਰੀਤ ਸਿੰਘ, ਗੁਰਕੰਵਲ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ? ਇਸ ਮੌਕੇ ਤੇ ਦਰਬਾਰ ਸਾਹਿਬ ਦੇ ਰਾਗੀ ਜਥਿਆਂ ਅਤੇ ਵੱਖ ਵੱਖ ਕਥਾ ਵਾਚਕਾਂ ਸਮੇਤ ਭਾਈ ਗੁਰਇਕਬਾਲ ਸਿੰਘ ਅੰਮ੍ਰਿਤਸਰ ਵਾਲਿਆਂ ਨੇ ਕੀਰਤਨ ਅਤੇ ਵਿਆਖਿਆ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਜਥਿਆਂ ਨੂੰ ਸਮਾਗਮ ਪ ?ਬੰਧਕੀ ਕਮੇਟੀ ਦੇ ਨਾਲ ਹਰਭਜਨ ਸਿੰਘ ਭੱਟੀ, ਗੁਰਿੰਦਰ ਸਿੰਘ ਗੁਜਰਾਲ, ਸੁਰਿੰਦਰ ਪਾਲ ਸਿੰਘ ਸਿਦਕੀ, ਮਹਿੰਦਰ ਪਾਲ ਸਿੰਘ ਪਾਹਵਾ ਨੇ ਸਨਮਾਨਿਤ ਕੀਤਾ। ਸਵੇਰ ਦੇ ਵੇਲੇ ਸੰਗਤੀ ਰੂਪ ਵਿੱਚ ਸੁਸਾਇਟੀਆਂ ਵੱਲੋਂ ਸੰਗਤੀ ਰੂਪ ਵਿੱਚ ਸੀ ? ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਜਿਸ ਵਿੱਚ ਉਪਰੋਕਤ ਦੇ ਨਾਲ ਸਵਰਨ ਕੌਰ, ਵਰਿੰਦਰ ਕੌਰ, ਪਰਵਿੰਦਰ ਕੌਰ, ਰੇਖਾ ਰਾਣੀ, ਕਰਮਿੰਦਰ ਕੌਰ, ਜੋਗਿੰਦਰ ਕੌਰ ਨੇ ਵੀ ਹਾਜ਼ਰੀ ਭਰੀ। ਉਪਰੰਤ ਸੀ ? ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਜ਼ਿਕਰਯੋਗ ਹੈ ਕਿ ਨਗਰ ਕੀਰਤਨ ਵਿੱਚ ਸ਼ਾਮਲ 150 ਤੋਂ ਵੱਧ ਸੁਸਾਇਟੀਆਂ ਦੇ ਸੇਵਕਾਂ ਨੇ ਬਾਵਰਦੀ ਸ਼ਾਮਲ ਹੋ ਕੇ ਜਿਥੇ ਅਜਬ ਨਜ਼ਾਰਾ ਪੇਸ਼ ਕੀਤਾ ਉਥੇ ਇੱਕ ਪਾਸੇ ਹਵਾਈ ਜਹਾਜ਼ ਰਾਹੀਂ ਫੁੱਲਾਂ ਦੀ ਵਰਖਾ ਹੋਈ ਅਤੇ ਉਸ ਦੇ ਨਾਲ ਆਕਾਸ਼ ਤੋਂ ਵੀ *ਜ਼ੋਰਦਾਰ ਵਰਖਾ ਹੋਈ ਪ੍ਰੰਤੂ ਵਰ੍ਹਦੇ ਮੀਂਹ ਵਿੱਚ ਵੀ ਸ਼ਬਦੀ ਜਥਿਆਂ ਨੇ ਝਿਮ ਝਿਮ ਵਰਸੇ ਅੰਮ੍ਰਿਤ ਧਾਰਾ...ਅਤੇ ਭਗਤ ਫਰੀਦ ਜੀ ਦੇ ਸਲੋਕ ਭਿਜਉ ਸਿਜਉ ਕੰਬਲੀ ਅਲਹ ਵਰਸਹੁ ਮੇਹੁ। ਜਾਇ ਮਿਲਾ ਤਿਨਾ ਸਜਣਾ ਤੁਟਉ ਨਾਹੀ ਨੇਹੁ॥ ਆਦਿ ਸ਼ਬਦਾਂ ਨਾਲ ਰਮਦਾਸ ਦੇ ਗਲੀ ਮੁਹੱਲਿਆਂ ਦੀਆਂ ਸੰਗਤਾਂ ਨੂੰ ਨਾਮ ਬਾਣੀ ਨਾਲ ਰੰਗ ਦਿੱਤਾ। *ਨਗਰ ਕੀਰਤਨ ਦੇ ਰੂਟ ਤੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਦੀਆਂ ਪ ?ਬੰਧਕ ਕਮੇਟੀਆਂ ਅਤੇ ਨਗਰ ਨਿਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ , ਸੀ ? ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਕੀਤਾ ਗਿਆ ਅਤੇ ਸੰਗਤਾਂ ਦੀ ਖਾਣ ਪੀਣ ਦੇ ਵੱਖ ਵੱਖ ਪਦਾਰਥਾਂ ਨਾਲ ਭਰਪੂਰ ਸੇਵਾ ਕੀਤੀ ਅਤੇ ਹਰ ਸੁਸਾਇਟੀ ਦੇ ਮੁਖੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਸੰਗਰੂਰ ਸੁਸਾਇਟੀ ਦੇ ਸ਼ਬਦੀ ਜਥੇ ਸੇਵਕਾਂ ਨਾਲ ਸਹਿਜਮੀਤ ਕੌਰ, ਕੁਲਦੀਪ ਕੌਰ, ਗੁਰਜੀਤ ਕੌਰ, ਗੁਰਮੀਤ ਕੌਰ, ਰਵਨੀਤ ਕੌਰ, ਜਸਵਿੰਦਰ ਕੌਰ ਬਲੇਸਾਂ, ਸਰਬਦਮਨ ਸਿੰਘ ਨੇ ਗੁਰੂ ਸਾਹਿਬ ਦੀ ਉਸਤਤਿ ਵਿੱਚ ਗੁਣ ਗਾਇਨ ਕੀਤਾ ਅਤੇ ਹਰਪ੍ਰੀਤ ਸਿੰਘ ਪ੍ਰੀਤ, ਜਗਜੀਤ ਸਿੰਘ ਸਰਨਾ, ਸੁਰਿੰਦਰ ਸਿੰਘ ਸਰਨਾ, ਬਲਵੰਤ ਸਿੰਘ ਭਿੰਖੀ, ਕਰਮ ਸਿੰਘ ਰਵੀਦਾਸ ਪੁਰਾ, ਹਮੀਰ ਸਿੰਘ, ਕਰਨੈਲ ਸਿੰਘ, ਰਾਵਿੰਦਰ ਸਿੰਘ, ਜੋਗਿੰਦਰ ਸਿੰਘ ਲੁਧਿਆਣਾ, ਮਨਦੀਪ ਸਿੰਘ ਸ਼ੈਲੀ, ਰਾਜਿੰਦਰ ਸਿੰਘ ਆਦਿ ਨੇ ਸਹਿਯੋਗ ਦਿੱਤਾ। ਨਗਰ ਕੀਰਤਨ ਦੀ ਸਮਾਪਤੀ ਤੇ ਸੰਗਰੂਰ ਸੁਸਾਇਟੀ ਵੱਲੋਂ ਸਾਰੀਆਂ ਸੁਸਾਇਟੀਆਂ ਨੂੰ ਮਿਠਿਆਈ ਦੇ ਡੱਬੇ ਦਿੱਤੇ ਗਏ ਅਤੇ ਰਮਦਾਸ ਸੁਸਾਇਟੀ ਵੱਲੋਂ ਸੰਗਰੂਰ ਸੁਸਾਇਟੀ ਦੇ ਪ੍ਰਧਾਨ ਹਰਭਜਨ ਸਿੰਘ ਭੱਟੀ ਅਤੇ ਨਰਿਦਰ ਪਾਲ ਸਿੰਘ ਸਾਹਨੀ ਨੂੰ ਯਾਦਗਾਰੀ ਚਿੰਨ੍ਹ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

# ਸਿਹਤ ਵਿਭਾਗ ਵੱਲੋਂ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਵੱਖ-ਵੱਖ ਗਤੀਵਿਧੀਆਂ ਜਾਰੀ

## ਨਸ਼ਾ ਮੁਕਤੀ ਜਾਗਰੂਕਤਾ ਸੈਮੀਨਾਰ ਅਤੇ ਮੈਡੀਕਲ ਕੈਂਪ ਲਗਾਇਆ

ਕੋਟਕਪੂਰਾ, 14 ਅਕਤੂਬਰ: ਗੁਰਪ੍ਰੀਤ ਸਿੰਘ ਔਲਖ) ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਸਿਹਤ ਵਿਭਾਗ ਵੱਲੋਂ ਨਸ਼ਿਆਂ ਦੀ ਰੋਕਥਾਮ, ਲੋਕਾਂ ਨੂੰ ਜਾਗਰੂਕ ਕਰਨ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵੱਖ-ਵੱਖ ਗਤੀਵਿਧੀਆਂ ਜਾਰੀ ਹਨ। ਇਸੇ ਲੜੀ ਤਹਿਤ ਕੋਟਕਪੂਰਾ ਦੇ ਨਸ਼ਾ ਪ੍ਰਭਾਵਿਤ ਖੇਤਰ ਛੱਜਘੜ੍ਹਿਆ ਮੁਹੱਲਾ, ਜੈਤੋ ਚੁੰਗੀ ਵਿਖੇ ਨਸ਼ਾ ਮੁਕਤੀ ਜਾਗਰੂਕਤਾ ਸੈਮੀਨਾਰ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਸ ਦੇ ਨਾਲ ਹੀ ਜ਼ਿਲ੍ਹਾ ਡਰੱਗ ਕੰਟਰੋਲ ਅਫ਼ਸਰ ਵੱਲੋਂ ਕੋਟਕਪੂਰਾ ਦੇ ਹੌਟਸਪੌਟ ਖੇਤਰਾਂ ਵਿੱਚ ਮੈਡੀਕਲ ਸਟੋਰਾਂ ਦੀ ਜਾਂਚ ਵੀ ਕੀਤੀ ਗਈ। ਸਿਵਲ ਸਰਜਨ ਫ਼ਰੀਦਕੋਟ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ-ਨਿਰਦੇਸ਼ਾਂ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਿਸ਼ਵਦੀਪ ਗੋਇਲ ਦੀ ਅਗਵਾਈ ਅਤੇ ਸੀਨੀਅਰ ਮੈਡੀਕਲ ਅਫ਼ਸਰ, ਐੱਸ.ਡੀ.ਐੱਚ. ਕੋਟਕਪੂਰਾ ਡਾ. ਹਰਿੰਦਰ ਗਾਂਧੀ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਵਿੱਚ ਇੰਚਾਰਜ ਡਾਕਟਰ ਵਿਕਰਮ ਜਿੰਦਲ ਵੀ ਮੌਜੂਦ ਸਨ। ਇਸ ਮੌਕੇ ਸਿਵਲ ਹਸਪਤਾਲ ਕੋਟਕਪੂਰਾ ਦੇ ਕਾਊਂਸਲਰ ਸ੍ਰੀ ਖੁਸ਼ਦੀਪ ਸਿੰਘ ਨੇ ਮੁੱਖ ਬੁਲਾਰੇ ਵਜੋਂ ਸੰਬੋਧਨ ਕਰਦਿਆਂ ਨਸ਼ਿਆਂ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਨੁਕਸਾਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲਤ ਵਿਅਕਤੀ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਣ ਦੇ ਨਾਲ-ਨਾਲ ਪਰਿਵਾਰਕ ਸਬੰਧਾਂ, ਸਮਾਜਿਕ ਜੀਵਨ ਅਤੇ ਭਵਿੱਖ ਨੂੰ ਵੀ ਪ੍ਰਭਾਵਿਤ ਕਰਦੀ ਹੈ। ਇਸ ਲਈ ਨਸ਼ਿਆਂ ਤੋਂ ਬਚਾਅ ਲਈ ਸਮੇਂ ਸਿਰ ਜਾਗਰੂਕਤਾ, ਪਰਿਵਾਰਕ ਸਹਿਯੋਗ ਅਤੇ ਸਹੀ ਮਾਰਗਦਰਸ਼ਨ ਬਹੁਤ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸਿੱਖਿਆ, ਖੇਡਾਂ, ਰਚਨਾਤਮਕ ਗਤੀਵਿਧੀਆਂ ਅਤੇ ਸਮਾਜ ਸੇਵਾ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਨਸ਼ਾ ਛੱਡਣ ਦੇ ਇੱਛੁਕ ਵਿਅਕਤੀਆਂ ਲਈ ਕਾਊਂਸਲਿੰਗ, ਇਲਾਜ ਅਤੇ ਪੁਨਰਵਾਸ ਸਬੰਧੀ ਸਿਹਤ ਸੇਵਾਵਾਂ ਉਪਲਬਧ ਹਨ। ਸੈਮੀਨਾਰ ਦੌਰਾਨ ਸਿਹਤ ਵਿਭਾਗ ਦੀ ਟੀਮ ਵੱਲੋਂ ਮਰੀਜ਼ਾਂ ਨੂੰ ਲੋੜੀਂਦੀਆਂ ਮੈਡੀਕਲ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਲੋਕਾਂ ਨੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ। ਇਸੇ ਮੁਹਿੰਮ ਤਹਿਤ ਜ਼ਿਲ੍ਹਾ ਡਰੱਗ ਕੰਟਰੋਲ ਅਫ਼ਸਰ ਫ਼ਰੀਦਕੋਟ ਸ੍ਰੀ ਹਰਜਿੰਦਰ ਸਿੰਘ ਵੱਲੋਂ ਕੋਟਕਪੂਰਾ ਦੇ ਹੌਟਸਪੌਟ ਖੇਤਰਾਂ ਵਿੱਚ ਮੈਡੀਕਲ ਸਟੋਰਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਜਲਾਲੇਆਣਾ ਰੋਡ ਸਥਿਤ ਨਿਊ ਗੁਰੂ ਨਾਨਕ ਮੈਡੀਕਲ ਹਾਲ ਅਤੇ ਮੈਡ ਫਾਰਮਾ ਏਜੰਸੀਜ਼ ਦੀ ਜਾਂਚ ਕੀਤੀ ਗਈ। ਇਨ੍ਹਾਂ ਦੋਵਾਂ ਮੈਡੀਕਲ ਸਟੋਰਾਂ ਵਿੱਚ ਕੋਈ ਉਲੰਘਣਾ ਨਹੀਂ ਪਾਈ ਗਈ ਅਤੇ ਨਾ ਹੀ ਕੋਈ ਆਦਤ ਪਾਉਣ ਵਾਲੀਆਂ ਦਵਾਈਆਂ ਬਰਾਮਦ ਹੋਈਆਂ। ਇਸ ਤੋਂ ਇਲਾਵਾ ਜੈਤੋ ਚੁੰਗੀ ਸਥਿਤ ਮੈਡੀਕੋਜ਼ ਦੀ ਜਾਂਚ ਦੌਰਾਨ ਨਿਯਮਾਂ ਦੀ ਉਲੰਘਣਾ ਸਾਹਮਣੇ ਆਈ। ਜਾਂਚ ਦੌਰਾਨ ਖਰੀਦ ਰਿਕਾਰਡ ਦੇ ਮੁਕਾਬਲੇ ਵਿਕਰੀ ਸਬੰਧੀ ਲੋੜੀਂਦੇ ਰਿਕਾਰਡ ਤੋਂ ਬਿਨਾਂ ਆਦਤ ਪਾਉਣ ਵਾਲੀਆਂ ਦਵਾਈਆਂ ਦੀਆਂ ਕੁੱਲ 983 ਗੋਲੀਆਂ ਮਿਲੀਆਂ, ਜਿਨ੍ਹਾਂ ਦੀ ਅੰਦਾਜ਼ਨ ਕੀਮਤ 18,480 ਰੁਪਏ ਦੱਸੀ ਗਈ ਹੈ। ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਵਿਅਕਤੀਆਂ ਨੂੰ ਇਲਾਜ ਲਈ ਪ੍ਰੇਰਿਤ ਕਰਨ, ਤਾਂ ਜੋ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

# ਰਾਮਲੀਲਾ ਦੇ ਤੀਜੇ ਦਿਨ ਦਾ ਉਦਘਾਟਨ ਸਮਾਜ ਸੇਵੀ ਕੁਲਦੀਪ ਗਰਗ ਰਾਈਆ ਨੇ ਰੀਬਨ ਕੱਟ ਕੇ ਕੀਤਾ

ਰਾਮਪੁਰਾ ਫੂਲ, 14 ਅਕਤੂਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਸ਼ਹਿਰ ਦੀ ਨਾਮਵਰ ਸਮਾਜਿਕ ਅਤੇ ਧਾਰਮਿਕ ਸੰਸਥਾ ਨਵ ਭਾਰਤ ਵਿਸੇਸ਼ ਮਹਿਮਾਨ ਵੱਜੋ ਸਾਮਲ ਹੋਏ। ਰਾਮਲੀਲਾ ਦੇ ਤੀਸਰੇ ਦਿਨ ਚਾਚੀ ਤਾੜਕਾ ਸ਼ੀਨ ਨੇ ਪੰਡਾਲ ਵਿਚ ਬੈਠੇ ਦਰਸ਼ਕਾ ਦਾ ਮਨ ਮੋਹ ਲਿਆ।

ਕਲਾ ਮੰਚ ਵੱਲੋਂ ਭਗਵਾਨ ਸ਼੍ਰੀ ਰਾਮ ਚੰਦਰ ਜੀ ਦੇ ਜੀਵਨ ਤੇ ਆਧਾਰਿਤ ਰਾਮਲੀਲਾ ਦਾ ਮੰਚਨ ਸਥਾਨਕ ਗੀਤਾ ਭਵਨ ਵਿਖੇ ਬੜੀ ਹੀ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਮੰਚ ਦੇ ਪ੍ਰਧਾਨ ਸੁਰਿੰਦਰ ਧੀਰ ਦੀ ਅਗਵਾਈ ਵਿੱਚ ਕਰਵਾਈ ਜਾ ਰਹੀ ਰਾਮਲੀਲਾ ਦੇ ਤੀਸਰੇ ਦਿਨ ਦੀ ਸ਼ੁਰੂਆਤ ਮੁੱਖ ਮਹਿਮਾਨ ਸਮਾਜ ਸੇਵੀ ਕੁਲਦੀਪ ਗਰਗ (ਕਾਲਾ ਰਾਈਆ) ਨੇ ਰੀਬਨ ਕੱਟ ਕੇ ਕੀਤੀ। ਇਸ ਮੌਕੇ ਅਨਾਥ ਗਊ ਆਸ਼ਰਮ, ਸ੍ਰੀਬਾਲਾ ਜੀ ਪ੍ਰਚਾਰ ਮੰਡਲ, ਪੈਸਟੀਸਾਈਡ ਫਰਟਿਲਾਈਜ਼ਰ ਐਂਡ ਸੀਡ ਐਸੋਸੀਏਸ਼ਨ, ਟੋਪ ਪੰਜਾਬੀ ਤੇ ਪੰਜਾਬੀ ਮੁੰਡੇ, ਜੈ ਸ਼ਕਤੀ ਸੇਵਾ ਦਲ (ਪੁਰਾਣਾ ਦੁਰਗਾ ਮੰਦਰ ) ਕਮੇਟੀ ਰਾਮਲੀਲਾ ਦੇ ਮੰਚਨ ਦੌਰਾਨ ਵਿਸ਼ਵਾਮਿੱਤਰ ਦੀ ਭੂਮਿਕਾ ਵਿੱਚ ਸੁਖਮੰਦਰ ਕਲਸੀ , ਰਾਮ ਦੀ ਭੂਮਿਕਾ ਪ੍ਰਮੋਦ ਵਰਮਾ, ਲਕਸ਼ਮਣ ਹਰਦੀਪ ਚਹਿਲ, ਰਾਜੇ ਦੀ ਭੂਮਿਕਾ ਲਾਭ ਚੰਦ ਸਿੰਗਲਾ ਤੇ ਜੀਵਨ ਕੁਮਾਰ ਸਿੰਗਲ, ਵਿਨੋਦ ਵਰਮਾ ਨੇ ਮਾਰੀਚ, ਰਾਕਸਿਸ਼ ਆਰੀਅਨ ਸ਼ਰਮਾਂ, ਸੁਖਮੰਦਰ ਰਾਮਪੁਰਾ , ਰਾਜੇਸ਼ ਬੱਲੀ, ਅਨਿਕੇਤ ਕਰਕਰਾ, ਬੀਰੂ, ਰਾਮਵੀਰ, ਮਹਾਰਾਜਾ ਦਸਰਥ ਦੇ ਰੋਲ ਵਿੱਚ ਸੁਰਿਦਰ ਧੀਰ, ਚਾਚੀ ਤਾੜਕਾ ਦੀ ਭੂਮਿਕਾ ਸੁਨੀਲ ਦਹੀਆ ਨੇ ਬਾਖੂਬੀ ਨਿਭਾਈ। ਇਸ ਮੌਕੇ ਸਟੇਜ ਸਕੱਤਰ ਦੀ ਭੂਮੀਕਾ ਮਾ. ਭਗਵਾਨ ਦਾਸ ਤੇ ਰਾਜਵਿੰਦਰ ਕਲਸੀ ਨੇ ਬਾਖੂਬੀ ਨਿਭਾਈ।

# ਸਕਰੌਦੀ ਵਿਖੇ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜ

ਭਵਾਨੀਗੜ੍ਹ14ਅਕਤੂਬਰ(ਹੈਪੀ ਸ਼ਰਮਾ) ਇੱਥੋਂ ਨੇੜਲੇ ਪਿੰਡ ਸਕਰੌਦੀ ਵਿਖੇ ਖੇਤੀਬਾੜੀ ਵਿਭਾਗ ਅਤੇ ਆਈ ਪੀ ਐਸ ਫਾਊਡੇਸ਼ਨ ਵਲੋਂ ਸਾਂਝੇ ਤੌਰ ਤੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜਿਨ ਕੀਤਾ ਗਿਆ।ਮੁੱਖ ਖੇਤੀਬਾੜੀ ਅਫਸਰ ਭਵਾਨੀਗੜ੍ਹ ਅਕਾਸ਼ਦੀਪ ਸਿੰਘ, ਕਲਸਟਰ ਕੋਆਰਡੀਨੇਟਰ ਹਰਦੀਪ ਸਿੰਘ ਗਰੇਵਾਲ ਨੇ ਕਿਸਾਨਾਂ ਨੂੰ ਸੰਬੋਧਲ ਕਰਦਿਆਂ ਕਿਹਾ ਕਿ ਜੀਰੀ ਦੀ ਫਸਲ ਪ੍ਰਮਾਤਮਾ ਦੀ ਕ੍ਰਿਪਾ ਸਦਕਾ ਬਹੁਤ ਵਧੀਆ ਨੇਪਰੇ ਚੜ ਗਈ ਹੈ ਕਿਉਂਕਿ ਡਰਾਈ ਮੌਸਮ ਕਾਰਨ ਝੋਨੇ ਦੀ ਫਸਲ ਤੇ ਬਿਮਾਰੀਆਂ ਦਾ ਹਮਲਾ ਵੀ ਘੱਟ ਦੇਖਣ ਨੂੰ ਮਿਲ ਰਿਹਾ ਹੈ। ਇਸ ਲਈ ਝੋਨੇ ਦਾ ਝਾੜ ਵੀ ਵਧੀਆ ਹੈ।ਉਨ੍ਹਾਂ ਕਿਹਾ ਕਿ ਹੁਣ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਵੀ ਸਰਕਾਰ ਵਲੋਂ ਸਬ ਸਿਡੀ ਤੇ ਮਸ਼ੀਨਰੀ ਕਿਸਾਨਾਂ ਨੂੰ ਵੱਧ ਤੋਂ ਵੱਧ ਮੁਹੱਈਆ ਹੋ ਰਹੀ ਹੈ ਪ੍ਰੰਤੂ ਅਜੇ ਵੀ ਹੋਰ ਮਸ਼ੀਨਰੀ ਦੀ ਘਾਟ ਮਹਿਸੂਸ ਹੋ ਰਹੀ ਹੈ। ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਜਾਗਰੂਕਤਾ ਕੈਂਪ ਰਾਹੀਂ ਪ੍ਰੇਰਿਆ ਜਾ ਰਿਹਾ ਹੈ ਕਿ ਜੇਕਰ ਕਿਸਾਨਾਂ ਪਰਾਲੀ ਨੂੰ ਅੱਗ ਨਾਲ ਸਾੜਨ ਦੀ ਥਾਂ ਖੇਤਾਂ ਵਿਚ ਵਾਹੀ ਕਰਕੇ ਵਿਚ ਮਿਲਾਇਆ ਜਾਵੇ ਤਾਂ ਧਰਤੀ ਦੀ ਉਪਜਾਊ ਸ਼ਕਤੀ ਵਧਦੀ ਹੈ ਅਤੇ ਕਿਸਾਨਾਂ ਦੇ ਮਿੱਤਰ ਕੀੜਿਆਂ ਦਾ ਵੀ ਬਚਾਅ ਰਹਿੰਦਾ ਹੈ।ਉਨ੍ਹਾਂ ਕਿਹਾ ਕਿ 10 ਪਿੰਡਾਂ ਨੂੰ ਸਰਕਾਰੀ ਤੌਰ ਤੇ ਤਿੰਨ ਬੈਲਰ ਮੁਹੱਈਆ ਤੇ ਗਏ ਹਨ, ਕਿਸਾਨਾਂ ਦੀ ਲੋੜ ਮੁਤਾਬਿਕ ਜੋ ਅਜੇ ਘੱਟ ਹਨ। ਇਸਤੋਂ ਇਲਾਵਾ ਕਈ ਕਿਸਾਨਾਂ ਵਲੋਂ ਆਪਦੇ ਤੌਰ ਤੇ ਵੀ ਕਈ ਬੇਲਰ ਵਗੈਰਾ ਖਰੀਦ ਕੀਤੇ ਹੋਏ ਹਨ ਉਹ ਵੀ ਇਸ ਇਲਾਕੇ ਵਿਚ ਕਿਸਾਨਾਂ ਦੀ ਮੱਦਦ ਲਈ ਹਨ। ਕਿਸਾਨਾਂ ਨੂੰ ਕਣਕ ਦੀ ਨਵੀਂ ਕਿਸਮ ਪੀ. ਬੀ. ਡਬਲਿਊ 887 ਜੋ 25 ਅਕਤੂਬਰ ਤੋਂ 5 ਨਵੰਬਰ ਤੱਕ ਬਿਜਾਈ ਕਰਨ ਲਈ ਦੱਸਿਆ ਹੈ। ਇਸਤੋਂ ਇਲਾਵਾ ਪੀ. ਬੀ. ਡਬਲਿਊ 872 ਜੋ 10 ਨਵੰਬਰ ਤੋਂ ਅਤੇ ਪੀ. ਬੀ. ਡ

# ਪੰਥਕ ਏਕਤਾ ਤੋਂ ਬਿਨਾਂ ਪੰਥ ਦੀ ਸਰਜਮੀਂ ਵੀ ਹੁਣ ਨਹੀਂ ਸੁਰੱਖਿਅਤ : ਜਥੇ.ਸੰਤਾ ਸਿੰਘ ਉਮੈਦਪੁਰੀ

ਸਮਰਾਲਾ, 14 ਅਕਤੂਬਰ ( ਬ੍ਰਹਮਜੋਤ ਭੰਗਲਾਂ ) ਪੰਥਕ ਆਗੂ ਅਤੇ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਪਿਛਲੇ ਸਮੇਂ ਦੌਰਾਨ ਭਰਤੀ ਲਈ ਬਣਾਈ ਗਈ ਪੰਜ ਮੈਂਬਰੀ ਕਮੇਟੀ ਦੇ ਮੁੱਖ ਜਥੇਦਾਰ ਸੰਤਾ ਸਿੰਘ ਉਮੈਦਪੁਰੀ ਨੇ ਮੌਜੂਦਾ ਰਾਜਨੀਤਿਕ ਸੰਕਟ ਨੂੰ ਮੁੱਖ ਰੱਖਦਿਆਂ ਸਮੂਚੀਆਂ ਪੰਥਕ ਧਿਰਾਂ ਨੂੰ ਇੱਕ ਪਲੇਟਫਾਰਮ ਤੇ ਇਕੱਠੇ ਹੋਣ ਦਾ ਸੱਦਾ ਦਿੰਦਿਆ ਕਿਹਾ ਕਿ ਪੰਥ ਲਈ ਦਰਦ ਰੱਖਣ ਵਾਲੀਆਂ ਸਾਰੀਆਂ ਹੀ ਪੰਥਕ ਧਿਰਾਂ ਨੂੰ ਇਹ ਸਮਝ ਲੈਣਾ ਚਾਹੀਦਾ ਕਿ ਹੁਣ ਪੰਥਕ ਏਕਤਾ ਤੋਂ ਬਿਨਾਂ ਪੰਥ ਦੇ ਵਡਮੁੱਲੇ ਸਰੋਕਾਰਾਂ, ਸਿੱਖ ਸਿਧਾਂਤਾਂ, ਸਿੱਖ ਇਤਿਹਾਸ, ਪੰਥਕ ਹਿੱਤਾਂ ਅਤੇ ਪੰਥਕ ਵਿਰਾਸਤਾਂ ਤੇ ਸੰਸਥਾਵਾਂ ਦੀ ਰਾਖੀ ਨਹੀਂ ਕੀਤੀ ਜਾ ਸਕਦੀ ਤੇ ਪੰਜਾਬ ਵੀ ਸੁਰੱਖਿਅਤ ਨਹੀਂ ।ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਅਤੇ ਵਾਰਸ ਪੰਜਾਬ ਦੇ ਨਾਲ ਬਰਾਬਰ ਦਾ ਵਾਸਤਾ ਰੱਖਣ ਵਾਲੇ ਜਥੇਦਾਰ ਸੰਤਾ ਸਿੰਘ ਉਮੈਦਪੁਰੀ ਨੇ ਕਿਹਾ ਕਿ ਇਸ ਵਕਤ ਪੰਥ ਅਤੇ ਪੰਜਾਬ ਦੀ ਬਰਬਾਦੀ ਦੀ ਇਬਾਰਤ ਲਿਖੀ ਜਾ ਰਹੀ ਹੈ, ਪੰਥ ਦੇ ਦੁਸ਼ਮਣ ਹਰ ਚਾਲ ਵਿੱਚ ਸਫਲ ਹੋ ਰਹੇ ਹਨ, ਆਉਣ ਵਾਲੀਆਂ ਪੀੜ੍ਹੀਆਂ ਦਾ ਪੰਥਕ ਆਗੂਆਂ ਤੋਂ ਵਿਸ਼ਵਾਸ ਉੱਠਦਾ ਜਾ ਰਿਹਾ ਹੈ। ਸਿੱਖ ਸਿਲੇਬਸ ਸਮੇਤ ਪੰਜਾਬ ਯੂਨੀਵਰਸਿਟੀ ਨੂੰ ਖੋਹਿਆ ਜਾ ਰਿਹਾ ਹੈ ਤਾਂ ਐਨ ਉਸ ਵੇਲੇ ਜਿਹੜੇ ਆਗੂਆਂ ਦੇ ਮਨਾਂ ਵਿੱਚ ਵਿਧਾਇਕ ਜਾਂ ਮੈਂਬਰ ਪਾਰਲੀਮੈਂਟ

**• ਪੰਥਕ ਧਿਰਾਂ ਹਉਮੈ ਤਿਆਗ ਕੇ ਮਸਲੇ ਦੀ ਗੰਭੀਰਤਾ ਨੂੰ ਸਮਝਣ ਦੀ ਕਰਨ ਪਹਿਲ**

ਬਣਨ ਦਾ ਚਾਅ ਹੈ ਉਹ ਪੰਥਕ ਏਕਤਾ ਲਈ ਸੰਜੀਦਾ ਹੋਣ । ਉਹਨਾਂ ਕਿਹਾ ਕਿ ਪੰਜਾਬ ਦੇ ਦੁਸ਼ਮਣ ਇਹੀ ਚਾਹੁੰਦੇ ਹਨ ਜੋ ਸਿੱਖ ਸੰਸਥਾਵਾਂ ਤੇ ਸਿੱਖ ਜਥੇਬੰਦੀਆਂ ਸਮੇਤ ਰਾਜਨੀਤਿਕ ਆਗੂਆਂ ਵਿਚਕਾਰ ਹਉਮੈ ਅਹੰਕਾਰ ਅਤੇ ਲੋਭ ਲਾਲਸਾ ਸਮੇਤ ਨਿੱਜੀ ਹਿੱਤਾ ਨੂੰ ਲੈ ਕੇ ਹੋ ਰਿਹਾ ਹੈ। ਜਥੇਦਾਰ ਉਮੈਦਪੁਰੀ ਨੇ ਕਿਹਾ ਕਿ ਕੋਈ ਸਮਾਂ ਸੀ ਜਦੋਂ ਸਿੱਖ ਆਗੂਆਂ ਦੀ ਇੱਕ ਆਵਾਜ਼ ਤੇ ਕੇਂਦਰ ਕੰਬ ਜਾਂਦਾ ਸੀ, ਕੋਈ ਸਮਾਂ ਸੀ ਜਦੋਂ ਕੇਂਦਰ ਪੰਜਾਬ ਦੇ ਆਗੂਆਂ ਨਾਲ ਮੁਲਾਕਾਤ ਕਰਨ

ਲਈ ਲਗਾਤਾਰ ਸੁਨੇਹੇ ਭੇਜਦਾ ਸੀ ਪ੍ਰੰਤੂ ਅਫਸੋਸ ਕਿ ਹੁਣ ਪੰਜਾਬ ਦੇ ਆਗੂਆਂ ਨੂੰ ਮਿਲਣ ਤੱਕ ਦਾ ਸਮਾਂ ਵੀ ਨਹੀਂ ਮਿਲ ਸਕਦਾ। ਉਹਨਾਂ ਕਿਹਾ ਕਿ ਪੰਜਾਬ ਲਈ ਰਾਜਨੀਤਿਕ ਲਾਲਸਾ ਰੱਖਣ ਵਾਲੇ ਆਗੂ ਭਾਵੇਂ ਜਿੱਡੇ ਵੱਡੇ ਮਰਜ਼ੀ ਦਮਗਜ਼ੇ ਮਾਰੀ ਜਾਣ ਪਰੰਤੂ ਇਸ ਸੱਚਾਈ ਤੋਂ ਮੁਨਕਰ ਨਹੀਂ ਹੋਇਆ ਜਾ ਸਕਦਾ ਕਿ ਕੇਂਦਰ ਦੀਆਂ ਨਜ਼ਰਾਂ ਵਿੱਚ ਪੰਥਕ ਆਗੂਆਂ ਦੀ ਕੋਈ ਬੁੱਕਤ ਹੀ ਨਹੀਂ। ਉਨ੍ਹਾਂ ਕਿਹਾ ਕੇ ਭਾਵੇਂ ਉਹ ਖੁਦ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਹਿੱਸਾ ਹਨ, ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਏਕਤਾ ਦੀ ਚੱਲਦੀ ਪ੍ਰਕਿਰਿਆ ਦਾ ਹਿੱਸਾ ਵੀ ਹਨ ਪ੍ਰੰਤੂ ਸਿੱਖ ਸੰਸਥਾਵਾਂ ਦੀ ਖਿੰਡੀ ਹੋਈ ਸ਼ਕਤੀ ਅਤੇ ਸਿੱਖ ਆਗੂਆਂ ਦੇ ਸੰਜੀਦਾ ਨਾ ਹੋਣਾ ਬੇਹੱਦ ਚਿੰਤਾਜਨਕ ਹੈ, ਉਨ੍ਹਾਂ ਕਿਹਾ ਕਿ ਸ਼੍ਰੀ ਅਨੰਦਪੁਰ ਸਾਹਿਬ ਦੇ ਮਤੇ ਦਾ ਸਿਧਾਂਤ, ਪੰਜਾਬ ਦੇ ਪਾਣੀਆਂ ਦੀ ਰਾਖੀ, ਪੰਜਾਬੀ ਬੋਲਦੇ ਇਲਾਕੇ, ਪੰਜਾਬ ਦੀ ਰਾਜਧਾਨੀ, ਭਾਖੜਾ ਬਿਆਸ ਮੈਨੇਜਮੈਂਟ ਬੋਰਡ, ਪੰਜਾਬੀ ਮਾਂ ਬੋਲੀ ਦੀ ਹਾਲਤ, ਸਿੱਖ ਇਤਿਹਾਸ ਨੂੰ ਵਿਗਾੜਨ ਦੀਆਂ ਸਾਜ਼ਿਸ਼ਾਂ, ਸਿੱਖ ਵਿਦਿਆਰਥੀ ਨੂੰ ਪੇਪਰਾਂ ਵਿੱਚ ਕਕਾਰ ਪਾ ਕੇ ਨਾ ਬੈਠਣ ਦੇਣਾ, ਹਵਾਈ ਅੱਡਿਆਂ ਤੇ ਦਸਤਾਰਾਂ ਦੀ ਬੇਹੁਰਮਤੀ, ਗੁਰੂ ਘਰਾਂ ਵਿੱਚ ਪੁਲਿਸ ਦੀ ਸਿੱਧੀ ਦਖਲ ਅੰਦਾਜੀ, ਬਾਹਰਲੇ ਰਾਜਾਂ ਦੇ ਪਵਿੱਤਰ ਗੁਰਧਾਮਾ ਦੇ ਪ੍ਰਬੰਧਾਂ ਦਾ ਖੁਸਣਾ , ਸਿੱਖ ਵਿਰੋਧੀ ਸੰਸਥਾਵਾਂ ਦੀ ਪੰਥ ਵਿੱਚ ਸਿੱਧੀ ਦਖਲ ਅੰਦਾਜੀ ਅਤੇ ਕੁਰਸੀ ਦੇ ਲਾਲਚ ਲਈ ਸਿੱਖ ਆਗੂਆਂ ਦਾ ਹੇਠਲੇ ਪੱਧਰ ਤੱਕ ਆ ਜਾਣਾ ਕੋਈ ਛੋਟੀ ਗੱਲ ਨਹੀਂ। ਪਿਛਲੇ 15 ਸਾਲ ਤੋਂ ਅਗਰ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਪਛੜ ਰਿਹਾ ਹੈ ਅਤੇ ਬਾਕੀ ਸਿੱਖ ਜਥੇਬੰਦੀਆਂ ਸਮੇਤ ਛੋਟੇ ਮੋਟੇ ਰਾਜਨੀਤਿਕ ਦਲ ਕੇਂਦਰ ਦੀ ਕਿਸੇ ਗਿਣਤੀ ਵਿੱਚ ਨਹੀਂ ਆਉਂਦੇ ਤਾਂ ਇਸ ਵਕਤ ਇਕੱਲੇ ਇਕੱਲੇ ਲੜ ਕੇ ਕੀ ਪ੍ਰਾਪਤ ਕਰ ਸਕਦੇ ਹਨ । ਉਹਨਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਜਦੋਂ ਜਦੋਂ ਸਿੱਖਾਂ ਨੇ ਇਕੱਠੇ ਹੋ ਕੇ ਕੋਈ ਲੜਾਈ ਲੜੀ ਤਾਂ ਪੰਥ ਲਈ ਪ੍ਰਾਪਤੀਆਂ ਦਾ ਇਤਿਹਾਸ ਸਿਰਜ ਦਿੱਤਾ। ਦੂਜੇ ਪਾਸੇ ਧੜਿਆਂ ਵਿੱਚ ਵੰਡੇ ਰਹੇ ਤਾਂ ਕਦੇ ਕੁਝ ਵੀ ਪ੍ਰਾਪਤ ਨਹੀਂ ਹੋਇਆ। ਉਹਨਾਂ ਸੰਤ ਸਮਾਜ, ਸਿੱਖ ਸੰਪਰਦਾਵਾਂ, ਟਕਸਾਲਾਂ, ਫੈਡਰੇਸ਼ਨਾ, ਸਿੱਖ ਜਥੇਬੰਦੀਆਂ, ਕਮੇਟੀਆਂ, ਸੁਭਾਵਾਂ ਅਤੇ ਯੂਥ ਵਿੰਗਾਂ ਨੂੰ ਅਪੀਲ ਕੀਤੀ ਕਿ ਸ਼੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦਾ ਪੰਥ ਇਕੱਠੇ ਹੋ ਕੇ ਲੜਨ ਤੋਂ ਬਿਨਾਂ ਕੁਝ ਵੀ ਪ੍ਰਾਪਤ ਨਹੀਂ ਕਰ ਸਕਦਾ, ਇਸ ਕਰਕੇ ਸਾਰੇ ਪੰਥਕ ਆਗੂ ਸੋਚਣ, ਵਿਚਾਰਨ ਤੇ ਵਾਪਸ ਮੁੜ ਕੇ ਸਿਰ ਜੋੜ ਬੈਠਣ ਦਾ ਯਤਨ ਕਰਨ। ਪੰਥਕ ਏਕਤਾ ਤੋਂ ਬਿਨਾਂ ਪੰਥ ਪੰਜਾਬ ਅਤੇ ਪੰਜਾਬੀਅਤ ਨੂੰ ਬਚਾਇਆ ਨਹੀਂ ਜਾ ਸਕੇਗਾ।

# ਪੰਜਾਬ ਸਰਕਾਰ ਪੰਜਾਬ ਅੰਦਰ ਅਮਨ ਕਨੂੰਨ ਬਣਾਈ ਰੱਖਣ ਵਿੱਚ ਪੂਰੀ ਤਰਾਂ ਫੇਲ :ਰਾਕੇਸ਼ ਬੱਗਾ

ਸਨੌਰ:- 14ਅਕਤੂਬਰ (ਰਾਜਿੰਦਰ ਸਿੰਘ ਥਿੰਦ ਪਰਵਿੰਦਰ ਈਟੇ ਦੇ ਕਤਲ ਕਾਂਡ ਨੇ ਜਿੱਥੇ ਇਲਾਕੇ ਵਿੱਚ ਸੋਗ ਅਤੇ ਚਿੰਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ, ਉੱਥੇ ਹੀ ਇਸ ਮੰਦਭਾਗੀ ਘਟਨਾ ਨੂੰ ਲੈ ਕੇ ਰਾਕੇਸ਼ ਬੱਗਾ ਨੇ ਡੂੰਘੇ ਦੁੱਖ ਅਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਮੁਲਜ਼ਮਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇ। ਰਾਕੇਸ਼ ਬੱਗਾ ਨੇ ਕਿਹਾ ਕਿ ਕਿਸੇ ਵੀ ਵਿਅਕਤੀ ਦੀ ਜਾਨ ਜਾਣਾ ਬੇਹੱਦ ਦੁਖਦਾਈ ਘਟਨਾ ਹੈ ਅਤੇ ਅਜਿਹੀਆਂ ਵਾਰਦਾਤਾਂ ਸਮਾਜ ਦੀ ਅਮਨ-ਸ਼ਾਂਤੀ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਜਿਹੇ ਮਾਮਲਿਆਂ ਵਿੱਚ ਤੁਰੰਤ ਕਾਰਵਾਈ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾਵੇ ਅਤੇ ਲੋਕਾਂ

ਦਾ ਕਾਨੂੰਨ ਵਿਵਸਥਾ ਵਿੱਚ ਭਰੋਸਾ ਕਾਇਮ ਰੱਖਿਆ ਜਾਵੇ।

## ਭਗਵੰਤ ਮਾਨ ਸਰਕਾਰ ਵਿਰੋਧ ਦੀ ਆਵਾਜ਼ ਦਬਾਉਣ ਲੱਗੀ, ਪੰਜਾਬ ਭਰ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਸ਼ੁਰੂ: ਜਸਵਿੰਦਰ ਸਿੰਘ ਸਿੱਧੂ ਦੇ ਘਰ ਪੁਲਿਸ ਦੀਆਂ ਲਗਾਤਾਰ ਰੇਡਾਂ

**• ਨਸ਼ਿਆਂ, ਵਿਗੜ ਰਹੀ ਕਾਨੂੰਨ-ਵਿਵਸਥਾ ਅਤੇ ਸਰਕਾਰ ਦੀਆਂ ਨਾਕਾਮੀਆਂ 'ਤੇ ਜਵਾਬ ਦੇਣ ਦੀ ਬਜਾਏ ਵਿਰੋਧੀ ਆਗੂਆਂ ਨੂੰ ਨਿਸ਼ਾਨਾ ਬਣਾਉਣਾ ਲੋਕਤੰਤਰ ਲਈ ਮੰਦਭਾਗਾ: ਜਸਵਿੰਦਰ ਸਿੰਘ ਸਿੱਧੂ**

ਕੋਟ ਈਸੇ ਖਾਂ, 14 ਅਕਤੂਬਰ-(ਸੰਜੀਵ ਸੰਧੂ /ਜਗਰਾਜ ਸਿੰਘ ਸੰਘਾ )-ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਜਸਵਿੰਦਰ ਸਿੰਘ ਸਿੱਧੂ ਨੇ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਪ੍ਰਕੋਪ, ਵਿਗੜ ਰਹੀ ਕਾਨੂੰਨ-ਵਿਵਸਥਾ ਅਤੇ ਸਰਕਾਰ ਦੀਆਂ ਨਾਕਾਮੀਆਂ ਵਿਰੁੱਧ ਉੱਠ ਰਹੀ ਆਵਾਜ਼ ਨੂੰ ਦਬਾਉਣ ਲਈ ਭਗਵੰਤ ਮਾਨ ਸਰਕਾਰ ਵੱਲੋਂ ਪਾਰਟੀ ਦੇ ਆਗੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਲਕਾ ਧਰਮਕੋਟ ਵਿੱਚ ਉਨ੍ਹਾਂ ਦੇ ਘਰ ਪੁਲਿਸ ਵੱਲੋਂ ਲਗਾਤਾਰ ਦੋ ਵਾਰ ਛਾਪੇਮਾਰੀ ਕੀਤੀ ਗਈ, ਜਦਕਿ ਪਾਰਟੀ ਦੇ ਜ਼ਿਲ੍ਹਾ ਮੋਗਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ ਨੂੰ ਉਨ੍ਹਾਂ ਦੇ ਘਰੋਂ ਗ੍ਰਿਫ਼ਤਾਰ ਕਰ ਲਿਆ ਗਿਆ। ਸਿੱਧੂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਮਿੰਦਰ ਸਿੰਘ ਚੋਟਾ ਦੇ ਕਤਲ ਦੀ ਘਟਨਾ ਨੇ ਸੂਬੇ ਦੀ ਸੁਰੱਖਿਆ ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨਸ਼ਿਆਂ ਨੂੰ ਠੱਲ੍ਹ ਪਾਉਣ ਵਿੱਚ ਨਾਕਾਮ ਰਹੀ ਹੈ ਅਤੇ ਨੌਜਵਾਨਾਂ ਦੀਆਂ ਜਾਨਾਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਵਪਾਰੀਆਂ ਨੂੰ ਗੋਲੀਆਂ ਮਾਰਨ, ਫਿਰੌਤੀਆਂ ਮੰਗਣ ਅਤੇ ਅਪਰਾਧਿਕ ਘਟਨਾਵਾਂ ਦੀਆਂ ਖ਼ਬਰਾਂ ਨੇ ਲੋਕਾਂ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ, ਮਜ਼ਦੂਰ, ਵਿਦਿਆਰਥੀ ਅਤੇ ਮੁਲਾਜ਼ਮ ਆਪਣੇ ਹੱਕਾਂ ਲਈ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜਬੂਰ ਹਨ। ਸਰਕਾਰੀ ਮੁਲਾਜ਼ਮਾਂ ਦੀਆਂ ਮੰਗਾਂ, ਕਿਸਾਨਾਂ ਦੇ ਮਸਲਿਆਂ ਅਤੇ ਨੌਜਵਾਨਾਂ ਦੇ ਭਵਿੱਖ ਵਰਗੇ ਗੰਭੀਰ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਸਰਕਾਰ ਵੱਲੋਂ ਸਿਆਸੀ ਵਿਰੋਧੀਆਂ ਵਿਰੁੱਧ ਕਾਰਵਾਈ ਕਰਨਾ ਉਸ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰਦਾ ਹੈ। ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਨੂੰ ਜਵਾਬ ਦੇਣ ਕਿ ਸੂਬੇ ਵਿੱਚ ਨਸ਼ਿਆਂ ਦੀ ਸਮੱਸਿਆ, ਬੇਰੁਜ਼ਗਾਰੀ ਅਤੇ ਵਿਗੜ ਰਹੀ ਕਾਨੂੰਨ-ਵਿਵਸਥਾ ਨੂੰ ਕਾਬੂ ਕਰਨ ਲਈ ਸਰਕਾਰ ਨੇ ਕੀ ਠੋਸ ਕਦਮ ਚੁੱਕੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਜਦੋਂ ਲੋਕ ਸਰਕਾਰ ਦੀ ਜਵਾਬਦੇਹੀ ਤੈਅ ਕਰਨ ਅਤੇ ਮੁੱਖ ਮੰਤਰੀ ਤੋਂ ਅਸਤੀਫ਼ੇ ਦੀ ਮੰਗ ਕਰਨ ਲੱਗੇ ਹਨ, ਤਾਂ ਵਿਰੋਧੀ ਆਗੂਆਂ ਵਿਰੁੱਧ ਪੁਲਿਸ ਕਾਰਵਾਈਆਂ ਤੇਜ਼ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਸਵਾਲ ਪੁੱਛਣਾ ਅਤੇ ਸਰਕਾਰ ਦੀਆਂ ਨਾਕਾਮੀਆਂ ਵਿਰੁੱਧ ਆਵਾਜ਼ ਉਠਾਉਣਾ ਹਰ ਨਾਗਰਿਕ ਦਾ ਹੱਕ ਹੈ। ਜੇਕਰ ਸਰਕਾਰ ਆਪਣੀਆਂ ਨੀਤੀਆਂ ਅਤੇ ਕਾਰਗੁਜ਼ਾਰੀ 'ਤੇ ਭਰੋਸਾ ਕਰਦੀ ਹੈ, ਤਾਂ ਉਸ ਨੂੰ ਵਿਰੋਧੀ ਧਿਰ ਦੀ ਆਵਾਜ਼ ਦਬਾਉਣ ਦੀ ਬਜਾਏ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ। ਸਿੱਧੂ ਨੇ ਦਾਅਵਾ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਲੋਕਾਂ ਦੇ ਬੁਨਿਆਦੀ ਮੁੱਦਿਆਂ—ਨਸ਼ਿਆਂ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਕਾਨੂੰਨ-ਵਿਵਸਥਾ—ਲਈ ਸੰਘਰਸ਼ ਜਾਰੀ ਰੱਖੇਗਾ। ਉਨ੍ਹਾਂ ਕਿਹਾ ਕਿ ਪੁਲਿਸ ਕਾਰਵਾਈਆਂ ਨਾਲ ਪਾਰਟੀ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਹੋਰ ਮਜ਼ਬੂਤੀ ਨਾਲ ਜਾਰੀ ਰਹੇਗਾ। ਉਨ੍ਹਾਂ ਮੰਗ ਕੀਤੀ ਕਿ ਪਾਰਟੀ ਆਗੂਆਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਸਰਕਾਰ ਸਪੱਸ਼ਟ ਜਵਾਬ ਦੇਵੇ ਅਤੇ ਪੰਜਾਬ ਦੇ ਲੋਕਾਂ ਨੂੰ ਦਰਪੇਸ਼ ਅਸਲ ਸਮੱਸਿਆਵਾਂ ਦੇ ਹੱਲ ਵੱਲ ਧਿਆਨ ਦੇਵੇ।

# ਸੜਕ ਸੁਰੱਖਿਆ ਤੇ ਟ੍ਰੈਫਿਕ ਵਿਵਸਥਾ ਨੂੰ ਲੈ ਕੇ ਡਿਪਟੀ ਕਮਿਸ਼ਨਰ ਸਖ਼ਤ

ਪਟਿਆਲਾ, 14 ਅਕਤੂਬਰ: (ਰਾਜਿੰਦਰ ਸਿੰਘ ਥਿੰਦ ) ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ

ਸ਼ਹਿਰ ਵਿੱਚ ਟ੍ਰੈਫਿਕ ਦੀਆਂ ਸਮੱਸਿਆਵਾਂ ਅਤੇ ਸੜਕ ਸੁਰੱਖਿਆ ਨੂੰ ਲੈ ਕੇ ਸਖ਼ਤ ਰੁਖ ਅਪਣਾਉਂਦਿਆਂ ਸਬੰਧਤ ਵਿਭਾਗਾਂ ਨੂੰ ਆਵਾਜਾਈ ਸੁਚਾਰੂ ਬਣਾਉਣ ਅਤੇ ਸੜਕ ਹਾਦਸਿਆਂ ਨੂੰ ਰੋਕਣ ਲਈ ਠੋਸ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ। ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਕਿਹਾ ਕਿ ਬਲੈਕ ਸਪੌਟਸ ਦੀ ਪਛਾਣ ਕਰਕੇ ਉਨ੍ਹਾਂ ਨੂੰ ਦੂਰ ਕੀਤਾ ਜਾਵੇ ਅਤੇ ਲੋਕਾਂ ਦੀਆਂ ਕੀਮਤੀ ਜਾਨਾਂ ਦੀ ਸੁਰੱਖਿਆ ਲਈ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਬਡੂੰਗਰ-ਖ਼ਾਲਸਾ ਕਾਲਜ ਰੋਡ 'ਤੇ ਦਿਨ ਸਮੇਂ ਲੱਗਦੇ ਟ੍ਰੈਫਿਕ ਜਾਮ ਅਤੇ ਭੁਪਿੰਦਰਾ ਰੋਡ 'ਤੇ ਮਨੀਪਾਲ ਹਸਪਤਾਲ ਤੇ ਡੀ.ਏ.ਵੀ. ਸਕੂਲ ਨੇੜੇ ਆਵਾਜਾਈ ਵਿੱਚ ਆਉਂਦੀਆਂ ਰੁਕਾਵਟਾਂ ਦਾ ਖ਼ੁਦ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਇਨ੍ਹਾਂ ਦੋਵਾਂ ਥਾਵਾਂ 'ਤੇ ਟ੍ਰੈਫਿਕ ਸੁਚਾਰੂ ਬਣਾਉਣ ਲਈ ਕੀਤੀ ਗਈ ਕਾਰਵਾਈ ਦੀ ਰਿਪੋਰਟ ਦੋ ਹਫ਼ਤਿਆਂ ਅੰਦਰ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਸ਼ਹਿਰੀ ਵਿਕਾਸ ਦੇ ਓਐੱਸਡੀ ਮੁਕਲਿਨ ਆਰ., ਨਗਰ ਨਿਗਮ ਦੇ ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ, ਆਰਟੀਓ ਡਾ. ਪੂਨਮਪ੍ਰੀਤ ਕੌਰ, ਐੱਸ.ਪੀ. ਟ੍ਰੈਫਿਕ ਅਸ਼ੋਕ ਕੁਮਾਰ ਅਤੇ ਡੀ.ਐੱਸ.ਪੀ. ਟ੍ਰੈਫਿਕ ਪੁਨੀਤ ਸਿੰਘ ਚਹਿਲ ਸਮੇਤ ਹੋਰ ਅਧਿਕਾਰੀ ਮੌਜੂਦ ਸਨ। ਖ਼ਾਲਸਾ ਕਾਲਜ ਦੇ ਸਾਹਮਣੇ ਟ੍ਰੈਫਿਕ ਜਾਮ ਦੀ ਸਮੱਸਿਆ ਦੇ ਹੱਲ ਲਈ ਡਿਪਟੀ ਕਮਿਸ਼ਨਰ ਨੇ ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੂੰ ਵਿਦਿਆਰਥੀਆਂ ਦੇ ਵਾਹਨਾਂ ਦੀ ਪਾਰਕਿੰਗ ਨੂੰ ਸੁਚਾਰੂ ਬਣਾਉਣ ਲਈ ਸਹਿਯ

# ਪ੍ਰੋ: (ਡਾ.) ਐੱਸ.ਪੀ. ਸੋਫਤ ਨੂੰ ਰੋਟਰੀ ਜ਼ਿਲ੍ਹਾ 3090 ਦੇ ਜ਼ੋਨਲ ਕੋਆਰਡੀਨੇਟਰ ਨਿਯੁਕਤ

ਅਹਿਮਦਗੜ 14 ਅਕਤੂਬਰ (ਕਮਲ ਅਰੋੜਾ) ਅਹਿਮਦਗੜ੍ਹ ਦੇ ਪ੍ਰੋਫੈਸਰ, ਸਮਾਜ ਸੇਵੀ ਤੇ ਸਿੱਖਿਆ ਸ਼ਾਸਤਰੀ ਪ੍ਰੋ. (ਡਾ.) ਐੱਸ.ਪੀ. ਸੋਫਤ ਨੂੰ ਰੋਟਰੀ ਸਾਲ 2027-28 ਲਈ ਰੋਟਰੀ ਜ਼ਿਲ੍ਹਾ 3090 ਦਾ ਜ਼ੋਨਲ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਜ਼ਿਲ੍ਹਾ ਗਵਰਨਰ 2027-28 ਰੋਟੇਰੀਅਨ ਐੱਸ. ਐੱਸ. ਵਸ਼ਿਸ਼ਟ ਨੇ ਉਨ੍ਹਾਂ ਨੂੰ ਆਪਣੀ ਟੀਮ ਵਿੱਚ ਸ਼ਾਮਲ ਕਰਦਿਆਂ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ।

ਜ਼ੋਨਲ ਕੋਆਰਡੀਨੇਟਰ ਵਜੋਂ ਪ੍ਰੋ. ਸੋਫਤ ਦੀ ਜ਼ਿੰਮੇਵਾਰੀ ਵਿੱਚ ਜ਼ੋਨ ਅਧੀਨ ਆਉਂਦੇ ਰੋਟਰੀ ਕਲੱਬਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਿਤ ਕਰਨਾ, ਕਲੱਬਾਂ ਦੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ, ਰੋਟਰੀ ਦੇ ਸੇਵਾ ਪ੍ਰੋਜੈਕਟਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਵਾਉਣਾ ਅਤੇ ਮੈਂਬਰਾਂ ਨੂੰ ਰੋਟਰੀ ਦੇ ਉਦੇਸ਼ਾਂ ਨਾਲ ਜੋੜ ਕੇ ਰੱਖਣਾ ਸ਼ਾਮਲ ਹੋਵੇਗਾ। ਉਨ੍ਹਾਂ ਤੋਂ ਉਮੀਦ ਕੀਤੀ ਜਾ ਰਹੀ ਹੈ ਕਿ ਉਹ ਆਪਣੇ ਤਜਰਬੇ ਅਤੇ ਦੂਰਦਰਸ਼ੀ ਸੋਚ ਨਾਲ ਜ਼ੋਨ ਦੇ ਕਲੱਬਾਂ ਨੂੰ ਨਵੀਆਂ ਉਚਾਈਆਂ ਤੱਕ ਲੈ ਜਾਣਗੇ। ਪ੍ਰੋ. ਸੋਫਤ ਇਸ ਤੋਂ ਪਹਿਲਾਂ ਰੋਟਰੀ ਸਾਲ 2025-26 ਦੌਰਾਨ ਸਹਾਇਕ ਗਵਰਨਰ ਵਜੋਂ ਸੇਵਾ ਨਿਭਾ ਚੁੱਕੇ ਹਨ। ਉਹ ਰੋਟਰੀ ਦੀ ਵਾਤਾਵਰਣ ਕਮੇਟੀ ਅਤੇ ਇੰਟਰਸਿਟੀ ਕਮੇਟੀ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾ ਚੁੱਕੇ ਹਨ। ਵਾਤਾਵਰਣ ਕਮੇਟੀ ਨਾਲ ਜੁੜੇ ਰਹਿੰਦਿਆਂ ਉਨ੍ਹਾਂ ਨੇ ਵਾਤਾਵਰਣ ਸੰਭਾਲ, ਸਫ਼ਾਈ, ਰੁੱਖ ਲਾਉਣ ਅਤੇ ਲੋਕਾਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਰਗੇ ਉਪਰਾਲਿਆਂ ਨੂੰ ਉਤਸ਼ਾਹਿਤ ਕੀਤਾ। ਇੰਟਰਸਿਟੀ ਕਮੇਟੀ ਦੇ ਚੇਅਰਮੈਨ ਵਜੋਂ ਉਨ੍ਹਾਂ ਨੇ ਵੱਖ-ਵੱਖ ਰੋਟਰੀ ਕਲੱਬਾਂ ਨੂੰ ਇਕੱਠਾ ਕਰਕੇ ਸਾਂਝੇ ਪ੍ਰੋਗਰਾਮਾਂ ਅਤੇ ਵੱਡੇ ਪੱਧਰ ਦੇ ਸੇਵਾ ਕਾਰਜਾਂ ਦੇ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਤੋਂ ਇਲਾਵਾ, ਰੋਟਰੀ ਕਲੱਬ ਅਹਿਮਦਗੜ੍ਹ ਦੇ ਪ੍ਰਧਾਨ ਵਜੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ ਕਲੱਬ ਨੇ ਕਈ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਅਤੇ ਵੱਖ-ਵੱਖ ਸ਼੍ਰੇਣੀਆਂ ਵਿੱਚ ਪੁਰਸਕਾਰ ਪ੍ਰਾਪਤ ਕੀਤੇ। ਉਨ੍ਹਾਂ ਦੀ ਅਗਵਾਈ ਹੇਠ ਕਲੱਬ ਵੱਲੋਂ ਸਿਹਤ, ਸਿੱਖਿਆ, ਵਾਤਾਵਰਣ, ਸਮਾਜਿਕ ਭਲਾਈ ਅਤੇ ਜਨ-ਜਾਗਰੂਕਤਾ ਨਾਲ ਸੰਬੰਧਤ ਕਈ ਸੇਵਾ ਪ੍ਰੋਜੈਕਟ ਚਲਾਏ ਗਏ। ਇਨ੍ਹਾਂ ਕਾਰਜਾਂ ਨੇ ਕਲੱਬ ਦੀ ਪਛਾਣ ਨੂੰ ਹੋਰ ਮਜ਼ਬੂਤ ਕੀਤਾ ਅਤੇ ਸਮਾਜ ਵਿੱਚ ਰੋਟਰੀ ਦੀ ਸੇਵਾ ਭਾਵਨਾ ਨੂੰ ਉਜਾਗਰ ਕੀਤਾ। ਆਪਣੀ ਨਿਯੁਕਤੀ @ਤੇ ਪ੍ਰੋ. ਸੋਫਤ ਨੇ ਰੋਟਰੀ ਇੰਟਰਨੈਸ਼ਨਲ ਦੇ ਡਾਇਰੈਕਟਰ ਰੋਟੇਰੀਅਨ ਗੁਰਜੀਤ ਐੱਸ. ਸੋਖੋਂ, ਜ਼ਿਲ੍ਹਾ ਗਵਰਨਰ ਰੋਟੇਰੀਅਨ ਐੱਸ. ਐੱਸ. ਵਸ਼ਿਸ਼ਟ ਅਤੇ ਮੁੱਖ ਸਲਾਹਕਾਰ ਪੀ.ਡੀ.ਜੀ. ਅਮਜਦ ਦਾ ਧੰਨਵਾਦ ਕੀਤਾ।

ਪ੍ਰੋ. ਸੋਫਤ ਨੇ ਕਿਹਾ ਕਿ ਉਹ ਜ਼ੋਨ ਦੇ ਸਾਰੇ ਰੋਟਰੀ ਕਲੱਬਾਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਮਿਲ ਕੇ ਕੰਮ ਕਰਨਗੇ। ਉਨ੍ਹਾਂ ਦਾ ਉਦੇਸ਼ ਕਲੱਬਾਂ ਵਿਚਕਾਰ ਸਹਿਯੋਗ ਵਧਾਉਣਾ, ਨਵੇਂ ਸੇਵਾ ਪ੍ਰੋਜੈਕਟ ਸ਼ੁਰੂ ਕਰਨਾ, ਨੌਜਵਾਨਾਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਰੋਟਰੀ ਨਾਲ ਜੋੜਨਾ ਅਤੇ ਲੋਕ-ਹਿੱਤ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਹੋਵੇਗਾ।

ਰੋਟਰੀ ਕਲੱਬ ਅਹਿਮਦਗੜ੍ਹ ਦੇ ਮੈਂਬਰਾਂ, ਅਹੁਦੇਦਾਰਾਂ ਅਤੇ ਸਮੂਹ ਰੋਟਰੀ ਭਾਈਚਾਰੇ ਨੇ ਪ੍ਰੋ. ਸੋਫਤ ਦੀ ਨਿਯੁਕਤੀ @ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।

# ਬੀਬੀ ਅਮਰਜੀਤ ਕੌਰ ਪੰਜਗਰਾਈਂ ਕਲਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਲਈ ਦਾਅਵੇਦਾਰੀ ਪੇਸ਼ ਕੀਤੀ

ਕੋਟਕਪੂਰਾ,ਜੈਤੋ: 14 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਵਿਧਾਨ ਸਭਾ ਹਲਕਾ ਜੈਤੋ ਤੋਂ ਬੀਬੀ ਅਮਰਜੀਤ ਕੌਰ ਪੰਜਗਰਾਈਂ ਕਲਾਂ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਵਾਸਤੇ ਆਪਣੀ ਦਾਅਵੇਦਾਰੀ ਪੇਸ਼ ਕੀਤੀ ਹੈ। ਬੀਬੀ ਅਮਰਜੀਤ ਕੌਰ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਹਨ ਅਤੇ ਹਲਕੇ ਅੰਦਰ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖ ਰਹੇ ਹਨ। ਬੀਬੀ ਅਮਰਜੀਤ ਕੌਰ ਪੰਜਗਰਾਈਂ ਕਲਾਂ ਨੂੰ ਇੱਕ ਇਮਾਨਦਾਰ, ਨਿਧੜਕ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਸਾਥ ਦੇਣ ਵਾਲੀ ਸਮਾਜ ਸੇਵੀ ਵਜੋਂ ਜਾਣਿਆ ਜਾਂਦਾ ਹੈ। ਉਹ ਜੈਤੋ ਹਲਕੇ ਵਿੱਚ ਦਿਨ-ਰਾਤ ਮਿਹਨਤ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਸਮਾਜਿਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਸਰਗਰਮ ਰਹਿੰਦੇ ਹਨ।ਉਨ੍ਹਾਂ ਦੀ ਲਗਾਤਾਰ ਸਮਾਜਿਕ ਸਰਗਰਮੀ ਅਤੇ ਲੋਕਾਂ ਨਾਲ ਨੇੜਲੇ ਸੰਪਰਕ ਦੇ ਚੱਲਦਿਆਂ ਉਨ੍ਹਾਂ ਨੇ ਹਲਕੇ ਦੀ ਸਿਆਸਤ ਵਿੱਚ ਆਪਣੀ ਪਛਾਣ ਬਣਾਈ ਹੈ। ਹੁਣ ਸ਼੍ਰੋਮਣੀ ਅਕਾਲੀ ਦਲ ਵੱਲੋਂ ਟਿਕਟ ਮਿਲਣ ਦੀ ਉਮੀਦ ਨਾਲ ਉਨ੍ਹਾਂ ਨੇ ਆਪਣਾ ਦਾਅਵਾ ਪੇਸ਼ ਕੀਤਾ ਹੈ। ਹੁਣ ਦੇਖਣਾ ਹੋਵੇਗਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਜੈਤੋ ਵਿਧਾਨ ਸਭਾ ਹਲਕੇ ਤੋਂ ਉਮੀਦਵਾਰ ਦੀ ਚੋਣ ਕਰਦੇ ਸਮੇਂ ਬੀਬੀ ਅਮਰਜੀਤ ਕੌਰ ਪੰਜਗਰਾਈਂ ਕਲਾਂ ਦੀ ਦਾਅਵੇਦਾਰੀ 'ਤੇ ਕੀ ਫ਼ੈਸਲਾ ਲੈਂਦੀ ਹੈ।

# ਪੰਜਾਬ ਦੀ ਕਾਨੂੰਨ ਵਿਵਸਥਾ ਅੱਤਵਾਦ ਦੇ ਦਿਨਾਂ ਨਾਲੋਂ ਵੀ ਮਾੜੀ ਹੋਈ : ਗੌਰਵ ਸੰਧੂ

ਸਨੌਰ 14ਅਕਤੂਬਰ (ਰਾਜਿੰਦਰ ਸਿੰਘ ਥਿੰਦ ) ਗੁਰੂਆਂ ਪੀਰਾਂ ਦੀ ਪਵਿੱਤਰ ਧਰਤੀ ਤੇ ਵਸੇ ਪੰਜਾਬ ਨੂੰ ਸਮੇਂ ਸਮੇਂ ਅਨੁਸਾਰ ਬਹੁਤ ਮਾੜੇ ਸੰਘਰਸ਼ਮਈ ਦਿਨਾਂ ਵਿੱਚੋਂ ਗੁਜ਼ਰਨਾ ਪਿਆ ਪਰ ਇਤਿਹਾਸਕ ਘਟਨਾਵਾਂ ਨੂੰ ਦੇਖਦੇ ਹੋਏ ਅੱਜ ਦੇ ਦੌਰ ਵਿੱਚ ਪੰਜਾਬ ਦੀ ਕਾਨੂੰਨ ਵਿਵਸਥਾ ਐਨੀ ਭਿਆਨਕ ਕਦੇ ਵੀ ਨਹੀਂ ਹੋਈ ਜਿੰਨੇ ਭਿਆਨਕ ਦੌਰ ਵਿੱਚੋਂ ਅੱਜ ਗੁਜ਼ਰਨਾ ਪੈ ਰਿਹਾ ਹੈ ਪੰਜਾਬ ਨੇ ਅਤਿਵਾਦ ਦੇ ਸੇਕ ਨੂੰ ਵੀ ਆਪਣੇ ਪਿੰਡੇ ਤੇ ਹੰਢਾਇਆ ਹੈ ਪਰ ਅੱਜ ਦੀ ਕਾਨੂੰਨ ਵਿਵਸਥਾ ਦਾ ਨਿਘਾਰ ਉਸ ਸਮੇਂ ਨਾਲੋਂ ਕਿਤੇ ਜ਼ਿਆਦਾ ਖ਼ਤਰਨਾਕ ਸਾਬਤ ਹੋ ਰਿਹਾ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾਂ ਵਿਧਾਨ ਸਭਾ ਹਲਕਾ ਸਨੌਰ ਦੇ ਸੀਨੀਅਰ ਆਗੂ ਅਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਵਾਇਸ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਸਨੌਰ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ

ਕਰਦਿਆਂ ਕੀਤਾ। ਗੌਰਵ ਸੰਧੂ ਨੇ ਆਪ ਸਰਕਾਰ ਤੇ ਇਲਜ਼ਾਮ ਲਗਾਉਂਦੇ ਕਿਹਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਹਾਉਕੇ ਦਿੰਦੇ ਹੋਏ ਸੱਤਰ ਸਾਲਾਂ ਦੇ ਬਦਲਾਅ ਕਰਨ ਦਾ ਢੰਡੋਰਾ ਪਿੱਟਣ ਵਾਲੇ ਮੁੱਖ ਮੰਤਰੀ ਨੇ ਗੰਧਲਾ ਪੰਜਾਬ ਬਣਾ ਦਿੱਤਾ। ਉਹਨਾਂ ਨੇ ਕਿਹਾ ਇਕ ਪਾਸੇ ਸਰਕਾਰ ਯੁੱਧ ਨਸ਼ੇ ਵਿਰੁੱਧ ਦੀ ਕਾਵਾਰੌਲੀ ਪਾ ਰਹੀ ਹੈ ਦੂਜੇ ਪਾਸੇ ਨਸ਼ੇ ਵਿਰੁੱਧ ਅਵਾਜ਼ ਬੁਲੰਦ ਕਰਨ ਵਾਲਿਆਂ ਨੂੰ ਸਰਕਾਰ ਦੀ ਸ਼ਹਿ ਤੇ ਗੁੰਡਾ ਅਨਸਰਾਂ ਨਾਲ ਭੁੰਨਿਆ ਜਾ ਰਿਹਾ ਸਰਕਾਰ ਮੂਕ ਦਰਸ਼ਕ ਬਣੀ ਹੋਈ ਹੈ ਦਿਨ ਦਿਹਾੜੇ ਭਰੇ ਬਜ਼ਾਰ ਵਿੱਚ ਨਸ਼ਾ ਤਸਕਰ ਸਰਕਾਰ ਦੇ ਐਮ ਐਲ ਏ ਦੀ ਸ਼ਹਿ ਉੱਤੇ ਨਸ਼ੇ ਵਰਗੀ ਭੈੜੀ ਅਲਾਮਤ ਤੋਂ ਨੌਜਵਾਨਾਂ ਨੂੰ ਬਚਾਉਣ ਦਾ ਹਾਉਕਾ ਦੇਣ ਵਾਲੇ ਪਰਮਿੰਦਰ ਸਿੰਘ ਝੋਟਾ ਨੂੰ ਭਰੇ ਬਜ਼ਾਰ ਵਿੱਚ ਗੋਲੀਆਂ ਮਾਰ ਕੇ ਢਹਿ-ਢੇਰੀ ਕਰ ਦਿੱਤਾ ਜੋਕਿ ਕਾਨੂੰਨ ਵਿਵਸਥਾ ਦੀ ਮੂੰਹ ਬੋਲਦੀ ਤਸਵੀਰ ਹੈ।

# ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਧਾਂਦੀਆਂ ਵਿਖੇ ਮੇਰਾ ਘਰ ਮੇਰੇ ਨਾਮ ਯੋਜਨਾ ਤਹਿਤ 80 ਤੋਂ ਵੱਧ ਪਰਿਵਾਰਾਂ ਨੂੰ ਮਿਲੇ ਪ੍ਰਾਪਰਟੀ ਕਾਰਡਾਂ

ਸਨੌਰ, 14 ਅਕਤੂਬਰ ( ਰਾਜਿੰਦਰ ਥਿੰਦ ): ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਬੀਤੇ ਦਿਨੀ ਪਿੰਡ ਧਾਂਦੀਆਂ ਵਿਖੇ ਵਿਸ਼ੇਸ਼ ਤੌਰ @ਤੇ ਪਹੁੰਚ ਕੇ ਪੰਜਾਬ ਸਰਕਾਰ ਦੀ ਅਹਿਮ ਮੁਹਿੰਮ @ਮੇਰਾ ਘਰ ਮੇਰੇ ਨਾਮ@ ਸਕੀਮ ਤਹਿਤ ਯੋਗ 80 ਤੋਂ ਵੱਧ ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਤਕਸੀਮ ਕੀਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਾਲ ਲਕੀਰ ਅੰਦਰ ਆਉਂਦੇ ਘਰਾਂ ਦੇ ਵਸਨੀਕਾਂ ਨੂੰ ਅਸਲ ਮਾਲਕਾਨਾ ਹੱਕ ਪ੍ਰਦਾਨ ਕਰਨ ਦੇ ਮਕਸਦ ਨਾਲ ਇਹ ਕਾਰਡ ਸੌਂਪੇ ਗਏ। ਇਸ ਮੌਕੇ ਉਨ੍ਹਾਂ ਨਾਲ ਨਾਇਬ ਤਹਿਸੀਲਦਾਰ ਕਰਨਵੀਰ ਮਾਨ ਅਤੇ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ ਵਿਸ਼ੇਸ਼ ਤੌਰ ਤੇ ਮੌਜੂਦ ਸਨ. ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਕਿਹਾ ਕਿ ਪਿੰਡਾਂ ਵਿੱਚ ਲੰਮੇ ਸਮੇਂ ਤੋਂ ਲੋਕਾਂ ਕੋਲ ਆਪਣੀਆਂ ਜਾਇਦਾਦਾਂ ਦੇ ਪੱਕੇ ਦਸਤਾਵੇਜ਼ ਨਾ ਹੋਣ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। @ਮੇਰਾ ਘਰ ਮੇਰੇ ਨਾਮ@ ਯੋਜਨਾ ਨਾਲ ਹੁਣ ਹਰ ਪਰਿਵਾਰ ਨੂੰ ਆਪਣੀ ਜ਼ਮੀਨ-ਜਾਇਦਾਦ ਦਾ ਕਾਨੂੰਨੀ ਅਧਿਕਾਰ ਮਿਲ ਰਿਹਾ ਹੈ, ਜਿਸ ਨਾਲ ਉਹ ਬੈਂਕਾਂ ਤੋਂ ਕਰਜ਼ੇ ਲੈਣ ਸਮੇਤ ਹੋਰ ਸਰਕਾਰੀ ਸਹੂਲਤਾਂ ਦਾ ਆਸਾਨੀ ਨਾਲ ਲਾਭ ਉਠਾ ਸਕਣਗੇ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਹਲਕਾ ਸਨੌਰ ਦੇ ਸਮੁੱਚੇ ਪਿੰਡਾਂ ਨੂੰ ਅਜਿਹੀਆਂ ਲੋਕ-ਪੱਖੀ ਸਕੀਮਾਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਹਡਾਣਾ ਨੇ ਪਿੰਡ ਵਾਸੀਆਂ ਦੀਆਂ ਸਥਾਨਕ ਸਮੱਸਿਆਵਾਂ ਵੀ ਸੁਣੀਆਂ ਅਤੇ ਭਰੋਸਾ ਦਿੱਤਾ ਕਿ ਹਲਕੇ ਅੰਦਰ ਵਿਕਾਸ ਕਾਰਜਾਂ ਲਈ ਫ਼ੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡ ਵਾਸੀਆਂ ਅਤੇ ਲਾਭਪਾਤਰੀਆਂ ਵੱਲੋਂ ਮਾਲਕਾਨਾ ਹੱਕ ਦੇਣ ਬਦਲੇ ਪੰਜਾਬ ਸਰਕਾਰ ਅਤੇ ਹਲਕਾ ਇੰਚਾਰਜ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ ਗਿਆ। ਇਸ ਸਮਾਗਮ ਵਿੱਚ ਸਰਪੰਚ ਗੁਰਨਾਮ ਸਿੰਘ, ਦਲਬੀਰ ਸਿੰਘ ਧਾਂਦੀਆਂ, ਨੰਬਰਦਾਰ ਦਲਜੀਤ ਸਿੰਘ, ਨੰਬਰਦਾਰ ਬਲਦੇਵ ਸਿੰਘ, ਅਮ੍ਰਿਤਪਾਲ ਸਿੰਘ, ਬਿੱਕਰ ਸਿੰਘ ਧਾਂਦੀਆਂ, ਦਰਬਾਰਾ ਸਿੰਘ, ਅੰਗਰੇਜ ਸਿੰਘ, ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ @ਤੇ ਮੌਜੂਦ ਸਨ।

• ਲੋਕਾਂ ਨੂੰ ਮਾਲਕਾਨਾ ਹੱਕ ਦਿਵਾਉਣਾ ਅਤੇ ਪਿੰਡਾਂ ਨੂੰ ਖ਼ੁਸ਼ਹਾਲ ਬਣਾਉਣਾ ਮਾਨ ਸਰਕਾਰ ਦੀ ਮੁੱਖ ਤਰਜੀਹ: ਹਡਾਣਾ

# ਪੀ.ਆਰ.ਟੀ.ਸੀ ਦੀ ਬਿਹਤਰੀ ਤੇ ਸਵਾਰੀਆਂ ਲਈ ਵਧੀਆ ਸਫ਼ਰ ਸਹੂਲਤਾਂ ਪ੍ਰਦਾਨ ਕਰਨ ਲਈ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਅਹਿਮ ਮੀਟਿੰਗ

## ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਦਾ ਨਵੀਨੀਕਰਨ, ਡਿਪੂਆਂ, ਵਰਕਸ਼ਾਪਾਂ ਦੀ ਸਾਫ ਸਫ਼ਾਈ ਤੇ ਨਵੀਆਂ ਮਿੰਡੀ ਬੱਸਾਂ ਨੂੰ ਲੋੜੀਂਦੇ ਰੂਟਾਂ 'ਤੇ ਚਲਾਉਣ ਸਬੰਧੀ ਚਰਚਾ

ਪਟਿਆਲਾ, 14 ਅਕਤੂਬਰ(ਰਾਜਿੰਦਰ ਸਿੰਘ ਥਿੰਦ ) ਪੀਆਰਟੀਸੀ ਨੂੰ ਹੋਰ ਮਜ਼ਬੂਤ ਬਣਾਉਣ, ਆਵਾਜਾਈ ਪ੍ਰਬੰਧਾਂ ਵਿੱਚ ਸੁਧਾਰ ਲਿਆਉਣ ਅਤੇ ਸਵਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਪੀਆਰਟੀਸੀ ਦੇ ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਚੀਫ਼ ਅਕਾਊਂਟਸ ਅਫ਼ਸਰ ਰਾਕੇਸ਼ ਸ਼ਰਮਾ, ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ ਅਤੇ ਸਮੂਹ ਜਨਰਲ ਮੈਨੇਜਰਜ਼ ਵੀ ਸ਼ਾਮਿਲ ਸਨ। ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੀਆਰਟੀਸੀ ਦੇ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣ ਅਤੇ ਵਿਭਾਗ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਲਿਆਉਣ ਲਈ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਮੀਟਿੰਗ ਵਿੱਚ ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਦੇ ਨਵੀਨੀਕਰਨ ਨੂੰ ਵਿਸ਼ੇਸ਼ ਤਰਜੀਹ ਦਿੰਦਿਆਂ ਇਸ ਨੂੰ ਸਵਾਰੀਆਂ ਲਈ ਵਧੇਰੇ ਸੁਵਿਧਾਜਨਕ ਬਣਾਉਣ ਸਬੰਧੀ ਵਿਚਾਰ-ਚਰਚਾ ਕੀਤੀ ਗਈ। ਇਸ ਦੇ ਨਾਲ ਹੀ ਪੀਆਰਟੀਸੀ ਦੇ ਸਮੂਹ ਡਿਪੂਆਂ ਅਤੇ ਵਰਕਸ਼ਾਪਾਂ ਵਿੱਚ ਸਾਫ਼-ਸਫ਼ਾਈ ਦੇ ਉੱਚ ਮਿਆਰ ਕਾਇਮ ਰੱਖਣ ਅਤੇ ਸਮੁੱਚੇ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਸਬੰਧੀ ਵੀ ਵਿਚਾਰ ਕੀਤਾ ਗਿਆ । ਇਸ ਮੌਕੇ

ਪੀਆਰਟੀਸੀ ਦੇ ਬੇੜੇ ਵਿੱਚ ਸ਼ਾਮਲ ਹੋ ਰਹੀਆਂ ਨਵੀਆਂ ਪੀਆਰਟੀਸੀ ਜੂਨੀਅਰ ਬੱਸਾਂ ਦੇ ਰੂਟਾਂ ਸਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਜ਼ੋਰ ਦਿੱਤਾ ਕਿ ਇਨ੍ਹਾਂ ਬੱਸਾਂ ਨੂੰ ਲੋਕਾਂ ਦੀ ਆਵਾਜਾਈ ਦੀ ਲੋੜ ਅਨੁਸਾਰ ਅਜਿਹੇ ਰੂਟਾਂ 'ਤੇ ਚਲਾਉਣ ਦੀ ਯੋਜਨਾ ਬਣਾਈ ਜਾਵੇ, ਜਿੱਥੇ ਇਨ੍ਹਾਂ ਦੀ ਵੱਧ ਤੋਂ ਵੱਧ ਵਰਤੋਂ ਹੋ ਸਕੇ ਅਤੇ ਸਵਾਰੀਆਂ ਨੂੰ ਇਸ ਦਾ ਸਿੱਧਾ ਲਾਭ ਮਿਲੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬੱਸਾਂ ਨੂੰ ਹਰੀ ਝੰਡੀ ਦੇਣ ਸਬੰਧੀ ਮੁੱਖ ਮੰਤਰੀ ਨੂੰ ਬੇਨਤੀ ਕੀਤੀ ਗਈ

## ਪਰਵਿੰਦਰ ਝੋਟੇ ਦੇ ਕਤਲ ਨੇ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਖੜ੍ਹੇ ਕੀਤੇ ਗੰਭੀਰ ਸਵਾਲ, ਬੱਸੀ ਪਠਾਣਾਂ 'ਚ ਕਾਂਗਰਸ ਦਾ ਹੱਲਾ-ਬੋਲ

# ਡਾ. ਮਨੋਹਰ ਸਿੰਘ ਦੀ ਅਗਵਾਈ ਹੇਠ ਰੋਸ ਮੁਜ਼ਾਹਰਾ, ਮੁੱਖ ਮੰਤਰੀ ਭਗਵੰਤ ਮਾਨ ਤੋਂ ਅਸਤੀਫ਼ੇ ਦੀ ਮੰਗ;

ਫ਼ਤਹਿਗੜ੍ਹ ਸਾਹਿਬ, 14 ਅਕਤੂਬਰ (ਅਭਿਸ਼ੇਕ ਮਲਹੋਤਰਾ): ਮਾਨਸਾ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਮਾਜ ਸੇਵੀ ਪਰਵਿੰਦਰ ਸਿੰਘ ਝੋਟੇ ਦੇ ਕਤਲ ਅਤੇ ਪੰਜਾਬ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ ਦੇ ਮੁੱਦੇ 'ਤੇ ਕਾਂਗਰਸ ਨੇ ਆਮ ਆਦਮੀ ਪਾਰਟੀ ਸਰਕਾਰ ਵਿਰੁੱਧ ਮੋਰਚਾ ਖੋਲ੍ਹ ਦਿੱਤਾ। ਬੁੱਧਵਾਰ ਸ਼ਾਮ ਹਲਕਾ ਕਾਂਗਰਸ ਵੱਲੋਂ ਡਾ. ਮਨੋਹਰ ਸਿੰਘ ਦੀ ਅਗਵਾਈ ਹੇਠ ਬੱਸ ਸਟੈਂਡ ਨੇੜੇ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਮੋਰਿੰਡਾ-ਫ਼ਤਹਿਗੜ੍ਹ ਸਾਹਿਬ ਮੁੱਖ ਸੜਕ 'ਤੇ ਬੈਠ ਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਪੁਤਲਾ ਫੂਕਦਿਆਂ ਮੁੱਖ ਮੰਤਰੀ ਭਗਵੰਤ ਮਾਨ ਤੋਂ ਅਸਤੀਫ਼ੇ ਦੀ ਮੰਗ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਇੰਟਕ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਅਤੇ ਸੀਨੀਅਰ ਕਾਂਗਰਸੀ ਆਗੂ ਡਾ. ਮਨੋਹਰ ਸਿੰਘ ਨੇ ਦੋਸ਼ ਲਾਇਆ ਕਿ ਪੰਜਾਬ ਵਿੱਚ ਅਪਰਾਧਿਕ ਘਟਨਾਵਾਂ ਦੇ ਵਧਣ ਕਾਰਨ ਲੋਕਾਂ ਅੰਦਰ ਡਰ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਦੋ ਬੱਚਿਆਂ ਦੇ ਪਿਤਾ ਪਰਵਿੰਦਰ ਸਿੰਘ ਝੋਟੇ ਦਾ ਕਤਲ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਦੀ ਸੁਰੱਖਿਆ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਗੈਂਗਲੀਬਾਰੀ ਦੀਆਂ ਵਾਰਦਾਤਾਂ ਨੇ ਆਮ ਲੋਕਾਂ ਦੇ ਨਾਲ ਪੁਲਿਸ ਮੁਲਾਜ਼ਮਾਂ ਦੀ ਸੁਰੱਖਿਆ ਨੂੰ ਵੀ ਚੁਣੌਤੀ ਦਿੱਤੀ ਹੈ। ਡਾ. ਮਨੋਹਰ ਸਿੰਘ ਨੇ ਕਿਹਾ ਕਿ ਬਦਲਾਅ ਦੇ ਵਾਅਦਿਆਂ ਨਾਲ ਸੱਤਾ ਵਿੱਚ ਆਈ ਸਰਕਾਰ ਕਾਨੂੰਨ ਵਿਵਸਥਾ ਕਾਇਮ ਰੱਖਣ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਕਤਲ ਦੀ ਘਟਨਾ ਦੀ ਨਿਰਪੱਖ ਜਾਂਚ ਯਕੀਨੀ ਬਣਾਏ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰੇ। ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਲਈ ਸਮਾਜਿਕ ਸੰਸਥਾਵਾਂ ਅਤੇ ਆਮ ਨਾਗਰਿਕਾਂ ਦੀ ਭੂਮਿਕਾ ਅਹਿਮ ਹੈ। ਪ੍ਰਦਰਸ਼ਨਕਾਰੀਆਂ ਨੇ ਹੱਥ ਖੜ੍ਹੇ ਕਰਕੇ ਮੁੱਖ ਮੰਤਰੀ ਦੇ ਅਸਤੀਫ਼ੇ ਦੀ ਮੰਗ ਨੂੰ ਦੁਹਰਾਇਆ। ਮੁਜ਼ਾਹਰੇ ਵਿੱਚ ਯੂਥ ਕਾਂਗਰਸ ਦੇ ਹਲਕਾ ਪ੍ਰਧਾਨ ਹਰਮਨ ਸਿੰਘ ਸਿੱਧੂ , ਰਮੇਸ਼ ਕੁਮਾਰ ਗੁਪਤਾ, ਕਰਮਜੀਤ ਸਿੰਘ ਢੀਂਡਸਾ, ਜਸਵੀਰ ਸਿੰਘ ਕੱਜਲਮਾਜਰਾ, ਕੁਲਵੀਰ ਸਿੰਘ ਸ਼ੇਰਗੜ੍ਹ ਬਾੜਾ, ਓਮ ਪ੍ਰਕਾਸ਼ ਤਾਂਗੜੀ, ਮਨਜੀਤ ਸਿੰਘ, ਗੁਰਦੀਪ ਸਿੰਘ ਦੀਪਾ, , ਅਵਤਾਰ ਸਿੰਘ ਸੁਹਾਵੀ, ਰਾਜ ਕੁਮਾਰ ਵਾਧਵਾ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਵਰਕਰ ਅਤੇ ਹੋਰ ਲੋਕ ਮੌਜੂਦ ਸਨ।

## ਸ੍ਰੀ ਗੁੱਗਾ ਮੈੜੀ ਪ੍ਰਬੰਧਕ ਕਮੇਟੀ ਮੋਰਿੰਡਾ ਦੀ ਹੋਈ ਚੋਣ, ਰਾਜਵੀਰ ਸਿੰਘ ਰਾਜੂ ਬਣੇ ਪ੍ਰਧਾਨ

ਮੋਰਿੰਡਾ, 14 ਅਕਤੂਬਰ (ਬਲਵੀਰ ਸਿੰਘ ਚਲਾਕੀ ): ਸ੍ਰੀ ਗੁੱਗਾ ਮੈੜੀ ਪ੍ਰਬੰਧਕ ਕਮੇਟੀ (ਰਜਿ.) ਮੋਰਿੰਡਾ ਦੀ ਪੁਰਾਣੀ ਕਮੇਟੀ ਦੀ ਅਹਿਮ ਮੀਟਿੰਗ ਮੁੱਖ ਸੇਵਾਦਾਰ ਚੌਧਰੀ ਸੁਰਮੁੱਖ ਸਿੰਘ ਦੀ ਪ੍ਰਧਾਨਗੀ ਹੇਠ ਗੁੱਗਾ ਮੈੜੀ ਮੰਦਿਰ ਮੋਰਿੰਡਾ ਵਿਖੇ ਹੋਈ। ਮੀਟਿੰਗ ਦੌਰਾਨ ਕਮੇਟੀ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਸ ਵਿੱਚ ਰਾਜਵੀਰ ਸਿੰਘ ਰਾਜੂ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ।
ਮੀਟਿੰਗ ਵਿੱਚ ਹੋਈ ਚੋਣ ਅਨੁਸਾਰ ਰਾਣਾ ਬਲਰਾਮ ਸਿੰਘ ਬੱਲ੍ਹੀ ਨੂੰ ਜਨਰਲ ਸਕੱਤਰ, ਸ਼ਮਸ਼ੇਰ ਸਿੰਘ ਨੂੰ ਖਜ਼ਾਨਚੀ, ਰਾਜੇਸ਼ ਕੁਮਾਰ ਸ਼ੰਮਾਂ ਨੂੰ ਉਪ ਖਜ਼ਾਨਚੀ, ਰਨਵੀਰ ਸਿੰਘ ਨੂੰ ਸਰਪ੍ਰਸਤ, ਭੂਸ਼ਣ ਰਾਣਾ ਨੂੰ ਚੇਅਰਮੈਨ ਅਤੇ ਰਾਜਪ੍ਰੀਤ ਸਿੰਘ ਰਾਜੀ ਨੂੰ ਮੀਡੀਆ ਸਲਾਹਕਾਰ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਸਲਾਹਕਾਰ ਨੇਤਰ ਸਿੰਘ ਤੋਂ ਇਲਾਵਾ ਪ੍ਰਤਾਪ ਸਿੰਘ, ਅਨਿਕੇਤ ਭਾਟੀਆ, ਕਮਲ ਕਿਸ਼ੋਰ, ਹਰਕੇਸ਼ ਰਾਣਾ, ਭੁਪਿੰਦਰ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

## ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਏ ਸਰਕਾਰ: ਜਥੇਬੰਦੀ ਆਗੂ

ਜਗਰਾਉਂ, 14 ਅਕਤੂਬਰ (ਜਗਦੀਪ ਸਿੰਘ) - ਪਰਮਿੰਦਰ ਸਿੰਘ ਝੋਟੇ ਦੇ ਕਤਲ ਖ਼ਿਲਾਫ਼ ਪੰਜਾਬ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਅਤੇ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨ ਲਈ ਪੇਂਡੂ ਮਜ਼ਦੂਰ ਯੂਨੀਅਨ ਅਤੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਜਗਰਾਉਂ, ਰਾਣੀ ਵਾਲਾ ਖੂਹ, ਡਾਂਗੀਆਂ ਅਤੇ ਸਿੱਧਵਾਂ ਕਲਾਂ ਸਮੇਤ ਵੱਖ-ਵੱਖ ਥਾਵਾਂ 'ਤੇ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਅਵਤਾਰ ਸਿੰਘ ਰਸੂਲਪੁਰ, ਸੁਖਦੇਵ ਸਿੰਘ ਮਾਣੂੰਕੇ, ਕੁਲਵੰਤ ਸਿੰਘ ਸੋਨੀ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਬਲਵਿੰਦਰ ਸਿੰਘ ਕੋਠੇਪੋਨਾ ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਘਟਨਾ ਨੇ ਪੰਜਾਬ ਦੇ ਲੋਕਾਂ ਵਿੱਚ ਡੂੰਘਾ ਦੁੱਖ ਅਤੇ ਰੋਸ ਪੈਦਾ ਕੀਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਧਮਕੀਆਂ ਮਿਲਣ ਅਤੇ ਉਨ੍ਹਾਂ 'ਤੇ ਹਮਲਿਆਂ ਦੀਆਂ ਘਟਨਾਵਾਂ ਗੰਭੀਰ ਚਿੰਤਾ ਦਾ ਵਿਸ਼ਾ ਹਨ। ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਜੇਕਰ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਗੰਭੀਰ ਹੈ ਤਾਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਿਆਂ ਦੇ ਮੁੱਦੇ ਨੂੰ ਉਭਾਰਨ ਵਾਲੇ ਲੋਕਾਂ ਨੂੰ ਹੀ ਕਾਨੂੰਨੀ ਅਤੇ ਸਮਾਜਿਕ ਦਬਾਅ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਗੂਆਂ ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੇ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਉਨ੍ਹਾਂ ਨਸ਼ਿਆਂ ਦੇ ਕਾਰੋਬਾਰ ਨੂੰ ਰੋਕਣ ਲਈ ਪੁਲਿਸ ਪ੍ਰਸ਼ਾਸਨ ਦੀ ਜਵਾਬਦੇਹੀ ਤੈਅ ਕਰਨ ਅਤੇ ਨਸ਼ਾ ਤਸਕਰੀ ਨਾਲ ਜੁੜੇ ਲੋਕਾਂ ਵਿਰੁੱਧ ਬਿਨਾਂ ਕਿਸੇ ਸਿਆਸੀ ਦਬਾਅ ਦੇ ਕਾਰਵਾਈ ਕਰਨ ਦੀ ਮੰਗ ਕੀਤੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸੂਬੇ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਇਕਜੁੱਟ ਹੋ ਕੇ ਸੰਘਰਸ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਚਿੱਟੇ ਅਤੇ ਮੈਡੀਕਲ ਨਸ਼ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਵਿਰੁੱਧ ਲੋਕ ਲਹਿਰ ਖੜ੍ਹੀ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸ ਦੇ ਨਾਲ ਹੀ ਉਨ੍ਹਾਂ ਲੋਕਾਂ ਨੂੰ ਪੰਜਾਬ ਬੰਦ ਦੇ ਸੱਦੇ ਨੂੰ ਕਾਮਯਾਬ ਬਣਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਧਾਨ ਗੁਰਿੰਦਰਜੀਤ ਸਿੰਘ, ਨਿਰਮਲ ਸਿੰਘ, ਤਰਸੇਮ ਸਿੰਘ, ਪਿੰਦੀ, ਗੁਰੀ, ਗੋਲਡੀ, ਬਲਜੀਤ ਸਿੰਘ, ਸੋਨੀ, ਛਿੰਦਾ, ਰਾਣਾ, ਤਰਸੇਮ ਸਿੰਘ ਅਤੇ ਜਸਵੀਰ ਕੌਰ ਸਮੇਤ ਹੋਰ ਲੋਕ ਵੀ ਹਾਜ਼ਰ ਸਨ।

## ਨਗਰ ਕੌਂਸਲ ਸ੍ਰੀ ਮਾਛੀਵਾੜਾ ਸਾਹਿਬ ਵਲੋਂ ਸ਼ਹਿਰ ਵਿੱਚੋ ਨਜਾਇਜ਼ ਝੁਗੀਆਂ ਹਟਾਉਣ ਦੀ ਐਸ ਸੀ ਸੈੱਲ ਚੇਅਰਮੈਨ ਧਰਮਵੀਰ ਧੰਮੀ ਵਲੋਂ ਸ਼ਲਾਘਾ !

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ -ਸਥਾਨਕ ਸ਼ਹਿਰ ਦੀ ਪੁਰਾਣੀ ਸਬਜ਼ੀ ਮੰਡੀ ਨੇੜੇ ਗੁਰੂਦਵਾਰਾ ਮੰਦਿਰ ਸ੍ਰੀ ਰਵਿਦਾਸ ਮਹਾਰਾਜ ਜੀ ਕੋਲ ਪਿੱਛਲੇ ਲੰਬੇ ਸਮੇਂ ਤੋਂ ਪ੍ਰਵਾਸੀਆਂ ਵਲੋਂ ਵੱਡੀ ਗਿਣਤੀ ਵਿੱਚ ਨਜਾਇਜ਼ ਝੁਗੀਆਂ ਬਣਾ ਕੇ ਰਹਿ ਰਹੇ ਸਨ ਉਨ੍ਹਾਂ ਵਲੋਂ ਬਹੁਤ ਗੰਦਗੀ ਫੈਲਾਈ ਜਾ ਰਹੀ ਸੀ ਜਿਸ ਤੋਂ ਗੁਰੂ ਘਰ ਆਉਣ ਵਾਲੇ ਸ਼ਰਧਾਲੂਆਂ ਤੇ ਮੁਹੱਲਾ ਵਾਸੀ ਬਹੁਤ ਪ੍ਰੇਸ਼ਾਨ ਸਨ ਇਸ ਸਬੰਧੀ ਮੁਹੱਲਾ ਵਾਸੀਆਂ ਵਲੋਂ ਅਤੇ ਗੁਰੂਦਵਾਰਾ ਮੰਦਿਰ ਰਵਿਦਾਸ ਜੀ ਮਹਾਰਾਜ ਪ੍ਰਬੰਧਕ ਕਮੇਟੀ ਵਲੋਂ ਨਗਰ ਕੌਂਸਲ ਕੋਲ ਸ਼ਿਕਾਇਤ ਦਰਜ਼ ਕਰਵਾਈ ਗਈ ਜਿਸ ਤੇ ਮੋਹਿਤ ਕੁੰਦਰਾ ਪ੍ਰਧਾਨ ਨਗਰ ਕੌਂਸਲ ਵਲੋਂ ਐਕਸ਼ਨ ਲੈਂਦਿਆਂ ਇਨ੍ਹਾਂ ਝੁਗੀਆਂ ਤੇ ਪੀਲਾ ਪੰਜਾਂ ਚਲਾ ਕੇ ਮੁਹੱਲਾ ਵਾਸੀਆਂ ਨੂੰ ਵੱਡੀ ਰਾਹਤ ਦਿੱਤੀ ਜਿਸ ਦੀ ਚੇਅਰਮੈਨ ਐਸ ਸੀ ਸੈੱਲ ਧਰਮਵੀਰ ਧੰਮੀ ਤੇ ਪ੍ਰਧਾਨ ਸੁਖਦੇਵ ਸਿੰਘ ਬਿੱਟੂ ਭਰਪੂਰ ਸ਼ਲਾਘਾ ਕੀਤੀ ਇਸ ਲਈ ਉਨ੍ਹਾਂ ਪ੍ਰਧਾਨ ਮੋਹਿਤ ਕੁੰਦਰਾ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ !

## ਪਰਮਿੰਦਰ ਸਿੰਘ ਝੋਟਾ ਨੂੰ ਇਨਸਾਫ ਦਿਵਾਓਣ ਲਈ ਮੂਨਕ/ਲਹਿਰਾ ਵਿੱਚ ਕੀਤੀ ਗਈ ਲਾਮਬੰਦੀ।

ਮੂਨਕ/ਲਹਿਰਾ14 ਅਕਤੂਬਰ (ਪ੍ਰਤਾਪ ਸਿੰਘ ਖੁਰਾਣਾ/ਮਨਪ੍ਰੀਤ ਕੌਰ ਸੈਣੀ) ਮਾਨਸਾ ਵਿਖੇ ਨਸ਼ਾ ਵਿਰੋਧੀ ਕਾਰਕੁਨ ਪਰਮਿੰਦਰ ਸਿੰਘ ਝੋਟਾ ਦੇ ਨਸ਼ਾ ਤਸਕਰਾਂ ਵੱਲੋਂ ਪੰਜਾਬ ਸਰਕਾਰ ਦੀ ਸ਼ਹਿ ਉੱਪਰ ਕੀਤੇ ਗਏ ਬੇਰਹਿਮੀ ਨਾਲ ਕਤਲ ਦੇ ਵਿਰੋਧ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ 15 ਅਕਤੂਬਰ ਨੂੰ @ਪੰਜਾਬ ਬੰਦ@ ਦਾ ਸੱਦਾ ਦਿੱਤਾ ਗਿਆ ਹੈ।ਇਸ ਸੱਦੇ ਨੂੰ ਸਫ਼ਲ ਬਣਾਉਣ ਲਈ ਅੱਜ ਕਿਰਤੀ ਕਿਸਾਨ ਯੂਨੀਅਨ, ਨੌਜਵਾਨ ਭਾਰਤ ਸਭਾ ਅਤੇ ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂਆਂ ਤੇ ਸਾਥੀਆਂ ਵੱਲੋਂ ਲਹਿਰਾ, ਰਾਮਪੁਰਾ ਜਵਾਹਰਵਾਲਾ, ਲਹਿਲ ਕਲਾਂ, ਭੁਟਾਲ ਕਲਾਂ, ਭੁਟਾਲ ਖੁਰਦ ਅਤੇ ਦੇਹਲਾਂ ਸੀਹਾਂ ਵਿੱਚੋਂ ਹੁੰਦੇ ਹੋਏ ਮੂਨਕ ਸ਼ਹਿਰ ਵਿੱਚ ਲਾਊਡਸਪੀਕਰ ਰਾਹੀਂ ਲਗਾਤਾਰ ਅਨਾਊਂਸਮੈਂਟ (ਹੋਕੇ) ਕਰਕੇ ਜ਼ੋਰਦਾਰ ਪ੍ਰਚਾਰ ਕੀਤਾ ਗਿਆ।ਜਥੇਬੰਦੀਆਂ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸੂਬੇ ਵਿੱਚ ਨਸ਼ਾ ਤਸਕਰਾਂ ਨੂੰ ਸਰਕਾਰ ਦੀ ਪੂਰੀ ਪੁਸ਼ਤਪਨਾਹੀ ਹਾਸਲ ਹੈ, ਜਿਸ ਕਾਰਨ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲਿਆਂ ਦਾ ਦਿਨ-ਦਿਹਾੜੇ ਕਤਲ ਕੀਤਾ ਜਾ ਰਿਹਾ ਹੈ। ਇਨਸਾਫ਼ ਪਸੰਦ ਜਥੇਬੰਦੀਆਂ ਨੇ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਸੀ.ਬੀ.ਆਈ. ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।ਸਮੂਹ ਜਥੇਬੰਦੀਆਂ ਵੱਲੋਂ ਲਹਿਰਾ ਮੂਨਕ ਇਲਾਕੇ ਦੇ ਸਮੂਹ ਦੁਕਾਨਦਾਰਾਂ, ਵਪਾਰੀਆਂ, ਕਾਰੋਬਾਰੀਆਂ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਉਹ 15 ਅਕਤੂਬਰ ਨੂੰ ਆਪਣੇ ਕਾਰੋਬਾਰ ਅਤੇ ਵਾਹਨ ਮੁਕੰਮਲ ਤੌਰ @ਤੇ ਬੰਦ ਰੱਖ ਕੇ ਇਸ ਇਨਸਾਫ਼ ਦੀ ਲੜਾਈ ਵਿੱਚ ਸਾਥ ਦੇਣ। ਬੰਦ ਦੌਰਾਨ ਮੈਡੀਕਲ ਅਤੇ ਐਮਰਜੈਂਸੀ ਸੇਵਾਵਾਂ ਨੂੰ ਛੋਟ ਰਹੇਗੀ।

## ਗਲੋਬਲ ਡਿਸਕਵਰੀ ਸਕੂਲ ਦੇ ਉਪ ਚੇਅਰਮੈਨ ਅਮਿਤ ਸਰਾਫ਼ ਦੀ ਮੌਜੂਦਗੀ ਵਿੱਚ ਭੂੰਦੜ ਵਿਖੇ ਕਬੱਡੀ ਦੇ ਮਹਾਂਕੁੰਭ ਦਾ ਆਯੋਜਨ

ਰਾਮਪੁਰਾ ਫੂਲ, 14 ਅਕਤੂਬਰ (ਕੁਲਜੀਤ ਸਿੰਘ ਢੀਂਗੜਾ/ਸੁਰੇਸ਼ ਗਰਗ): ਪਿੰਡ ਭੂੰਦੜ ਵਿੱਚ ਜਿੰਮ ਕਮੇਟੀ ਗ੍ਰਾਮ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਾਂਝੇ ਸਹਿਯੋਗ ਨਾਲ ਤੀਜੇ ਸ਼ਾਨਦਾਰ ਕਬੱਡੀ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਖੇਡ ਮਹਾਕੁੰਭ ਵਿੱਚ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੇ ਵਾਇਸ ਚੇਅਰਮੈਨ ਅਮਿਤ ਸ਼ਰਾਫ਼ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਖੇਡ ਪ੍ਰੇਮੀਆਂ ਅਤੇ ਇਲਾਕਾ ਨਿਵਾਸੀਆਂ ਨੇ ਤਾਲੀਆਂ ਅਤੇ ਨਾਅਰਿਆਂ ਨਾਲ ਖਿਡਾਰੀਆਂ ਦਾ ਉਤਸ਼ਾਹ ਵਧਾਇਆ 38, 60 ਅਤੇ 75 ਕਿਲੋਗ੍ਰਾਮ ਭਾਰ ਵਰਗਾਂ ਵਿੱਚ ਖਿਡਾਰੀਆਂ ਨੇ ਸ਼ਾਨਦਾਰ ਖੇਡ ਕਲਾਫ਼ੁਰਤੀ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਇਹ ਆਯੋਜਨ ਆਪਸੀ ਭਾਈਚਾਰੇ ਅਤੇ ਸਮਾਜਿਕ ਸਹਿਯੋਗ ਦਾ ਪ੍ਰਤੀਕ ਬਣਿਆ। ਅੰਤ ਵਿੱਚ ਪ੍ਰਬੰਧਕਾਂ ਨੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਸਕੂਲ ਦੇ ਵਾਈਸ ਚੇਅਰਮੈਨ ਅਮਿਤ ਸਰਫ਼ ਨੇ ਕਬੱਡੀ ਟੂਰਨਾਮੈਂਟ ਦੌਰਾਨ ਕਿਹਾ ਕਿ ਕਬੱਡੀ ਪੰਜਾਬ ਦੀ ਸ਼ਾਨ ਅਤੇ ਸਾਡੀ ਅਮੀਰ ਵਿਰਾਸਤ ਦਾ ਪ੍ਰਤੀਕ ਹੈ।ਉਨ੍ਹਾਂ ਨੇ ਗੌਰਵ ਮਹਿਸੂਸ ਕਰਦਿਆਂ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀਆਂ ਨੇ 70ਵੀਂ ਸਕੂਲ ਰਾਜ ਪੱਧਰੀ ਖੇਡ ਪ੍ਰਤੀਯੋਗਤਾਵਾਂ ਵਿੱਚ ਜ਼ੋਨਲ ਪੱਧਰ @ਤੇ 354 ਅਤੇ ਜ਼ਿਲ੍ਹਾ ਪੱਧਰ @ਤੇ 130 ਮੈਡਲ ਜਿੱਤੇ ਹਨ। ਇਹਨਾਂ ਵਿੱਚੋਂ ਹੀ34 ਵਿਦਿਆਰਥੀਆਂ ਦੀ ਚੋਣ ਰਾਜ ਪੱਧਰੀ ਪ੍ਰਤੀਯੋਗਤਾਵਾਂ ਲਈ ਹੋਈ ਹੈ। ਉਨ੍ਹਾਂ ਨੇ ਖਿਡਾਰੀਆਂ ਨੂੰ ਮਿਹਨਤ ਅਤੇ ਖੇਡ ਭਾਵਨਾ ਨਾਲ ਅੱਗੇ ਵਧ ਕੇ ਆਪਣੇ ਮਾਤਾ- ਪਿਤਾ ਪਿੰਡ ਅਤੇ ਦੇਸ਼ ਦਾ ਨਾਂ ਰੋਸ਼